3-SEP-PAGE-1.qxd 9/2/2024 10:05 PM Page 1

ਮੰਗਲਵਾਰ, 3 ਸਤੰਬਰ, 2024
19 ਭਾਦੋਂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 92

ਨਵਾਂ ਜ਼ਮਾਨਾ

DAILY NAWAN ZAMANA • TUESDAY, 3 SEPTEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਜਸਦੀਪ ਸਿੰਘ ਗਿੱਲ ਡੇਰਾ ਬਿਆਸ ਦੇ ਨਵੇਂ ਮੁਖੀ

ਰਈਆ : ਬਿਆਸ ਸਥਿਤ ਡੇਰਾ ਰਾਧਾ ਸੁਆਮੀ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ ਨੇ ਜਸਦੀਪ ਸਿੰਘ ਗਿੱਲ ਨੂੰ ਆਪਣਾ ਵਾਰਿਸ ਨਿਯੁਕਤ ਕੀਤਾ ਹੈ। ਉਨ੍ਹਾਂ ਨੂੰ ਗੁਰੂ ਦਾ ਨਾਮ ਦੇਣ ਦਾ ਵੀ ਹੱਕ ਹੋਵੇਗਾ। 45 ਸਾਲਾ ਗਿੱਲ ਕੈਂਬਰਿਜ ਤੋਂ ਕੈਮੀਕਲ ਇੰਜੀਨੀਅਰਿੰਗ 'ਚ ਡਾਕਟਰੇਟ ਅਤੇ ਭਾਰਤੀ ਤਕਨਾਲੋਜੀ ਸੰਸਥਾ (ਆਈ ਆਈ ਟੀ) ਦਿੱਲੀ ਦੇ ਸਾਬਕਾ ਵਿਦਿਆਰਥੀ ਹਨ।

ਆਪ ਵਿਧਾਇਕ ਗ੍ਰਿਫ਼ਤਾਰ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਦੇ ਵਿਧਾਇਕ ਅਮਾਨਤੁੱਲ੍ਹਾ ਖਾਨ ਨੂੰ ਸੋਮਵਾਰ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਓਖਲਾ ਸਥਿਤ ਉਨ੍ਹਾਂ ਦੇ ਘਰ ਤੋਂ ਗ੍ਰਿਫ਼ਤਾਰ ਕਰ ਲਿਆ। ਇਹ ਗ੍ਰਿਫ਼ਤਾਰੀ ਵਿਧਾਇਕ ਖਿਲਾਫ ਮਨੀ ਲਾਂਡਰਿੰਗ ਦੀ ਜਾਂਚ ਅਤੇ ਕੁਝ ਹੋਰ ਮਾਮਲਿਆਂ ਦੇ ਸੰਬੰਧ 'ਚ ਕੀਤੀ ਗਈ ਹੈ। ਇਸ ਤੋਂ ਪਹਿਲਾਂ ਵਿਧਾਇਕ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਦਾਅਵਾ ਕੀਤਾ ਸੀ ਕਿ ਉਹ ਈ ਡੀ ਦੇ ਹਰੇਕ ਨੋਟਿਸ ਦਾ ਜਵਾਬ ਦਿੰਦੇ ਆ ਰਹੇ ਹਨ, ਪਰ ਇਸ ਸਭ ਦੇ ਬਾਵਜੂਦ ਈ ਡੀ ਦੀ ਟੀਮ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਉਨ੍ਹਾਂ ਦੇ ਘਰ ਪੁੱਜੀ ਹੈ।

ਵਿਜੇ ਨਾਇਰ ਦੀ ਜ਼ਮਾਨਤ ਹੋ ਗਈ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਕਥਿਤ ਦਿੱਲੀ ਆਬਕਾਰੀ ਨੀਤੀ ਘੁਟਾਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਆਮ ਆਦਮੀ ਪਾਰਟੀ ਦੇ ਸਾਬਕਾ ਸੰਚਾਰ ਇੰਚਾਰਜ ਵਿਜੈ ਨਾਇਰ ਨੂੰ ਸੋਮਵਾਰ ਜ਼ਮਾਨਤ ਦੇ ਦਿੱਤੀ ਅਤੇ ਕਿਹਾ ਕਿ ਆਜ਼ਾਦੀ ਪਵਿੱਤਰ ਹੁੰਦੀ ਹੈ। 'ਜ਼ਮਾਨਤ ਨਿਯਮ ਹੈ, ਜੇਲ੍ਹ ਅਪਵਾਦ ਹੈ' ਦੇ ਕਾਨੂੰਨੀ ਸਿਧਾਂਤ ਨੂੰ ਮੰਨਦੇ ਹੋਏ ਕੋਰਟ ਨੇ ਕਿਹਾ ਕਿ ਮੁਕੱਦਮੇ ਤੋਂ ਪਹਿਲਾਂ ਜੇਲ੍ਹ 'ਚ ਬੰਦ ਕਰਨਾ ਸਜ਼ਾ ਨਹੀਂ ਹੋ ਸਕਦੀ। ਜਸਟਿਸ ਰਿਸ਼ੀਕੇਸ਼ ਰਾਏ ਅਤੇ ਜਸਟਿਸ ਐੱਸ ਵੀ ਐੱਨ ਭੱਟੀ ਦੀ ਬੈਂਚ ਨੇ ਕਿਹਾ ਕਿ ਨਾਇਰ ਮਨੀ ਲਾਂਡਰਿੰਗ ਮਾਮਲੇ 'ਚ 22 ਮਹੀਨਿਆਂ ਤੋਂ ਜੇਲ੍ਹ 'ਚ ਹੈ, ਜਿਸ 'ਚ ਜ਼ਿਆਦਾਤਰ ਸਜ਼ਾ ਸੱਤ ਸਾਲ ਦੀ ਹੈ। ਬੈਂਚ ਨੇ 12 ਅਗਸਤ ਨੂੰ ਨਾਇਰ ਦੀ ਜ਼ਮਾਨਤ ਅਰਜ਼ੀ 'ਤੇ ਈ ਡੀ ਕੋਲੋਂ ਜਵਾਬ ਮੰਗਿਆ ਸੀ। ਏਜੰਸੀ ਨੇ 13 ਨਵੰਬਰ 2022 ਨੂੰ ਨਾਇਰ ਨੂੰ ਗ੍ਰਿਫ਼ਤਾਰ ਕੀਤਾ ਸੀ।

ਕੇਜਰੀਵਾਲ ਦੇ ਪੀ ਏ ਦੀ ਜ਼ਮਾਨਤ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨਾਲ ਕੁੱਟਮਾਰ ਕਰਨ ਦੇ ਮਾਮਲੇ 'ਚ ਸੁਪਰੀਮ ਕੋਰਟ ਨੇ ਸੋਮਵਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਸਹਿਯੋਗੀ ਬਿਭਵ ਕੁਮਾਰ ਨੂੰ ਜ਼ਮਾਨਤ ਦੇ ਦਿੱਤੀ। ਇਸ ਦੇ ਨਾਲ ਹੀ ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਉੱਜਲ ਭੂਈਆਂ ਦੀ ਬੈਂਚ ਨੇ ਨਿਰਦੇਸ਼ ਦਿੱਤਾ ਕਿ ਬਿਭਵ ਕੁਮਾਰ ਨੂੰ ਨਿੱਜੀ ਸਹਾਇਕ ਦੇ ਰੂਪ 'ਚ ਬਹਾਲ ਨਾ ਕੀਤਾ ਜਾਵੇ ਤੇ ਨਾ ਹੀ ਉਸ ਨੂੰ ਮੁੱਖ ਮੰਤਰੀ ਦਫਤਰ 'ਚ ਕੋਈ ਅਧਿਕਾਰਤ ਕਾਰਜਭਾਰ ਸੌਂਪਿਆ ਜਾਵੇ। ਸੁਪਰੀਮ ਕੋਰਟ ਨੇ ਨਿਰਦੇਸ਼ ਦਿੱਤਾ ਕਿ ਜਦੋਂ ਤੱਕ ਸਾਰੇ ਗਵਾਹਾਂ ਕੋਲੋਂ ਪੁੱਛ-ਪੜਤਾਲ ਨਹੀਂ ਹ�ो ਜਾਂਦੀ, ਉਦੋਂ ਤੱਕ ਬਿਭਵ ਕੁਮਾਰ ਮੁੱਖ ਮੰਤਰੀ ਦੀ ਰਿਹਾਇਸ਼ ਵਿਖੇ ਨਹੀਂ ਜਾਣਗੇ।

ਮੇਰੇ ਨਾਲ ਬੇਇਨਸਾਫੀ : ਕੰਗਣਾ

ਨਵੀਂ ਦਿੱਲੀ : ਆਪਣੀ ਫਿਲਮ 'ਐਮਰਜੈਂਸੀ' ਨੂੰ ਕੇਂਦਰੀ ਫਿਲਮ ਸਰਟੀਫਿਕੇਸ਼ਨ ਬੋਰਡ ਤੋਂ ਪ੍ਰਮਾਣ ਪੱਤਰ ਨਾ ਮਿਲਣ ਅਤੇ 6 ਸਤੰਬਰ ਨੂੰ ਪ੍ਰਸਤਾਵਤ ਇਸ ਦਾ ਪ੍ਰਦਰਸ਼ਨ ਅੱਧ-ਵਿਚਾਲੇ ਅਦਾਕਾਰਾ ਕੰਗਣਾ ਰਣੌਤ ਨੇ ਸੋਮਵਾਰ ਕਿਹਾ ਕਿ ਇਹ ਬਹੁਤ ਹੀ ਅਫਸੋਸਨਾਕ ਅਤੇ ਅਨਿਆਂਪੂਰਨ ਹੈ ਕਿ ਸੈਂਸਰਸ਼ਿਪ ਸਿਰਫ ਉਸ ਦੀ ਫਿਲਮ ਵਾਸਤੇ ਹੈ। ਸਿਰਫ ਇਤਿਹਾਸਕ ਤੱਥਾਂ 'ਤੇ ਫਿਲਮ ਬਣਾਉਣ ਵਾਲਿਆਂ 'ਤੇ ਸੈਂਸਰਸ਼ਿਪ ਹੈ, ਪਰ ਹਿੰਸਾ ਤੇ ਨੰਗੇਜ਼ ਦਿਖਾਇਆ ਜਾ ਸਕਦਾ ਹੈ।

ਏ ਪੀ ਢਿੱਲੋਂ ਦੇ ਘਰ 'ਤੇ ਫਾਇਰਿੰਗ

ਚੰਡੀਗੜ੍ਹ : ਕੈਨੇਡਾ ਦੇ ਵਿਕਟੋਰੀਆ ਆਈਲੈਂਡ ਵਿਚ ਪੰਜਾਬੀ ਗਾਇਕ ਏ ਪੀ ਢਿੱਲੋਂ ਦੇ ਘਰ ਦੇ ਬਾਹਰ ਗੋਲੀਆਂ ਚਲਾਈਆਂ ਗਈਆਂ, ਜਿਸ ਦੀ ਜ਼ਿੰਮੇਵਾਰੀ ਲਾਰੈਂਸ ਬਿਸ਼ਨੋਈ-ਰੋਹਿਤ ਗੋਦਾਰਾ ਗੈਂਗ ਨੇ ਲੈਂਦਿਆਂ ਢਿੱਲੋਂ ਨੂੰ ਸਲਮਾਨ ਖਾਨ ਨਾਲ ਨੇੜਤਾ ਰੱਖਣ ਖਿਲਾਫ ਚਿਤਾਵਨੀ ਦਿੱਤੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਪਹਿਲੀ ਸਤੰਬਰ ਦੀ ਰਾਤ ਵਿਕਟੋਰੀਆ ਆਈਲੈਂਡ ਤੇ ਟੋਰਾਂਟੋ ਦੇ ਵੁੱਡਬ੍ਰਿਜ 'ਤੇ ਗੋਲੀਆਂ ਚਲਾਉਣ ਦੀਆਂ ਘਟਨਾਵਾਂ ਹੋਈਆਂ। ਗੋਦਾਰਾ ਨੇ ਕਿਹਾ ਕਿ ਢਿੱਲੋਂ ਨੇ ਵੀਡੀਓ ਵਿਚ ਸਲਮਾਨ ਨੂੰ ਦਿਖਾਉਣ 'ਤੇ ਹੀ ਢਿੱਲੋਂ ਦੇ ਘਰ ਦੇ ਬਾਹਰ ਗੋਲੀਆਂ ਚਲਾਈਆਂ।

ਸ਼ੰਭੂ ਦਾ ਰੇੜਕਾ ਹੱਲ ਕਰਨ ਦੀ ਜ਼ਿੰਮੇਵਾਰੀ ਨਾਮੀ ਮਾਹਰਾਂ ਹਵਾਲੇ

ਸੁਪਰੀਮ ਕੋਰਟ ਵੱਲੋਂ ਹਾਈ ਕੋਰਟ ਦੇ ਸਾਬਕਾ ਜੱਜ ਨਵਾਬ ਸਿੰਘ ਦੀ ਪ੍ਰਧਾਨਗੀ 'ਚ ਉੱਚ ਪੱਧਰੀ ਕਮੇਟੀ ਕਾਇਮ, ਕਿਸਾਨਾਂ ਨੂੰ ਸਿਆਸਤ ਤੋਂ ਦੂਰ ਰਹਿਣ ਦੀ ਸਲਾਹ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਸ਼ੰਭੂ ਬਾਰਡਰ 'ਤੇ ਬੈਠੇ ਪ੍ਰਦਰਸ਼ਨਕਾਰੀ ਕਿਸਾਨਾਂ ਦੀਆਂ ਮੰਗਾਂ ਤੇ ਮਸਲਿਆਂ ਦੇ ਦੋਸਤਾਨਾ ਢੰਗ ਨਾਲ ਹੱਲ ਲਈ ਸੋਮਵਾਰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਨਵਾਬ ਸਿੰਘ ਦੀ ਪ੍ਰਧਾਨਗੀ ਹੇਠ ਇਕ ਕਮੇਟੀ ਗਠਿਤ ਕਰ ਦਿੱਤੀ। ਜਸਟਿਸ ਸੂਰੀਆ ਕਾਂਤ ਤੇ ਜਸਟਿਸ ਉੱਜਲ ਭੂਈਆਂ ਨੇ ਕਮੇਟੀ ਨੂੰ ਇਕ ਹਫਤੇ ਦੇ ਅੰਦਰ ਪਹਿਲੀ ਮੀਟਿੰਗ ਕਰਨ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਮੁੱਦਿਆਂ ਦਾ ਸਿਆਸੀਕਰਨ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਕਮੇਟੀ ਵੱਲੋਂ ਇਨ੍ਹਾਂ ਮਸਲਿਆਂ ਨੂੰ ਪੜਾਅਵਾਰ ਵਿਚਾਰਿਆ ਜਾਣਾ ਚਾਹੀਦਾ ਹੈ। ਅਦਾਲਤ ਨੇ ਕਿਹਾ ਕਿ ਕਿਸਾਨਾਂ ਨੂੰ ਆਪਣਾ ਸ਼ਾਂਤਮਈ ਪ੍ਰਦਰਸ਼ਨ ਕਿਸੇ ਹੋਰ ਥਾਂ ਤਬਦੀਲ ਕਰਨ ਦੀ ਆਜ਼ਾਦੀ ਹੋਵੇਗੀ। ਅਦਾਲਤ ਵੱਲੋਂ ਹਰਿਆਣਾ ਸਰਕਾਰ ਦੀ ਹਾਈ ਕੋਰਟ ਦੇ ਹੁਕਮਾਂ ਨੂੰ ਚੁਣੌਤੀ ਦਿੰਦੀ ਅਰਜ਼ੀ 'ਤੇ ਸੁਣਵਾਈ ਕੀਤੀ ਜਾ ਰਹੀ ਸੀ। ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਇਕ ਹਫਤੇ ਦੇ ਅੰਦਰ ਸ਼ੰਭੂ ਬਾਰਡਰ 'ਤੇ ਅੰਬਾਲਾ ਨੇੜੇ ਲਾਏ ਬੈਰੀਕੇਡ ਹਟਾਉਣ ਦੇ ਹੁਕਮ ਦਿੱਤੇ ਸਨ। ਕਮੇਟੀ ਦੇ ਹੋਰਨਾਂ ਮੈਂਬਰਾਂ ਵਿਚ ਹਰਿਆਣਾ ਦੇ ਸਾਬਕਾ ਡੀ ਜੀ ਪੀ ਸ੍ਰੀ ਪੀ ਐੱਸ ਸੰਧੂ, ਉੱਘੇ ਖੇਤੀ ਮਾਹਰ ਦਵਿੰਦਰ ਸ਼ਰਮਾ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਪ੍ਰੋਫੈਸਰ ਆਫ ਐਮੀਨੈਂਸ ਰਣਜੀਤ ਸਿੰਘ ਘੁੰਮਣ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਤੀ ਅਰਥ ਸ਼ਾਸਤਰੀ ਡਾ. ਸੁਖਪਾਲ ਸਿੰਘ ਸ਼ਾਮਲ ਕੀਤੇ ਗਏ ਹਨ। ਫਾਜ਼ਲ ਜੱਜਾਂ ਨੇ ਚੌਧਰੀ ਚਰਨ ਸਿੰਘ ਖੇਤੀਬਾੜੀ ਯੂਨੀਵਰਸਿਟੀ ਹਿਸਾਰ ਦੇ ਵਾਈਸ ਚਾਂਸਲਰ ਪ੍ਰੋਫੈਸਰ ਬਲਦੇਵ ਰਾਜ ਕੰਬੋਜ ਨੂੰ ਉੱਘਾ ਖੇਤੀ ਵਿਗਿਆਨੀ ਦੱਸਦਿਆਂ ਕਿਹਾ ਕਿ ਕਮੇਟੀ ਲੋੜ ਪੈਣ 'ਤੇ ਉਨ੍ਹਾਂ ਦੀ ਸਲਾਹ ਲੈ ਸਕਦੀ ਹੈ। ਕਮੇਟੀ ਨੂੰ ਆਪਣੀ ਅੰਤਰਮ ਰਿਪੋਰਟ ਅਗਲੀ ਸੁਣਵਾਈ ਤੱਕ ਦੇਣ ਲਈ ਕਿਹਾ ਗਿਆ ਹੈ।

ਇਹ ਕਮੇਟੀ ਸ਼ੰਭੂ ਕੋਲ ਕੌਮੀ ਸ਼ਾਹਰਾਹ ਨੂੰ ਖੁਲ੍ਹਵਾਉਣ ਲਈ ਪੰਜਾਬ ਤੇ ਹਰਿਆਣਾ ਵੱਲੋਂ ਸੁਝਾਏ ਨਾਵਾਂ ਵਿੱਚੋਂ ਬਣਾਈ ਗਈ ਹੈ। ਫਾਜ਼ਲ ਜੱਜਾਂ ਨੇ ਕਿਹਾ—ਅੰਦੋਲਨਾਕਾਰੀ ਕਿਸਾਨਾਂ ਦੀਆਂ ਪ੍ਰਮੁੱਖ ਮੰਗਾਂ ਵਿੱਚੋਂ ਇਕ ਕਮੇਟੀ ਬਣਾਉਣ ਦੀ ਮੰਗ ਪੂਰੀ ਹੋ ਗਈ ਹੈ ਤੇ ਹੁਣ ਉਹ ਆਸ ਕਰਦੇ ਹਨ ਕਿ ਕਮੇਟੀ ਨਾਲ ਗੱਲਬਾਤ ਕਰਕੇ ਬਾਰਡਰ ਖੁੱਲ੍ਹਵਾਉਣ ਵਿਚ ਸਹਿਯੋਗ ਕਰਨਗੇ। ਪੰਜਾਬ ਦੇ ਐਡਵੋਕੇਟ ਜਨਰਲ ਗੁਰਮਿੰਦਰ ਸਿੰਘ ਤੇ ਹਰਿਆਣਾ ਦੇ ਸੀਨੀਅਰ ਐਡੀਸ਼ਨਲ ਐਡਵੋਕੇਟ ਜਨਰਲ ਲੋਕੇਸ਼ ਸਿੰਘਲ ਨੇ ਕਮੇਟੀ ਬਣਾਉਣ ਦਾ ਸਵਾਗਤ ਕੀਤਾ ਹੈ। ਫਾਜ਼ਲ ਜੱਜਾਂ ਨੇ ਕਿਹਾ ਕਿ ਕਿਸਾਨਾਂ ਦੇ ਆਪਣੇ ਵਾਜਬ ਮੁੱਦੇ ਹਨ, ਪਰ ਉਹ ਸਿਆਸੀ ਪਾਰਟੀਆਂ ਤੋਂ ਦੂਰ ਰਹਿਣ। ਕਮੇਟੀ ਦੀਆਂ ਸਿਫਾਰਸ਼ਾਂ ਦੇ ਬਾਅਦ ਕੋਰਟ ਕਿਸਾਨਾਂ ਦੇ ਮੁੱਦੇ ਪੜਾਅਵਾਰ ਵਿਚਾਰੇਗੀ। ਕੋਰਟ ਨੇ ਕਮੇਟੀ ਨੂੰ ਇਹ ਨਹੀਂ ਕਿਹਾ ਕਿ ਉਹ ਕਿਹੜੇ ਮੁੱਦੇ ਵਿਚਾਰੇ। ਇਹ ਦੇਖਣਾ ਕਮੇਟੀ ਦੇ ਚੇਅਰਪਰਸਨ ਦਾ ਕੰਮ ਹੋਵੇਗਾ ਕਿ ਉਹ ਕਿਨ੍ਹਾਂ ਮੁੱਦਿਆਂ 'ਤੇ ਵਿਚਾਰ ਕਰੇਗੀ। ਪੰਜਾਬ ਤੇ ਹਰਿਆਣਾ ਸਰਕਾਰ ਕਮੇਟੀ ਨੂੰ ਆਪਣੀ ਰਾਇ ਦੇ ਸਕਦੀਆਂ ਹਨ।

ਪੰਜਾਬ ਅਸੰਬਲੀ ਦਾ ਅਜਲਾਸ ਸ਼ੁਰੂ

ਚੰਡੀਗੜ੍ਹ : ਪੰਜਾਬ ਵਿਧਾਨ ਸਭਾ ਦਾ ਤਿੰਨ ਦਿਨਾ ਮੌਨਸੂਨ ਅਜਲਾਸ ਸੋਮਵਾਰ ਸ਼ੁਰੂ ਹੋ ਗਿਆ। ਪਹਿਲੇ ਦਿਨ ਮਸ਼ਹੂਰ ਕਵੀ ਤੇ ਲੇਖਕ ਸੁਰਜੀਤ ਪਾਤਰ ਤੇ ਉਨ੍ਹਾਂ ਹੋਰ ਅਹਿਮ ਸ਼ਖਸੀਅਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਜਿਨ੍ਹਾਂ ਦਾ ਪਿਛਲੇ ਅਜਲਾਸ ਦੀ ਸਮਾਪਤੀ ਤੇ ਮੌਜੂਦਾ ਅਜਲਾਸ ਦੀ ਸ਼ੁਰੂਆਤ ਵਿਚਾਲੇ ਦੇਹਾਂਤ ਹੋ ਗਿਆ ਸੀ। ਇਸ ਦੌਰਾਨ ਵਿਧਾਨ ਸਭਾ ਦੀ ਬਿਜ਼ਨੈੱਸ ਐਡਵਾਇਜ਼ਰੀ ਕਮੇਟੀ ਨੇ ਸ਼ਰਧਾਂਜਲੀਆਂ ਭੇਟ ਕਰਨ ਤੋਂ ਬਾਅਦ ਵਾਧੂ ਸਮਾਂ ਬੈਠਣ ਦਾ ਫੈਸਲਾ ਲਿਆ। ਸਦਨ ਦੇ ਮੈਂਬਰਾਂ ਨੇ ਵਿਧਾਨ ਸਭਾ ਦੇ ਸਾਬਕਾ ਸਪੀਕਰ ਸੁਰਜੀਤ ਸਿੰਘ ਮਿਨਹਾਸ, ਸਾਬਕਾ ਮੰਤਰੀ ਸੁਖਦੇਵ ਸਿੰਘ ਢਿੱਲੋਂ ਅਤੇ ਸੁਰਜੀਤ ਸਿੰਘ ਕੋਹਲੀ, ਸਾਬਕਾ ਸੰਸਦ ਮੈਂਬਰ ਕਮਲ ਚੌਧਰੀ, ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ ਅਤੇ ਸਾਬਕਾ ਵਿਧਾਇਕ ਧਨਵੰਤ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਆਜ਼ਾਦੀ ਘੁਲਾਟੀਏ ਸਰਦੂਲ ਸਿੰਘ, ਕਸ਼ਮੀਰ ਸਿੰਘ, ਗੁਰਦੇਵ ਸਿੰਘ ਅਤੇ ਜਗਦੀਸ਼ ਪ੍ਰਸਾਦ ਨੂੰ ਵੀ ਯਾਦ ਕੀਤਾ ਗਿਆ।

ਬੁਲਡੋਜ਼ਰ ਦਾ ਇਲਾਜ ਕਰੇਗੀ ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਸੋਮਵਾਰ ਸਵਾਲ ਕੀਤਾ ਕਿ ਕਿਸੇ ਦਾ ਘਰ ਸਿਰਫ ਇਸ ਵਾਸਤੇ ਕਿਵੇਂ ਢਾਹਿਆ ਜਾ ਸਕਦਾ ਹੈ ਕਿਉਂਕਿ ਉਹ ਇਕ ਮੁਲਜ਼ਮ ਹੈ। ਉਸ ਨੇ ਕਿਹਾ ਕਿ ਉਸ ਵੱਲੋਂ ਪੂਰੇ ਦੇਸ਼ ਲਈ ਦਿਸ਼ਾ-ਨਿਰਦੇਸ਼ ਨਿਰਧਾਰਤ ਕਰਨ ਦਾ ਪ੍ਰਸਤਾਵ ਦਿੱਤਾ ਜਾਂਦਾ ਹੈ। ਜਸਟਿਸ ਬੀ ਆਰ ਗਵਾਈ ਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਮਕਾਨ ਢਾਹੁਣ ਦੀ ਕਾਰਵਾਈ ਖਿਲਾਫ ਪਟੀਸ਼ਨਾਂ 'ਤੇ ਸੁਣਵਾਈ ਕਰਦਿਆਂ ਕਿਹਾ-ਜੇ ਕੋਈ ਵਿਅਕਤੀ ਦੋਸ਼ੀ ਵੀ ਹੈ ਤਾਂ ਵੀ ਕਾਨੂੰਨ ਵੱਲੋਂ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਉਸ ਦੇ ਘਰ ਨੂੰ ਢਾਹਿਆ ਨਹੀਂ ਜਾ ਸਕਦਾ। ਹਾਲਾਂਕਿ ਕੋਰਟ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਸ ਵੱਲੋਂ ਕਿਸੇ ਵੀ ਅਣਅਧਿਕਾਰਤ ਉਸਾਰੀ ਨੂੰ ਬਚਾਇਆ ਨਹੀਂ ਜਾਵੇਗਾ। ਬੈਂਚ ਨੇ ਘਰ ਢਾਹੇ ਜਾਣ ਦੀ ਕਾਰਵਾਈ ਖਿਲਾਫ ਪਟੀਸ਼ਨਾਂ 'ਤੇ ਸੁਣਵਾਈ 17 ਸਤੰਬਰ ਨੂੰ ਤੈਅ ਕਰਦੇ ਹੋਏ ਕਿਹਾ-ਅਸੀਂ ਸਾਰੇ ਦੇਸ਼ ਲਈ ਦਿਸ਼ਾ-ਨਿਰਦੇਸ਼ ਨਿਰਧਾਰਤ ਕਰਨ ਦਾ ਪ੍ਰਸਤਾਵ ਦਿੰਦੇ ਹਾਂ, ਤਾਂ ਜੋ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਜ਼ਾਹਰ ਕੀਤੀ ਗਈ ਚਿੰਤਾ ਦੂਰ ਕੀਤੀ ਜਾ ਸਕੀ।

ਪਾਵਰਕਾਮ ਵੱਲੋਂ ਐਸਮਾ ਲਾਗੂ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਾਵਰਕਾਮ ਵੱਲੋਂ ਠੇਕਾ ਮੁਲਾਜ਼ਮਾਂ ਦੀ ਹੜਤਾਲ ਨੂੰ ਲੈ ਕੇ ਸਖ਼ਤ ਫ਼ੈਸਲਾ ਲਿਆ ਗਿਆ ਹੈ। ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ 3 ਦਿਨਾਂ 11, 12 ਅਤੇ 13 ਸਤੰਬਰ ਨੂੰ ਹੜਤਾਲ ਦਾ ਐਲਾਨ ਕੀਤਾ ਸੀ। ਇਨ੍ਹਾਂ ਦਿਨਾਂ 'ਚ ਜੇਕਰ ਠੇਕਾ ਮੁਲਾਜ਼ਮ ਹੜਤਾਲ 'ਤੇ ਜਾਂਦੇ ਤਾਂ ਘਰਾਂ ਅਤੇ ਸ਼ਹਿਰਾਂ 'ਚ ਬਿਜਲੀ ਪ੍ਰਭਾਵਤ ਹੋ ਸਕਦੀ ਸੀ, ਪਰ ਇਸ ਤੋਂ ਪਹਿਲਾਂ ਹੀ ਪਾਵਰਕਾਮ ਵਲੋਂ ਐਸਮਾ ਐਕਟ ਲਾਗੂ ਕਰ ਦਿੱਤਾ ਗਿਆ। ਪਾਵਰਕਾਮ ਨੇ ਹੜਤਾਲ 'ਤੇ ਜਾਣ ਵਾਲੇ ਪੱਕੇ ਮੁਲਾਜ਼ਮਾਂ 'ਤੇ ਵੀ ਐਸਮਾ ਐਕਟ ਲਾਉਣ ਦੇ ਹੁਕਮ ਜਾਰੀ ਕੀਤੇ ਹਨ। ਇਸ ਐਕਟ ਤਹਿਤ ਜਿਹੜੇ ਵੀ ਮੁਲਾਜ਼ਮ ਹੜਤਾਲ 'ਤੇ ਜਾਂਦੇ ਹਨ, ਸ਼ੁਰੂ ਕਰਨ ਵਾਲੇ ਹਨ ਜਾਂ ਇਸ ਨੂੰ ਭੜਕਾਉਂਦੇ ਹਨ, ਉਨ੍ਹਾਂ ਖ਼ਿਲਾਫ਼ ਅਨੁਸ਼ਾਸਨੀ ਕਾਰਵਾਈ ਹੋ ਸਕਦੀ ਹੈ। ਉਕਤ ਨੂੰ ਮੁਅੱਤਲ ਕੀਤਾ ਜਾ ਸਕਦਾ ਹੈ ਅਤੇ ਕੰਮ ਤੋਂ ਵੀ ਛੁੱਟੀ ਕੀਤੀ ਜਾ ਸਕਦੀ ਹੈ।

ਮਨੀਪੁਰ 'ਚ ਪੰਜ ਘਰ ਸਾੜੇ

ਇੰਫਾਲ : ਮਨੀਪੁਰ ਦੇ ਇੰਫਾਲ ਪੱਛਮੀ ਜ਼ਿਲ੍ਹੇ ਦੇ ਇਕ ਪਿੰਡ 'ਚ ਖਾਲੀ ਪਏ ਪੰਜ ਘਰਾਂ 'ਚ ਸ਼ੱਕੀ ਅੱਤਵਾਦੀਆਂ ਨੇ ਅੱਗ ਲਗਾ ਦਿੱਤੀ, ਜਿਸ ਮਗਰੋਂ ਸੁਰੱਖਿਆ ਬਲਾਂ ਨੇ ਉਨ੍ਹਾਂ ਦਾ ਪਿੱਛਾ ਕੀਤਾ। ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਐਤਵਾਰ ਦੁਪਹਿਰ ਤੋਂ ਹੀ ਅੱਤਵਾਦੀ ਉੱਚੀਆਂ ਪਰ

3-SEP-PAGE-1.qxd 9/2/2024 10:06 PM Page 2

ਯੂਨੀਵਰਸਿਟੀ ਕਾਲਜ ਬੇਨੜਾ 'ਚ 'ਇੱਕ ਰੁੱਖ ਮਾਂ ਦੇ ਨਾਮ' ਮਿਸ਼ਨ ਤਹਿਤ ਪੌਦੇ ਲਾਏ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ ਵਾਤਾਵਰਣ ਦੀ ਸੰਭਾਲ ਨੂੰ ਸਮਰਪਿਤ ਪ੍ਰੋਗਰਾਮ ਅਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਾਏ ਗਏ।ਇਸ ਮੁਹਿੰਮ ਵਿੱਚ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ, ਈਕੋ ਕਲੱਬ ਤੇ ਰੋਟਰੀ ਕਲੱਬ ਦੇ ਮੈਂਬਰਾਂ ਨੇ ਭਾਗ ਲਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਸਮਾਜ ਨੂੰ ਵਾਤਾਵਰਣ ਪ੍ਰਤੀ ਸੁਚੇਤ ਰਹਿਣ ਅਤੇ ਹੋਰਾਂ ਨੂੰ ਵੀ ਪੌਦੇ ਲਾਉਣ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਪ੍ਰੋਗਰਾਮ ਦਾ ਉਦੇਸ਼ ਸਿਰਫ ਪੌਦੇ ਲਾਉਣਾ ਹੀ ਨਹੀਂ ਸਗੋਂ ਲੋਕਾਂ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨਾ ਵੀ ਹੈ।

ਦਲਿਤ ਮੁਕਤੀ ਮਾਰਚ ਲੋਕਾਂ ਨੂੰ ਦਿੰਦਾ ਜ਼ਮੀਨ ਦੀ ਕਾਣੀ ਵੰਡ ਖਤਮ ਕਰਨ ਦਾਲ ਹੋਕਾ !

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮਲੇਰਕੋਟਲਾ ਦੇ ਪਿੰਡ ਤੋਲੇਵਾਲ ਤੋਂ ਸ਼ੁਰੂ ਹੋਇਆ ਦਲਿਤ ਮੁਕਤੀ ਮਾਰਚ ਆਪਣੇ 14ਵੇਂ ਦਿਨ ਵਿੱਚ ਦਾਖਲ ਹੋ ਗਿਆ। ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਨਰਲ ਸਕੱਤਰ ਗੁਰਵਿੰਦਰ ਸਿੰਘ ਬੌੜਾਂ ਤੇ ਜ਼ੋਨਲ ਆਗੂ ਜਗਤਾਰ ਤੋਲੇਵਾਲ ਨੇ ਦੱਸਿਆ ਕਿ ਜ਼ਮੀਨ ਦੀ ਕਾਣੀ ਵੰਡ ਅਤੇ ਜਾਤੀ ਦਾਬੇ ਖਿਲਾਫ਼ ਸ਼ੁਰੂ ਹੋਏ ਇਸ ਮਾਰਚ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਾਰਚ ਦੌਰਾਨ ਪਿੰਡਾਂ ਵਿੱਚੋਂ ਵੱਡੀ ਗਿਣਤੀ ਲੋਕਾਂ ਵੱਲੋਂ ਟੈਂਟ ਲਾ ਕੇ ਵੱਖ-ਵੱਖ ਪਿੰਡਾਂ ਵਿੱਚ ਚਾਹ, ਠੰਢਿਆਂ ਦਾ ਲੰਗਰ ਲਾ ਕੇ ਮਾਰਚ ਦਾ ਸਵਾਗਤ ਕੀਤਾ ਜਾ ਰਿਹਾ ਹੈ।ਮਾਰਚ ਦੌਰਾਨ ਨੂੰਰਖੇੜੀਆ ਵਿੱਚ ਬੀਤੀ ਰਾਤ ਦੌਰਾਨ 'ਪੀਪਲ ਆਰਟਸ' ਗਰੁੱਪ ਵੱਲੋਂ ਇਨਕਲਾਬੀ ਕਵੀਸ਼ਰੀ ਤੇ ਨਾਟਕ ਖੇਡਿਆ ਗਿਆ।ਉਪਰੋਕਤ ਤੋਂ ਬਿਨਾਂ ਚਪੜ, ਸਿਆਲੂ, ਕਾਮੀ ਕਲਾਂ, ਅਲਾਣਾ ਅਤੇ ਰਾਏਪੁਰ ਮੰਡਲਾਂ ਵਿੱਚ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਅਤੇ ਧਰਮਵੀਰ ਹਰੀਗੜ੍ਹ ਨੇ ਕਿਹਾ ਕਿ ਕੋਈ ਵੀ ਸਰਕਾਰ ਹਾਸ਼ੀਏ ਉੱਪਰ ਧੱਕੇ ਦਲਿਤ ਭਾਈਚਾਰੇ ਨੂੰ ਉਸ ਗੁਰਬਤ ਦੀ ਜ਼ਿੰਦਗੀ ਵਿੱਚੋਂ ਬਾਹਰ ਕੱਢਣ ਲਈ ਕੋਈ ਯਤਨ ਕਰਨ ਨੂੰ ਤਿਆਰ ਨਹੀਂ, ਸਗੋਂ ਹਮੇਸ਼ਾ ਚੋਣਾਂ ਲਈ ਵਰਤਿਆ ਜਾਂਦਾ ਹੈ।ਉਨ੍ਹਾਂ ਇਸ ਗੁਰਬਤ ਦੀ ਜ਼ਿੰਦਗੀ 'ਚੋਂ ਬਾਹਰ ਨਿਕਲਣ ਲਈ ਲੋਕਾਂ ਨੂੰ ਆਪਣੇ ਹਿੱਸੇ ਦੀਆਂ ਜ਼ਮੀਨਾਂ, ਪੱਕੇ ਮਕਾਨ, ਬਿਨਾਂ ਵਿਆਜ ਕਰਜ਼ਾ, ਪੱਕੇ ਰੁਜ਼ਗਾਰ ਅਤੇ ਜਾਤੀ ਦਾਬੇ ਨੂੰ ਤੋੜਨ ਲਈ ਸੰਘਰਸ਼ਾਂ ਦਾ ਪਿੜ ਮੱਲਣ ਦਾ ਸੱਦਾ ਦਿੱਤਾ।ਜ਼ਮੀਨੀ ਸੰਘਰਸ਼ ਦੇ ਆਗਾਜ਼ ਦਾ ਐਲਾਨ ਕਰਦਿਆਂ ਆਗੂਆਂ ਨੇ ਲੋਕਾਂ ਨੂੰ ਇਕੱਠੇ ਹੋ ਕੇ ਜੱਥੇਬੰਦੀ ਨੂੰ ਵਿਸ਼ਾਲ ਰੂਪ ਵਿੱਚ ਵੱਡਾ ਕਰਨ ਦੀ ਅਪੀਲ ਕੀਤੀ।

ਗੁਰਦੁਆਰਾ ਚਰਨ ਘਾਟ ਦਾ ਮੁੱਖ ਸੇਵਾਦਾਰ ਜਬਰ ਜ਼ਨਾਹ ਦੇ ਦੋਸ਼ 'ਚ ਗ੍ਰਿਫ਼ਤਾਰ

ਜਗਰਾਉਂ (ਅਮਿਤ ਖੰਨਾ)-ਅਖਾੜਾ ਨਹਿਰ ਕੰਢੇ ਬਣੇ ਗੁਰਦੁਆਰਾ ਚਰਨ ਘਾਟ ਦੇ ਮੁਖੀ ਬਾਬੇ ਵੱਲੋਂ ਆਪਣੀ ਹੀ ਇਕ ਮਹਿਲਾ ਸ਼ਰਧਾਲੂ ਨਾਲ ਭੋਰੇ 'ਚ ਲਗਾਤਾਰ ਸਰੀਰਕ ਸਬੰਧ ਬਣਾਉਣ ਦੇ ਮਾਮਲੇ 'ਚ ਜਗਰਾਓਂ ਪੁਲਿਸ ਨੇ ਮੁਕੱਦਮਾ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ।ਬਾਬੇ ਵੱਲੋਂ ਗੁਰਦੁਆਰਾ ਸਾਹਿਬ ਦੇ ਭੋਰੇ 'ਚ ਹੋਰਾਂ ਵੀ ਔਰਤਾਂ ਨਾਲ ਸਰੀਰਕ ਸਬੰਧ ਬਣਾਉਣ ਬਾਬਤ ਭਾਈ ਅੰਮ੍ਰਿਤਪਾਲ ਸਿੰਘ ਮਹਿਰੋ ਨੇ ਖੁਲਾਸਾ ਕੀਤਾ।ਉਸ ਦੇ ਇਸ ਅਪਰਾਧ 'ਤੇ ਜਥੇਬੰਦੀ ਨਾਲ ਹੋਈ ਮੀਟਿੰਗ ਦੌਰਾਨ ਬਾਬੇ ਵੱਲੋਂ 10 ਲੱਖ ਰੁਪਏ ਦੀ ਪੇਸ਼ਕਸ਼ ਕਰਨ 'ਤੇ ਉਸ ਦੀ ਸੇਵਾ ਕਰਨ ਅਤੇ ਸੇਵਾ ਕਰਦਿਆਂ ਦੀ ਜਲਦ ਵੀਡੀਓ ਜਾਰੀ ਕਰਨ ਦਾ ਵੀ ਐਲਾਨ ਕੀਤਾ ਗਿਆ ਹੈ।ਥਾਣਾ ਸਿਟੀ ਦੇ ਮੁਖੀ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਪੀੜਤ ਮਹਿਲਾ ਦੀ ਸ਼ਿਕਾਇਤ 'ਤੇ ਬਾਬੇ ਖਿਲਾਫ਼ ਮੁਕੱਦਮਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਅਧਿਆਪਕ ਦਿਵਸ 'ਤੇ ਹੋਵੇਗਾ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ : ਚੇਅਰਮੈਨ ਸੱਚਰ

ਕੋਟਕਪੂਰਾ (ਰਛਪਾਲ ਭੁੱਲਰ)-5 ਸਤੰਬਰ ਅਧਿਆਪਕ ਦਿਵਸ ਮੌਕੇ ਜ਼ਿਲ੍ਹਾ ਫਰੀਦਕੋਟ ਦੇ ਸਮੂੱਚੇ ਸਿੱਖਿਆ ਵਿਭਾਗ ਵਿੱਚੋਂ ਤਕਰੀਬਨ 80 ਦੇ ਕਰੀਬ ਵੱਖ-ਵੱਖ ਪ੍ਰਾਪਤੀਆਂ ਵਾਲੇ ਅਧਿਆਪਕ ਸਾਹਿਬਾਨਾਂ ਨੂੰ ਸਿੱਖਿਆ ਵਿਭਾਗ ਫਰੀਦਕੋਟ ਦੇ ਅਧਿਕਾਰੀਆਂ ਦੇ ਸਾਂਝੇ ਸਹਿਯੋਗ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਬਾਰੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਿਸ਼ਨ ਡਿਵੈਲਪਮੈਂਟ ਕਲੱਬ ਦੇ ਚੇਅਰਮੈਨ ਤੇ ਹੋਟਲ ਸ਼ਾਹੀ ਹਵੇਲੀ ਦੇ ਮੈਨੇਜਿੰਗ/ਡਾਇਰੈਕਟਰ ਅਰਸ਼ ਸੱਚਰ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸ੍ਰੀਮਤੀ ਨੀਲਮ ਰਾਣੀ, ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਸ੍ਰੀਮਤੀ ਅੰਜਨਾ ਕੌਸ਼ਲ ਤੇ ਫਰੀਦਕੋਟ ਜ਼ਿਲ੍ਹੇ ਦੇ ਪੰਜ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸਾਹਿਬਾਨਾਂ ਨਾਲ ਰਾਬਤਾ ਕਾਇਮ ਕਰਨ ਉਪਰੰਤ ਉਨ੍ਹਾਂ ਵੱਲੋਂ ਪ੍ਰਸਤਾਵਿਤ ਨਾਮ ਸੂਚੀਆਂ ਦੇ ਆਧਾਰ 'ਤੇ ਅਧਿਆਪਕ ਦਿਵਸ ਮੌਕੇ ਸਿੱਖਿਆ ਦੇ ਖੇਤਰ ਵਿੱਚ ਆਪਣਾ ਵਿਸ਼ੇਸ਼ ਯੋਗਦਾਨ ਦੇਣ ਵਾਲੇ ਅਧਿਆਪਕਾਂ ਨੂੰ ਸ਼ਾਹੀ ਹਵੇਲੀ ਵਿਖੇ ਸਨਮਾਨਤ ਕੀਤਾ ਜਾਵੇਗਾ।ਅਰਸ਼ ਸੱਚਰ ਨੇ ਦੱਸਿਆ ਕਿ ਸਿੱਖਿਆ ਦਾ ਵਿਕਾਸ ਹੀ ਸੰਪੂਰਨ ਸਮਾਜ ਦਾ ਵਿਕਾਸ ਕਰ ਸਕਦਾ ਹੈ, ਸਮਾਜ ਦੇ ਵਿਕਾਸ ਲਈ ਇੱਕ ਅਧਿਆਪਕ ਦਾ ਸਭ ਤੋਂ ਵੱਡਾ ਯੋਗਦਾਨ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਇਸੇ ਲਈ ਉਨ੍ਹਾਂ ਨੇ ਜ਼ਿਲ੍ਹਾ ਭਰ ਵਿੱਚੋਂ ਅਧਿਆਪਕਾਂ ਨੂੰ ਇਸ ਸਨਮਾਨ ਸਮਾਰੋਹ ਲਈ ਸਿੱਖਿਆ ਵਿਭਾਗ ਦੀ ਮਦਦ ਨਾਲ ਚੁਣਿਆ ਹੈ ਤੇ ਇਹ ਆਪਣੇ ਆਪ ਵਿੱਚ ਇੱਕ ਵਿਲੱਖਣ ਪਹਿਲ ਹੋਵੇਗੀ।ਇਸ ਵਿੱਚ ਕਲੱਬ ਦੇ ਪ੍ਰਧਾਨ ਵਿਸ਼ਾਲ ਕੌਸ਼ਲ ਨੇ ਅਹਿਮ ਰੂਪ ਵਿੱਚ ਦੱਸਿਆ ਕਿ ਅਸੀਂ ਉਨ੍ਹਾਂ ਬੰਦਿਆਂ ਲਈ ਸਦਾ ਹਾਜ਼ਰ ਰਹਾਂਗੇ, ਜੋ ਸਮਾਜ ਲਈ ਕੁਝ ਨਾ ਕੁਝ ਕਰ ਰਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਸੈਕਟਰੀ ਤੇਜਬੀਰ ਮਾਨ, ਕਪਿਲ ਅਗਰਵਾਲ ਤੇ ਹਿਤੇਸ਼ ਗੋਇਲ ਆਦਿ ਹਾਜ਼ਰ ਸਨ।

ਗੁਰਮੇਲ ਸਿੰਘ ਦੋਦਾ ਦੀ ਪ੍ਰਧਾਨਗੀ ਹੇਠ ਹੋਈ ਜ਼ਿਲ੍ਹਾ ਕੌਂਸਲ ਦੀ ਮੀਟਿੰਗ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜ਼ਿਲ੍ਹਾ ਕੌਂਸਲ ਦੀ ਮੀਟਿੰਗ ਗੁਰਮੇਲ ਸਿੰਘ ਦੋਦਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਕਾਮਰੇਡ ਜਗਰੂਪ ਸਿੰਘ ਜੀ ਜ਼ਿਲ੍ਹਾ ਸਕੱਤਰ ਤੇ ਹਰਲਾਭ ਸਿੰਘ ਧਾਲੀਵਾਲ ਜ਼ਿਲ੍ਹਾ ਕੌਂਸਲ ਮੈਂਬਰ ਹਾਜ਼ਰ ਹੋਏ। ਮੀਟਿੰਗ ਵਿੱਚ ਫੈਸਲਾ ਕੀਤਾ ਕਿ 13 ਸਤੰਬਰ ਨੂੰ ਨਰੇਗਾ ਕਾਮਿਆਂ ਦੀ ਰੈਲੀ ਕੀਤੀ ਜਾਵੇਗੀ। 28 ਸਤੰਬਰ ਨੂੰ ਮੋਗਾ ਵਿਖੇ ਨੌਜਵਾਨ ਵਿਦਿਆਰਥੀਆਂ ਵੱਲੋਂ 'ਬਨੇਗਾ' ਪ੍ਰਾਪਤੀ ਰੈਲੀ ਕੀਤੀ ਜਾਵੇਗੀ। ਇਨ੍ਹਾਂ ਰੈਲੀਆਂ ਨੂੰ ਕਾਮਯਾਬ ਕਰਨ ਲਈ ਡਿਊਟੀਆਂ ਲਗਾਈਆਂ ਗਈਆਂ।

ਨਵ-ਪੰਜਾਬੀ ਸਾਹਿਤ ਸਭਾ ਕੋਟ ਈਸੇ ਖਾਂ ਦੀ ਮੀਟਿੰਗ

ਕੋਟ ਈਸੇ ਖਾਂ (ਅਰੋੜਾ)-ਨਵ ਪੰਜਾਬੀ ਸਾਹਿਤ ਸਭਾ ਕੋਟ ਈਸੇ ਖਾਂ ਦੀ ਮਹੀਨਾਵਾਰ ਮੀਟਿੰਗ ਸਰਕਾਰੀ ਹਾਈ ਸਕੂਲ (ਲੜਕੇ) ਵਿਖੇ ਜਗਜੀਤ ਸਿੰਘ ਝੱਤਰਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਗਲੋਟੀ, ਜ਼ੀਰਾ, ਪੀਰ ਮੁਹੰਮਦ, ਧਰਮਕੋਟ, ਝੱਤਰਾ, ਢੋਲੇਵਾਲ ਤੋਂ ਭਰਵੀਂ ਗਿਣਤੀ ਵਿੱਚ ਸਾਹਿਤਕਾਰ, ਪਾਠਕ ਤੇ ਗੀਤਕਾਰ ਪੁੱਜੇ ਸਨ।ਸਭਾ ਦੇ ਮੁੱਖ ਸਲਾਹਕਾਰ ਤੇ ਉੱਘੇ ਸ਼ਾਇਰ ਜੀਵਨ ਸਿੰਘ ਹਾਣੀ ਨੇ ਬਾਹਰੋਂ ਆਏ ਲੇਖਕਾਂ ਤੇ ਪਾਠਕਾਂ ਨੂੰ ਜੀ ਆਇਆਂ ਕਿਹਾ।ਸਭਾ ਦੀ ਕਾਰਵਾਈ ਨਵ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਮਾਸਟਰ ਸ਼ਮਸ਼ੇਰ ਸਿੰਘ ਨੇ ਚਲਾਈ।ਸਾਹਿਤਕ ਵਿਚਾਰ ਵਟਾਂਦਰੇ ਕੀਤੇ ਗਏ ਉਪਰੰਤ ਕਵੀ ਦਰਬਾਰ ਸਮੇਂ ਗੁਰਪ੍ਰੀਤ ਕੈਲਵੀ, ਬਲਵਿੰਦਰ ਸਿੰਘ ਬੀਏ, ਗਜ਼ਲਕਾਰ ਜੀਵਨ ਸਿੰਘ ਹਾਣੀ, ਜਗਜੀਤ ਸਿੰਘ ਝੱਤਰਾ, ਨਰਿੰਦਰ ਸਿੰਘ ਲੈਕਚਰਾਰ, ਪਰਮਜੀਤ ਸਿੰਘ ਵਿਦਿਆਰਥੀ ਜ਼ੀਰਾ, ਸਭਾ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋਫੈਸਰ ਗੁਰਦੀਪ ਸਿੰਘ ਖਿੰਡਾ, ਸੁਖਰਾਜ ਜ਼ੀਰਾ, ਦੀਪ ਜੀਰਵੀ, ਸਭਾ ਦੇ ਵਿੱਤ ਸਕੱਤਰ ਪਵਨ ਤਲਵੰਡੀ, ਸੁਰਿੰਦਰ ਕੁਮਾਰ ਜ਼ੀਰਾ, ਸਭਾ ਦੇ ਸੀਨੀਅਰ ਮੈਂਬਰ ਜਗਦੀਸ਼ ਚੰਦਰ, ਮਾਸਟਰ ਸ਼ਮਸ਼ੇਰ ਸਿੰਘ, ਹਰਜਿੰਦਰ ਗਲੋਟੀ ਨੇ ਭਾਗ ਲਿਆ।ਰਿਟਾਇਰਡ ਲੈਕਚਰਾਰ ਨਰਿੰਦਰ ਸਿੰਘ ਜ਼ੀਰਾ ਨੇ ਆਪਣੀ ਚੌਥੀ ਪੁਸਤਕ 'ਆਦਰਸ਼ ਸਮਾਜ ਦੀ ਸਿਰਜਣਾ' ਨਵ ਪੰਜਾਬੀ ਸਾਹਿਤ ਸਭਾ ਦੇ ਮੈਂਬਰਾਂ ਨੂੰ ਭੇਟ ਕੀਤੀ।ਨਵ ਪੰਜਾਬੀ ਸਾਹਿਤ ਸਭਾ ਕੋਟ ਈਸੇ ਖਾਂ ਵੱਲੋਂ ਇਹ ਫੈਸਲਾ ਲਿਆ ਗਿਆ ਕਿ ਅਕਤੂਬਰ ਮਹੀਨੇ ਦੀ ਮੀਟਿੰਗ ਸਮੇਂ ਸਭਾ ਤੇ ਵਿੱਤ ਸਕੱਤਰ ਪਵਨ ਅਰੋੜਾ ਨੂੰ ਸਨਮਾਨਤ ਕੀਤਾ ਜਾਵੇਗਾ।ਪ੍ਰੋਗਰਾਮ ਦੇ ਅਖੀਰ ਵਿੱਚ ਪ੍ਰੋਫੈਸਰ ਗੁਰਦੀਪ ਸਿੰਘ ਖਿੰਡਾ ਨੇ ਆਏ ਹੋਏ ਸਾਹਿਤਕਾਰਾਂ, ਪਾਠਕਾਂ ਤੇ ਲੇਖਕਾਂ ਦਾ ਧੰਨਵਾਦ ਕੀਤਾ।ਸਟੇਜ ਦੀ ਕਾਰਵਾਈ ਮਾਸਟਰ ਸ਼ਮਸ਼ੇਰ ਸਿੰਘ ਨੇ ਬਾਖੂਬੀ ਨਿਭਾਈ।

'ਆਪ' ਵਰਕਰਾਂ ਦੀ ਮੀਟਿੰਗ

ਦੋਦਾ (ਵਕੀਲ ਬਰਾੜ)-ਵਿਧਾਨ ਹਲਕਾ ਗਿੱਦੜਬਾਹਾ ਵਿੱਚ ਚੋਣਾਂ ਦੇ ਐਲਾਨ ਤੋਂ ਪਹਿਲਾਂ ਹੀ ਸਮੂਹ ਪਾਰਟੀਆਂ ਵੱਲੋਂ ਸਰਗਰਮੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸੇ ਅਧੀਨ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸੁਖਜਿੰਦਰ ਸਿੰਘ ਕਾਉਣੀ ਵੱਲੋਂ ਦੋਦਾ ਦੇ ਪੰਜਾਬ ਪੈਲੇਸ ਵਿਖੇ ਆਪਣੇ ਵਰਕਰਾਂ ਦੀ ਮੀਟਿੰਗ ਬੁਲਾਈ, ਜੋ ਰੈਲੀ ਦਾ ਰੂਪ ਧਾਰ ਗਈ ਅਤੇ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਵਰਕਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਅਕਾਲੀ ਦਲ ਛੱਡ ਕੇ ਆਏ ਸੀਨੀਅਰ ਆਗੂ ਹਰਦੀਪ ਸਿੰਘ ਡਿੰਪੀ ਢਿੱਲੋਂ ਪੁੱਜੇ।

ਖਸਤਾ ਹਾਲ ਸੜਕ ਦੀ ਮੁਰੰਮਤ ਲਈ ਡੀ ਸੀ ਨੂੰ ਲਿਖੀ ਚਿੱਠੀ

ਮੋਗਾ (ਇਕਬਾਲ ਸਿੰਘ ਖਹਿਰਾ)

ਮੋਗਾ ਤੋਂ ਵਾਇਆ ਮਨਾਵਾਂ ਜ਼ੀਰਾ ਰੋਡ ਦੇ ਮੋਗਾ ਜ਼ਿਲ੍ਹੇ ਵਿੱਚ ਪੈਂਦੇ ਹਿੱਸੇ ਦੀ ਨਹਿਰ ਦੇ ਪੁਲ ਤੋਂ ਲੈ ਕੇ ਸਲੀਣਾ ਮੋੜ ਤੇ ਸਲੀਨਾ ਮੋੜ ਤੋਂ ਪਿੰਡ ਸਲੀਨਾ ਤੱਕ ਜਾਂਦੀ ਖਸਤਾ ਹਾਲਤ ਸੜਕ ਦੀ ਤੁਰੰਤ ਮੁਰੰਮਤ ਕਰਵਾਉਣ ਦੀ ਮੰਗ ਨੂੰ ਲੈ ਕੇ ਉੱਘੀ ਗੈਰ ਸਿਆਸੀ ਪਾਰਟੀ ਪੰਜਾਬ ਦੇਸ਼ਮ ਨੇ ਡਿਪਟੀ ਕਮਿਸ਼ਨਰ ਮੋਗਾ ਵਿਸ਼ੇਸ਼ ਸਾਰੰਗਲ ਨੂੰ ਈਮੇਲ ਰਾਹੀਂ ਚਿੱਠੀ ਲਿਖੀ ਹੈ ਅਤੇ ਆਪਣੇ ਪੱਧਰ 'ਤੇ ਕਾਰਵਾਈ ਕਰਨ ਲਈ ਇਹ ਸਮੱਸਿਆ ਸਥਾਨਕ ਵਿਧਾਇਕਾਂ ਡਾਕਟਰ ਅਮਨਦੀਪ ਕੌਰ ਅਰੋੜਾ ਦੇ ਵੀ ਧਿਆਨ ਵਿੱਚ ਲਿਆਂਦਾ ਹੈ। ਪੰਜਾਬ ਦੇਸ਼ਮ ਪਾਰਟੀ ਪ੍ਰਧਾਨ ਵਿਜੇ ਧੀਰ ਐਡਵੋਕੇਟ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਨੇ ਚਿੱਠੀ ਵਿੱਚ ਲਿਖਿਆ ਹੈ ਕਿ ਉਕਤ ਸੜਕ ਇੱਕ ਟਰੈਫਿਕ ਰੋਡ ਹੈ। ਇਸ ਰਸਤੇ 'ਤੇ ਔਰਬਿਟ ਮਲਟੀਪਲੈਕਸ, ਪਾਰਕ ਰਿਜੌਂਸੀ ਰੈਸਟੋਰੈਂਟ ਤੋਂ ਇਲਾਵਾ ਅਨੇਕਾਂ ਉਦਯੋਗਿਕ ਅਦਾਰੇ ਸਥਾਪਤ ਹਨ ਅਤੇ ਇਹ ਖਸਤਾ ਹਾਲਤ ਸੜਕ ਵਾਹਨ ਚਾਲਕਾਂ ਤੇ ਉਥੋਂ ਦੀ ਗੁਜ਼ਰਨ ਵਾਲੇ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਨ ਬਣੀ ਹੋਈ ਹੈ। ਧੀਰ ਨੇ ਲਿਖਿਆ ਕਿ ਬਰਸਾਤਾਂ ਵਿੱਚ ਇਹ ਖਸਤਾ ਹਾਲਤ ਸੜਕ ਨਰਕ ਦਾ ਰੂਪ ਧਾਰਨ ਕਰ ਲੈਂਦੀ ਹੈ। ਧੀਰ ਨੇ ਚਿੱਠੀ ਵਿੱਚ ਲਿਖਿਆ ਹੈ ਕਿ ਦੁਰਗਾ ਫੀਡ ਫੈਕਟਰੀ ਤੇ ਪਾਰਸ ਮਸਾਲਾ ਫੈਕਟਰੀ ਨੇੜੇ ਇਹ ਸੜਕ ਦੀ ਹਾਲਤ ਜ਼ਿਆਦਾ ਖਰਾਬ ਹੈ ਤੇ ਇਸ ਦੀਆਂ ਫੋਟੋਆਂ ਵੀ ਖੁਦ ਮੌਕੇ 'ਤੇ ਜਾ ਕੇ ਖਿੱਚੀਆਂ ਹਨ। ਪੰਜਾਬ ਦੇਸ਼ਮ ਪਾਰਟੀ ਨੇ ਇਸ ਖਸਤਾ ਹਾਲਤ ਸੜਕ ਦੀ ਤੁਰੰਤ ਮੁਰੰਮਤ ਕਰਵਾਉਣ ਦੀ ਮੰਗ ਕੀਤੀ ਹੈ। ਇਸ ਮੌਕੇ ਪੱਲੇਦਾਰਾਂ ਦੇ ਸੂਬਾ ਆਗੂ ਕੇਵਲ ਸਿੰਘ ਸਾਬਕਾ ਮੈਂਬਰ ਪਾਰਲੀਮੈਂਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਪ੍ਰਦੀਪ ਭਾਰਤੀ ਐਡਵੋਕੇਟ, ਯੱਗ ਦੱਤ ਗੋਇਲ ਐਡਵੋਕੇਟ, ਵਰਿੰਦਰ ਗਰਗ ਐਡਵੋਕੇਟ, ਸੁਨੰਦਨ ਐਡਵੋਕੇਟ, ਅਕਾਸ਼ ਦੀਪ ਐਡਵੋਕੇਟ, ਰਣਬੀਰ ਸਿੰਘ ਐਡਵੋਕੇਟ ਬੂਟਾ ਸਿੰਘ ਹਾਜ਼ਰ ਸਨ।

ਮੁੱਖ ਮੰਤਰੀ ਹਲਕੇ ਦੇ ਵਾਸੀ ਨਰਕ ਦੀ ਜ਼ਿੰਦਗੀ ਜਿਉਣ ਲਈ ਮਜਬੂਰ : ਸ਼ੁਭਮ ਸ਼ਰਮਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)

ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਕਾਂਗਰਸੀ ਆਗੂ ਸ਼ੁਭਮ ਸ਼ਰਮਾ ਦੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਨ ਤੋਂ ਬਾਅਦ ਵਿਧਾਨ ਸਭਾ ਹਲਕਾ ਧੂਰੀ ਤੋਂ ਬਤੌਰ ਵਿਧਾਇਕ ਨੁਮਾਇੰਦਗੀ ਕਰ

3-SEP-PAGE-3.qxd 9/2/2024 10:18 PM Page 1

ਗੁਰਦੁਆਰਾ ਸ੍ਰੀ ਅੱਚਲ ਸਾਹਿਬ ਪੁੱਜਣ 'ਤੇ ਮਹਾਨ ਨਗਰ ਕੀਰਤਨ ਦਾ ਹੋਵੇਗਾ ਭਰਵਾਂ ਸਵਾਗਤ : ਜਥੇ. ਗੋਰਾ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜਗਤ ਗੁਰੂ ਪਹਿਲੇ ਪਾਤਸਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦਾ ਵਿਆਹ ਪੁਰਬ ਹਰ ਸਾਲ ਦੀ ਤਰ੍ਹਾਂ ਇਸ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਵਿਸੇਸ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਗੁਰਦੁਆਰਾ ਡੇਹਰਾ ਸਾਹਿਬ , ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ 10 ਸਤੰਬਰ ਦਿਨ ਮੰਗਲਵਾਰ ਨੂੰ ਬਹੁਤ ਸਰਧਾ ਸਤਿਕਾਰ ਨਾਲ ਮਨਾਇਆ ਜਾਵੇਗਾ। ਉਕਤ ਜਾਣਕਾਰੀ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੁਖਜਿੰਦਰ ਸਿੰਘ ਭਾਮ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਸਕੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਨੇ ਸਾਂਝੇ ਤੌਰ ਤੇ ਦਿੰਦਿਆਂ ਦੱਸਿਆ ਕਿ 9 ਸਤੰਬਰ ਦਿਨ ਸੋਮਵਾਰ ਨੂੰ ਸਵੇਰੇ 7 ਵਜੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਬਟਾਲਾ ਤੱਕ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ ਜੋ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ 9 ਸਤੰਬਰ ਦੀ ਸ਼ਾਮ ਨੂੰ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਵਿਖੇ ਪਹੁੰਚੇਗਾ। ਜਥੇਦਾਰ ਗੋਰਾ ਤੇ ਮੈਨੇਜਰ ਦਮੋਦਰ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਏ ਮਹਾਨ ਨਗਰ ਕੀਰਤਨ ਦਾ 9 ਸਤੰਬਰ ਦਿਨ ਸੋਮਵਾਰ ਦੀ ਸ਼ਾਮ ਨੂੰ ਗੁਰਦੁਆਰਾ ਸ੍ਰੀ ਅੱਚਲ ਸਾਹਿਬ ਵਿਖੇ ਪਹੁੰਚਣ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਵਲੋਂ ਨਤਮਸਤਕ ਹੋ ਕੇ ਅਕਾਸ ਗੁੰਜਾਊ ਜੈਕਾਰਿਆਂ ਨਾਲ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਮੌਕੇ ਸੁਖਜਿੰਦਰ ਸਿੰਘ ਭਾਮ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਮਨਜੀਤ ਸਿੰਘ ਜਫਰਵਾਲ ਮੈਨੇਜਰ ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਸਾਹਿਬ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਓਠੀਆਂ ਸਾਹਿਬ,ਬਾਬਾ ਨਾਨਕ ਸਿੰਘ ਗ੍ਰੰਥੀ, ਕਿਰਪਾਲ ਸਿੰਘ ਦੋਲਤਪੁਰ, ਸੰਤੋਖ ਸਿੰਘ ਭੰਬੋਈ, ਗੁਰਪ੍ਰੀਤ ਸਿੰਘ ਬਲੱਗਣ, ਰਾਮ ਸਿੰਘ ਦੌਲਤਪੁਰ, ਗੁਰਵਿੰਦਰ ਸਿੰਘ ਤਲਵੰਡੀ ਬਖਤਾ, ਗੁਰਿੰਦਰ ਸਿੰਘ ਕਾਲੇਕੇ, ਬਲਬੀਰ ਸਿੰਘ ਅੰਮੇਨੰਗਲ ਆਦਿ ਹਾਜ਼ਰ ਸਨ।➡

ਖਾਨਕੋਟ ਭਵਨ ਵਿਖੇ ਜ਼ੋਨਲ ਪੱਧਰੀ ਨਿਰੰਕਾਰੀ ਸਮਾਗਮ ਆਯੋਜਿਤ

ਬਟਾਲਾ (ਤਰਲੋਕ ਬੱਗਾ)-ਸੰਤ ਨਿਰੰਕਾਰੀ ਸਤਿਸੰਗ ਭਵਨ ਅੰਮ੍ਰਿਤਸਰ ਖਾਨਕੋਟ ਭਵਨ ਵਿਖੇ ਜ਼ੋਨਲ ਪੱਧਰ ਦਾ ਸੰਤ ਨਿਰੰਕਾਰੀ ਇੰਗਲਿਸ਼ ਮੀਡੀਅਮ ਸਮਾਗਮ ਮੋਹਿਤ ਗੁਪਤਾ ਦੀ ਹਜ਼ੂਰੀ ਵਿੱਚ ਆਯੋਜਿਤ ਹੋਇਆ ਜਿਸ ਵਿੱਚ ਸੰਤ ਨਿਰੰਕਾਰੀ ਮੰਡਲ ਦੀਆਂ ਕੁੱਲ 40 ਬ੍ਰਾਂਚਾਂ ਤੋਂ ਬੱਚਿਆਂ ਨੇ ਇੰਗਲਿਸ਼ ਮੀਡੀਅਮ ਸੰਤ ਸਮਾਗਮ ਵਿੱਚ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ।ਇਸ ਅਵਸਰ ਤੇ ਬੱਚਿਆਂ ਨੇ ਸੰਪੂਰਣ ਅਵਤਾਰ ਬਾਣੀ, ਸੰਪੂਰਣ ਹਰਦੇਵ ਬਾਣੀ ਦੇ ਸ਼ਬਦਾਂ, ਅੰਤਾਕਸ਼ਰੀ, ਗੀਤ, ਗਰੁੱਪ ਗੀਤ ਅਤੇ ਸਪੀਚ ਆਦਿ ਗਤੀਵਿਧੀਆਂ ਨਾਲ ਸਤਿਗੁਰੂ ਦਾ ਸੰਦੇਸ਼ ਬੜੇ ਹੀ ਸੁਚੱਜੇ ਢੰਗ ਨਾਲ ਦਿੱਤਾ।ਡਾਕਟਰ ਮੋਹਿਤ ਗੁਪਤਾ ਚੰਡੀਗੜ੍ਹ ਨੇ ਆਪਣੇ ਪ੍ਰਵਚਨਾਂ ਵਿੱਚ ਫ਼ੁਰਮਾਇਆ ਕਿ ਅਸੀਂ ਇਸ ਮਨੁੱਖਾ ਜੀਵਨ ਵਿੱਚ ਰਹਿੰਦਿਆਂ ਸਤਿਗੁਰੂ ਕੋਲੋਂ ਨਿਰੰਕਾਰ ਪ੍ਰਮਾਤਮਾ ਦੇ ਦਰਸ਼ਨ ਕਰ ਸਕਦੇ ਹਾਂ।ਜਦੋਂ ਪ੍ਰਮਾਤਮਾ ਘਟ-ਘਟ ਵਿੱਚ ਨਜ਼ਰ ਆਉਣ ਲੱਗਦਾ ਹੈ ਤਾਂ ਸਾਨੂੰ ਬੱਚਿਆਂ ਨੂੰ ਵੀ ਨਿਰੰਕਾਰ ਦਾ ਹੀ ਰੂਪ ਸਮਝਣਾ ਚਾਹੀਦਾ ਹੈ। ਹਰ ਤਰ੍ਹਾਂ ਦੇ ਭੇਦਭਾਵ ਹਿਰਦਿਆਂ 'ਚੋਂ ਖ਼ਤਮ ਹੋ ਜਾਂਦੇ ਹਨ ਤੇ ਪਰ ਉਪਕਾਰ ਦੀ ਭਾਵਨਾ ਦਾ ਜਨਮ ਹੁੰਦਾ ਹੈ।ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਹਰ ਇਨਸਾਨ ਨੂੰ ਪ੍ਰਮਾਤਮਾ ਨਾਲ ਜੋੜ ਕੇ ਇਨਸਾਨੀਅਤ ਦਾ ਸਬਕ ਪੜ੍ਹਾ ਰਹੇ ਹਨ।ਇਸ ਮੌਕੇ ਸੰਤ ਨਿਰੰਕਾਰੀ ਮੰਡਲ, ਅੰਮ੍ਰਿਤਸਰ 13 ਏ ਦੇ ਜ਼ੋਨਲ ਇੰਚਾਰਜ ਰਾਕੇਸ਼ ਸੇਠੀ ਨੇ ਦੱਸਿਆ ਕਿ ਸਤਿਗੁਰੂ ਮਾਤਾ ਜੀ ਦੀ ਸਿੱਖਿਆ ਹੈ ਕਿ ਬੱਚੇ ਵੀ ਨਿਰੰਕਾਰ ਦਾ ਹੀ ਰੂਪ ਹਨ।

ਇਸੇ ਵਿਸ਼ਾਲ ਸੋਚ ਦਾ ਨਤੀਜਾ ਹੈ ਕਿ ਅੱਜ ਹਰ ਨਿਰੰਕਾਰੀ ਪਰਿਵਾਰ ਵਿੱਚ ਬੱਚਿਆਂ ਨੂੰ ਸਤਿਕਾਰ ਦਿੱਤਾ ਜਾਂਦਾ ਹੈ ਤੇ ਨਿਰੰਕਾਰੀ ਘਰ ਸਵਰਗ ਦਾ ਨਕਸ਼ਾ ਬਣ ਗਏ ਹਨ।ਇਸ ਅਵਸਰ 'ਤੇ ਬ੍ਰਾਂਚ ਸੰਯੋਜਕ ਅੰਮ੍ਰਿਤਸਰ ਮਹਾਤਮਾ ਸੂਰਜ ਪ੍ਰਕਾਸ਼ ਨੇ ਵੱਖ-ਵੱਖ ਬ੍ਰਾਂਚਾਂ ਤੋਂ ਆਈ ਸਮੂਹ ਸੰਗਤ ਦਾ ਸਵਾਗਤ ਅਤੇ ਧੰਨਵਾਦ ਕੀਤਾ।

ਟਾਂਡਾ ਤੋਂ ਠੱਠੀ, ਫਰੀਦਕੋਟ, ਸੰਦਰਪੁਰ ਨੂੰ ਜਾਂਦੀ ਸੜਕ ਦੀ ਹਾਲਤ ਤਰਸਯੋਗ, ਮਹਿਕਮਾ ਸੁੱਤਾ ਕੁੰਭਕਰਨੀ ਨੀਂਦ

ਗੁਰਦਾਸਪੁਰ, (ਜਨਕ ਮਹਾਜਨ)-ਪਿੰਡ ਟਾਂਡਾ ਤੋਂ ਠੱਠੀ, ਫਰੀਦਕੋਟ, ਜੈਨਪੁਰ, ਸੰਦਰਪੁਰ ਤੋਂ ਇਲਾਵਾ ਹੋਰਨਾਂ ਅਨੇਕਾਂ ਪਿੰਡਾਂ ਨੂੰ ਜਾਣ ਵਾਲੀ ਸੜਕ ਦੀ ਖਸਤਾ ਹਾਲਤ ਹੋਣ ਕਾਰਨ ਇੱਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ ਤੋਂ ਗੁਜ਼ਰਨ ਵਾਲੇ ਰਾਹਗੀਰਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸੰਬੰਧਿਤ ਵਿਭਾਗ ਵੱਲੋਂ ਬਹਿਰਾਮਪੁਰ ਤੋਂ ਲੈ ਕੇ ਝਬਕਰੇ ਤੱਕ ਸੜਕ ਨਵੀਂ ਬਣਾ ਦਿੱਤੀ ਗਈ ਹੈ ਪਰ ਪਿੰਡ ਟਾਂਡਾ ਤੋਂ ਜੈਨਪੁਰ, ਠੱਠੀ, ਫਰੀਦਕੋਟ ਤੋਂ ਇਲਾਵਾ ਹੋਰਨਾਂ ਪਿੰਡਾਂ ਨੂੰ ਜਾਣ ਵਾਲੀ ਲਿੰਕ ਸੜਕ ਦੀ ਵਿਭਾਗ ਵੱਲੋਂ ਕੋਈ ਸਾਰ ਨਹੀਂ ਲਈ ਗਈ। ਉਨ੍ਹਾਂ ਦੱਸਿਆ ਕਿ ਇਸ ਸੜਕ ਵਿੱਚ ਜਿੱਥੇ ਵੱਡੇ-ਵੱਡੇ ਟੋਏ ਪਏ ਹੋਏ ਹਨ ਉੱਥੇ ਹੀ ਮੋਟਾ ਬੱਜਰ ਵੀ ਉਖੜਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵਰਖਾ ਦੇ ਦਿਨਾਂ ਵਿੱਚ ਇਸ ਸੜਕ ਵਿੱਚ ਪਏ ਟੋਇਆਂ ਵਿੱਚ ਪਾਣੀ ਭਰ ਜਾਣ ਨਾਲ ਦੋਪਹੀਆ ਵਾਹਨ ਚਾਲਕਾਂ ਦਾ ਲੰਘਣਾ ਹੋਰ ਵੀ ਮੁਸ਼ਕਿਲ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬਾਰਡਰ ਏਰੀਆ ਹੋਣ ਕਾਰਨ ਵੱਡੀ ਗਿਣਤੀ ਵਿੱਚ ਇਥੋਂ ਦੇ ਪਿੰਡਾਂ ਦੇ ਲੋਕ ਗੁਰਦਾਸਪੁਰ ਸ਼ਹਿਰ ਤੋਂ ਇਲਾਵਾ ਬਹਿਰਾਮਪੁਰ ਕਸਬੇ ਨੂੰ ਸਾਮਾਨ ਵਗੈਰਾ ਖਰੀਦਣ ਆਉਂਦੇ ਜਾਂਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਬਾਰਡਰ ਏਰੀਆ ਹੋਣ ਦੇ ਬਾਵਜੂਦ ਸਬੰਧਿਤ ਵਿਭਾਗ ਵੱਲੋਂ ਇਸ ਸੜਕ ਦੀ ਮੁਰੰਮਤ ਨਹੀਂ ਕੀਤੀ ਜਾ ਰਹੀ। ਪਿੰਡ ਵਾਸੀਆਂ ਨੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਬਾਰਡਰ ਏਰੀਏ ਦੇ ਪਿੰਡਾਂ ਨੂੰ ਜਾਣ ਵਾਲੀ ਇਸ ਲਿੰਕ ਸੜਕ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਰਵਾਈ ਜਾਵੇ ਤਾਂ ਜੋ ਇੱਥੋਂ ਦੀ ਗੁਜ਼ਰਨ ਵੇਲੇ ਰਾਹਗੀਰਾਂ ਕਿਸੇ ਕਿਸਮ ਦੀ ਕੋਈ ਪਰੇਸ਼ਾਨੀ ਪੇਸ਼ ਨਾ ਆਵੇ।

ਰਾਹੁਲ ਸ਼ਰਮਾ ਨੇ ਓਪਨ ਵੇਟ ਪਾਵਰ ਲਿਫਟਿੰਗ ਵਿਸ਼ਵ ਚੈਂਪੀਅਨਸ਼ਿਪ 'ਚ 3 ਗੋਲਡ ਮੈਡਲ ਜਿੱਤੇ

ਗੁਰਦਾਸਪੁਰ, (ਜਨਕ ਮਹਾਜਨ)-ਪਿੰਡ ਬਾਬੋਵਾਲ ਦੇ ਰਾਹੁਲ ਸ਼ਰਮਾ ਨੇ ਮਾਸਕੋ ਵਿਖੇ ਹੋਈ ਓਪਨ ਵੇਟ ਪਾਵਰ ਲਿਫਟਿੰਗ ਵਿਸ਼ਵ ਚੈਂਪੀਅਨਸ਼ਿਪ ਵਿੱਚ 3 ਗੋਲਡ ਮੈਡਲ ਜਿੱਤ ਕੇ ਆਪਣੇ ਦੇਸ ਭਾਰਤ, ਸੂਬਾ ਪੰਜਾਬ ਅਤੇ ਜ਼ਿਲ੍ਹਾ ਗੁਰਦਾਸਪੁਰ ਦਾ ਨਾਮ ਰੌਸ਼ਨ ਕੀਤਾ ਹੈ।ਪਿਛਲੇ ਮਹੀਨੇ ਰੂਸ ਦੀ ਰਾਜਧਾਨੀ ਮਾਸਕੋ ਵਿਖੇ ਇੰਟਰਨੈਸ਼ਨਲ ਪਾਵਰ ਲਿਫ਼ਟਿੰਗ ਕਮੇਟੀ ਵੱਲੋਂ ਓਪਨ ਵੇਟ ਪਾਵਰ ਲਿਫਟਿੰਗ ਵਿਸ਼ਵ ਚੈਂਪੀਅਨਸ਼ਿਪ ਕਰਵਾਈ ਗਈ ਸੀ ਜਿਸ ਵਿੱਚ ਭਾਰਤ ਸਮੇਤ 63 ਦੇਸ਼ਾਂ ਦੇ ਖਿਡਾਰੀਆਂ ਨੇ ਭਾਗ ਲਿਆ ਸੀ।ਬਾਬੋਵਾਲ ਦੇ ਰਾਹੁਲ ਸ਼ਰਮਾ ਨੇ ਭਾਰਤ ਦੀ ਪ੍ਰਤੀਨਿਧਤਾ ਕਰਦਿਆਂ 120 ਕਿਲੋਗਰਾਮ ਕੈਟਾਗਰੀ ਵਿੱਚ ਓਪਨ ਵੇਟ ਪਾਵਰ ਲਿਫਟਿੰਗ ਦੇ ਤਿੰਨ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਤਿੰਨੇ ਹੀ ਮੁਕਾਬਲੇ ਜਿੱਤ ਕੇ ਗੋਲਡ ਮੈਡਲ ਹਾਸਲ ਕੀਤੇ।ਰਾਹੁਲ ਸ਼ਰਮਾ ਦਾ ਗੁਰਦਾਸਪੁਰ ਵਿਖੇ ਪਹੁੰਚਣ 'ਤੇ ਕੈਬਨਿਟ ਮੰਤਰੀ ਕਟਾਰੂਚੱਕ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਅਤੇ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ।ਇਸ ਮੌਕੇ ਰਾਹੁਲ ਸ਼ਰਮਾ ਨੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਰਮਨ ਬਹਿਲ, ਜਗਰੂਪ ਸਿੰਘ ਸੇਖਵਾਂ ਅਤੇ ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਦਾ ਇਸ ਸਨਮਾਨ ਲਈ ਧੰਨਵਾਦ ਕੀਤਾ।

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਨੇ ਜ਼ਿਲ੍ਹਾ ਪੱਧਰੀ ਫੁੱਟਬਾਲ ਮੁਕਾਬਲੇ 'ਚ ਜੌਹਰ ਦਿਖਾਏ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਬੀਤੇ ਦਿਨੀਂ 68ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਦੇ ਚੱਲਦਿਆਂ ਸੇਵਾ ਦੇਵੀ ਕਾਲਜ, ਤਰਨ ਤਾਰਨ ਵਿਖੇ ਜ਼ਿਲ੍ਹਾ ਪੱਧਰੀ ਫੁੱਟਬਾਲ ਮੁਕਾਬਲੇ ਕਰਵਾਏ ਗਏ।ਇਹ ਖੇਡ ਮੁਕਾਬਲੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਜੁਗਰਾਜ ਸਿੰਘ ਅਤੇ ਏ. ਈ. ਓ. ਮਨਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਏ ਗਏ ਅਤੇ ਇਨ੍ਹਾਂ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਗੋਇੰਦਵਾਲ ਸਾਹਿਬ ਜ਼ੋਨ ਵੱਲੋਂ ਭਾਗ ਲਿਆ।ਮੁਕਾਬਲੇ ਸਖ਼ਤ ਹੋਣ ਦੇ ਬਾਵਜੂਦ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਕੋਚ ਸੁਖਵਿੰਦਰ ਸਿੰਘ ਦੀ ਯੋਗ ਅਗਵਾਈ ਸਦਕਾ ਫੁੱਟਬਾਲ ਮੁਕਾਬਲੇ ਵਿੱਚ ਅੰਡਰ-14 ਅਤੇ ਅੰਡਰ-19 ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਬੋਲਦਿਆਂ ਸੰਸਥਾ ਦੇ ਚੇਅਰਮੈਨ ਜਸਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਰਾਜ ਪੱਧਰੀ ਮੁਕਾਬਲਿਆਂ ਦੀ ਤਿਆਰੀ ਕਰਨ ਲਈ ਉਤਸ਼ਾਹਿਤ ਕੀਤਾ।

ਪੱਤਰਕਾਰ ਦੀ ਦਿਨ-ਦਿਹਾੜੇ ਐਕਟਿਵਾ ਚੋਰੀ



ਤਾਂ ਉੱਥੇ ਉਸਦੀ ਖੜੀ ਐਕਟਿਵਾ ਨੰਬਰ ਪੀਬੀ02 ਸੀਡੀ 5677 ਮੌਜੂਦ ਨਹੀਂ ਸੀ।

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਅਜਨਾਲਾ ਸ਼ਹਿਰ ਦੇ ਭੀੜ ਭੜੱਕੇ ਵਾਲੇ ਬਾਜ਼ਾਰ ਦੇ ਮੇਨ ਚੌਕ ਵਿੱਚੋਂ ਇੱਕ ਨਿੱਜੀ ਚੈਨਲ ਦੇ ਪੱਤਰਕਾਰ ਦੀ ਐਕਟਿਵਾ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਪੱਤਰਕਾਰ ਪ੍ਰਦੀਪ ਅਰੋੜਾ ਵਾਸੀ ਅਜਨਾਲਾ ਨੇ ਦੱਸਿਆ ਕਿ ਉਹ ਦੁਪਹਿਰ ਸਮੇਂ ਬਾਬਾ ਮਹਿਰ ਬੁਖਾਰੀ ਸਲਾਨਾ ਮੇਲੇ ਦੀ ਕਵਰੇਜ ਕਰਨ ਗਿਆ ਸੀ। ਜਦ ਉਹ ਵਾਪਸ ਆਪਣੀ ਦੁਕਾਨ ਤੇ ਆਇਆ ਪੀਬੀ02 ਸੀਡੀ 5677 ਮੌਜੂਦ ਨਹੀਂ ਸੀ। ਪ੍ਰਦੀਪ ਅਰੋੜਾ ਨੇ ਦੱਸਿਆ ਕਿ ਜਦੋਂ ਮੈਂ ਨਾਲ ਵਾਲੀ ਦੁਕਾਨ 'ਤੇ ਸੀਸੀਟੀਵੀ ਕੈਮਰੇ ਦੀ ਫੁਟੇਜ ਚੈੱਕ ਕੀਤੀ ਤਾਂ 12 ਵੱਜ ਕੇ 54 ਮਿੰਟ 'ਤੇ ਦੋ ਮੋਨੇ ਨੌਜਵਾਨਾਂ ਵੱਲੋਂ ਉਸ ਦੀ ਐਕਟਿਵਾ ਚੋਰੀ ਕੀਤੀ ਗਈ ਹੈ।

ਇਸ ਸਬੰਧੀ ਪੁਲਸ ਥਾਣਾ ਅਜਨਾਲਾ ਨੂੰ ਸੂਚਿਤ ਕੀਤਾ ਗਿਆ ਹੈ।

ਡੇਢ ਲੱਖ ਮਿਲੀ ਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਦਾਊਵਾਲ ਵਿਖੇ ਇੱਕ ਸਪੈਸ਼ਲ ਨਾਕੇ ਦੌਰਾਨ ਦੋ ਵਿਅਕਤੀਆਂ ਪਾਸੋਂ ਇਕ ਲੱਖ 50 ਹਜ਼ਾਰ ਮਿਲਲੀਟਰ ਨਜਾਇਜ਼ ਸ਼ਰਾਬ ਬਰਾਮਦ ਕੀਤੀ ਹੈ ਅਤੇ ਉਕਤ ਦੋਸ਼ੀਆਂ ਨੂੰ ਮੌਕੇ 'ਤੇ ਗ੍ਰਿਫਤਾਰ ਕੀਤਾ ਹੈ। ਏ. ਐੱਸ. ਆਈ. ਸਲਿੰਦਰ ਸਿੰਘ ਨੇ ਦੱਸਿਆ ਕਿ ਉਹ ਵਹੀਕਲਾਂ ਦੀ ਚੈਕਿੰਗ ਕਰ ਰਹੇ ਸਨ ਕਿ ਪੁਲਸ ਨਾਕੇ 'ਤੇ ਸਵਿਫਟ ਗੱਡੀ ਡਿਜ਼ਾਇਰ ਪੀ. ਬੀ. 06 ਜੇ 1499 ਨੂੰ ਰੋਕਿਆ ਤਾਂ ਉਸ ਵਿੱਚੋਂ ਚਾਰ ਕੈਨ ਸ਼ਰਾਬ ਦੇ ਨਿਕਲੇ। ਉਨ੍ਹਾਂ ਦੱਸਿਆ ਕਿ ਜਾਰਜ ਮਸੀਹ ਪੁੱਤਰ ਗੁਲਾਮ ਮਸੀਹ, ਅਸ਼ੋਕ ਕੁਮਾਰ ਪੁੱਤਰ ਜੈਮਿਸ ਮਸੀਹ ਵਾਸੀ ਗੋਤ ਪੋਕਰ ਜਿਲ੍ਹਾ ਗੁਰਦਾਸਪੁਰ ਖਿਲਾਫ ਐਕਸਾਈਜ਼ ਐਕਟ ਤਹਿਤ ਮਾਮਲਾ ਦਰਜ ਕਰਕੇ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ।

ਡੈਲਟਾ ਡਾਇਗਨੋਸਟਿਕ ਸੈਂਟਰ ਨੇ ਮੁਫਤ ਮੈਡੀਕਲ ਕੈਂਪ ਲਗਾਇਆ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ-ਅੰਮ੍ਰਿਤਸਰ ਰੋਡ 'ਤੇ ਸਥਿਤ ਡੈਲਟਾ ਡਾਇਗੋਨਸਟਿਕ ਸੈਂਟਰ ਵੱਲੋਂ ਇੱਕ ਫਰੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਦੀ ਅਗਵਾਈ ਡਾਕਟਰ ਮਾਧਵ ਅਰੋੜਾ ਅਤੇ ਉਨ੍ਹਾਂ ਦੇ ਸਟਾਫ ਨੇ ਕੀਤੀ। ਡਾਕਟਰ ਮਾਧਵ ਅਰੋੜਾ ਨੇ ਦੱਸਿਆ ਕਿ ਇਸ ਵਿੱਚ ਵੱਖ-ਵੱਖ ਬਿਮਾਰੀਆਂ ਦੇ ਤਕਰੀਬਨ 100 ਤੋਂ ਜ਼ਿਆਦਾ ਮਰੀਜ਼ਾਂ ਦਾ ਪ੍ਰੀ ਮੈਡੀਕਲ ਟੈਸਟ ਕੀਤੇ ਗਏ ਅਤੇ

3-Sep-PAGE-4.qxd 9/2/2024 10:18 PM Page 1

ਨਵਾਂ ਜ਼ਮਾਨਾ
ਮੰਗਲਵਾਰ, 3 ਸਤੰਬਰ 2024

ਮਹਿਲਾ ਸੁਰੱਖਿਆ ਦਾ ਢੌਂਗ

ਪਿਛਲੇ ਦਿਨੀਂ ਕੋਲਕਾਤਾ ਦੇ ਇੱਕ ਹਸਪਤਾਲ ਵਿੱਚ ਇੱਕ ਟਰੇਨੀ ਡਾਕਟਰ ਨਾਲ ਹੋਏ ਬਲਾਤਕਾਰ ਤੇ ਹੱਤਿਆ ਦਾ ਮਾਮਲਾ ਦੇਸ਼ ਭਰ ਦੇ ਲੋਕਾਂ ਲਈ ਗੁੱਸੇ ਤੇ ਚਿੰਤਾ ਦਾ ਕਾਰਨ ਬਣਿਆ ਰਿਹਾ ਸੀ। ਪੱਛਮੀ ਬੰਗਾਲ ਵਿੱਚ ਇਸ ਮਾਮਲੇ ਨੂੰ ਲੈ ਕੇ ਵਿਦਿਆਰਥੀ ਤੇ ਡਾਕਟਰ ਸੜਕਾਂ ਉੱਤੇ ਨਿਕਲ ਆਏ ਸਨ। ਉਹ ਇਸ ਕੇਸ ਦੀ ਜਾਂਚ ਸੀ ਬੀ ਆਈ ਹਵਾਲੇ ਕਰਨ ਦੀ ਮੰਗ ਕਰ ਰਹੇ ਸਨ। ਹਾਈ ਕੋਰਟ ਦੇ ਦਖ਼ਲ ਬਾਅਦ ਜਲਦੀ ਹੀ ਇਹ ਮਾਮਲਾ ਸੀ ਬੀ ਆਈ ਹਵਾਲੇ ਕਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਭਾਜਪਾ ਨੇ ਇਸ ਮਾਮਲੇ ਨੂੰ ਲੈ ਕੇ ਸਿਆਸੀ ਲਾਹਾ ਲੈਣ ਲਈ ਪਹਿਲਾਂ ਸਕੱਤਰੇਤ ਤੱਕ ਰੋਸ ਮਾਰਚ ਕਢ ਕੇ ਤੇ ਫਿਰ ਬੰਗਾਲ ਬੰਦ ਦਾ ਸੱਦਾ ਦੇ ਕੇ ਮਹਿਲਾ ਸੁਰੱਖਿਆ ਦੀ ਚੈਂਪੀਅਨ ਬਣਨ ਦੀ ਕੋਸ਼ਿਸ਼ ਕੀਤੀ, ਪਰ ਲੋਕਾਂ ਨੇ ਸਾਥ ਨਹੀਂ ਦਿੱਤਾ।

ਸੱਚਾਈ ਇਹ ਹੈ ਕਿ ਕੇਂਦਰ ਵਿੱਚ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਹਰ ਮੌਕੇ ਉੱਤੇ ਭਾਜਪਾ ਆਗੂ ਬਲਾਤਕਾਰੀਆਂ ਦੇ ਹੱਕ ਵਿੱਚ ਭੁਗਤਦੇ ਰਹੇ ਹਨ। ਜੰਮੂ ਦੇ ਕਠੂਆ ਵਿੱਚ ਇੱਕ 8 ਸਾਲਾ ਬੱਚੀ ਦੀ ਇੱਕ ਮੰਦਰ ਵਿੱਚ ਬਲਾਤਕਾਰ ਤੋਂ ਬਾਅਦ ਹੱਤਿਆ ਕਰ ਦਿੱਤੀ ਗਈ ਸੀ ਤਾਂ ਦੋਸ਼ੀਆਂ ਨੂੰ ਬਚਾਉਣ ਲਈ ਸਥਾਨਕ ਭਾਜਪਾ ਆਗੂਆਂ ਨੇ ਤਿਰੰਗਾ ਯਾਤਰਾ ਕੱਢੀ ਸੀ। ਇਹੋ ਨਹੀਂ ਉਨਾਵ ਤੋਂ ਹਾਥਰਸ ਤੱਕ ਬਲਾਤਕਾਰ ਦੇ ਹਰ ਕੇਸ ਵਿੱਚ ਭਾਜਪਾ ਦੀ ਭੂਮਿਕਾ ਬਲਾਤਕਾਰੀਆਂ ਨੂੰ ਬਚਾਉਣ ਵਾਲੀ ਰਹੀ ਹੈ। ਬਿਲਕਿਸ ਬਾਨੋ ਕੇਸ ਦੇ ਗੁਨਾਹਗਾਰਾਂ ਨੂੰ ਜੇਲ੍ਹ 'ਚੋਂ ਕੱਢ ਕੇ ਉਨ੍ਹਾਂ ਦਾ ਮਹਿਮਾਮੰਡਨ ਕਰਨ ਦਾ ਤਮਗਾ ਵੀ ਭਾਜਪਾ ਨੂੰ ਹੀ ਹਾਸਲ ਹੈ। ਆਸਾ ਰਾਮ ਤੇ ਗੁਰਮੀਤ ਰਾਮ ਰਹੀਮ ਵਰਗੇ ਦੁਰਾਚਾਰੀਆਂ ਨੂੰ ਵਾਰ-ਵਾਰ ਜ਼ਮਾਨਤ ਤੇ ਫਰਲੋ ਮਿਲਣੀ ਭਾਜਪਾ ਦੇ ਰਾਜ ਵਿੱਚ ਹੀ ਸੰਭਵ ਹੋ ਸਕਦੀ ਹੈ।

ਹੁਣ ਤਾਜ਼ਾ ਮਾਮਲਾ ਬਨਾਰਸ ਹਿੰਦੂ ਯੂਨੀਵਰਸਿਟੀ ਵਿੱਚ ਹੋਏ ਬਹੁ-ਚਰਚਿਤ ਗੈਂਗਰੇਪ ਦੇ ਦੋ ਮੁਲਜ਼ਮਾਂ ਦਾ ਹੈ, ਜਿਨ੍ਹਾਂ ਨੂੰ ਹਾਈ ਕੋਰਟ ਤੋਂ ਜ਼ਮਾਨਤ ਮਿਲ ਗਈ ਹੈ। ਜੇਲ੍ਹ ਤੋਂ ਬਾਹਰ ਆਉਣ ਸਮੇਂ ਇਨ੍ਹਾਂ ਦਾ ਪੁਰਜ਼ੋਰ ਸਵਾਗਤ ਹੋਇਆ, ਜਿਵੇਂ ਉਹ ਉਲੰਪਿਕ 'ਚੋਂ ਮੈਡਲ ਜਿੱਤ ਕੇ ਆਏ ਹੋਣ। ਮਾਮਲੇ 'ਚ ਤਿੰਨੇ ਮੁਲਜ਼ਮ ਭਾਜਪਾ ਆਈ ਟੀ ਸੈੱਲ ਦੇ ਅਹੁਦੇਦਾਰ ਸਨ।

ਆਈ ਆਈ ਟੀ ਬਨਾਰਸ ਹਿੰਦੂ ਯੂਨੀਵਰਸਿਟੀ ਦੀ 20 ਸਾਲਾ ਵਿਦਿਆਰਥਣ 1 ਨਵੰਬਰ 2023 ਨੂੰ ਦੀ ਰਾਤ ਜਦੋਂ ਆਪਣੇ ਹੋਸਟਲ ਨੂੰ ਜਾ ਰਹੀ ਸੀ ਤਾਂ ਬਾਈਕ ਸਵਾਰ 3 ਮੁੰਡਿਆਂ ਨੇ ਉਸ ਨੂੰ ਬੰਧਕ ਬਣਾ ਕੇ ਬਲਾਤਕਾਰ ਕੀਤਾ ਸੀ। ਇਸ ਘਟਨਾ ਵਿਰੁੱਧ ਅਗਲੇ ਦਿਨ ਯੂਨੀਵਰਸਿਟੀ ਦੇ ਵਿਦਿਆਰਥੀ ਉਠ ਖੜ੍ਹੇ ਹੋਏ ਸਨ। ਯੋਗੀ ਦੀ ਪੁਲਸ ਨੇ ਅੰਦੋਲਨਕਾਰੀਆਂ ਉੱਤੇ ਬੇਕਿਰਕੀ ਨਾਲ ਜਬਰ ਕੀਤਾ, ਪਰ ਵਿਦਿਆਰਥੀ ਇਨਸਾਫ਼ ਦੀ ਮੰਗ ਉੱਤੇ ਅੜੇ ਰਹੇ। ਆਖਰ ਦੋ ਮਹੀਨੇ ਬਾਅਦ ਪੁਲਸ ਇਨ੍ਹਾਂ ਮੁਲਜ਼ਮਾ ਨੂੰ ਗ੍ਰਿਫ਼ਤਾਰ ਕਰਨ ਲਈ ਮਜਬੂਰ ਹੋਈ। ਇਨ੍ਹਾਂ ਤਿੰਨਾਂ ਦੇ ਨਾਂਅ ਕੁਨਾਲ ਪਾਂਡੇ, ਸਕਸ਼ਮ ਪਟੇਲ ਤੇ ਅਭਿਸ਼ੇਕ ਚੌਹਾਨ ਹਨ।

ਗੈਂਗਰੇਪ ਤੋਂ ਬਾਅਦ ਇਹ ਤਿੰਨੇ ਮੁਲਜ਼ਮ ਮੱਧ ਪ੍ਰਦੇਸ਼ ਵਿਧਾਨ ਸਭਾ ਦੀਆਂ ਚੋਣਾਂ ਵਿੱਚ 'ਮੋਦੀ ਦੀ ਗਰੰਟੀ' ਵਾਲੇ ਪੈਂਫਲਟ ਵੰਡਦੇ ਰਹੇ ਸਨ। ਇਨ੍ਹਾਂ ਤਿੰਨਾਂ ਦੀਆਂ ਤਸਵੀਰਾਂ ਮੋਦੀ, ਯੋਗੀ ਤੇ ਨੱਢਾ ਵਰਗੇ ਉੱਚ ਭਾਜਪਾ ਆਗੂਆਂ ਨਾਲ ਹਨ। ਇਸ ਲਈ ਬਨਾਰਸ ਪੁਲਸ ਉਨ੍ਹਾਂ ਦੇ ਮੱਧ ਪ੍ਰਦੇਸ਼ ਵਿੱਚ ਚੋਣ ਪ੍ਰਚਾਰ ਤੋਂ ਵਾਪਸੀ ਦਾ ਇੰਤਜ਼ਾਰ ਕਰਦੀ ਰਹੀ। ਇਨ੍ਹਾਂ ਦਾ ਭਾਜਪਾ ਵਿੱਚ ਉੱਚਾ ਕੱਦ ਸੀ, ਇਸ ਲਈ ਬੁਲਡੋਜ਼ਰ ਸਟਾਰਟ ਨਹੀਂ ਹੋ ਸਕਿਆ।

ਇਨ੍ਹਾਂ ਤਿੰਨਾਂ ਵਿੱਚੋਂ ਦੋ ਮੁਲਜ਼ਮਾ ਕੁਨਾਲ ਪਾਂਡੇ ਤੇ ਅਭਿਸ਼ੇਕ ਚੌਹਾਨ ਨੂੰ ਇਲਾਹਾਬਾਦ ਹਾਈ ਕੋਰਟ ਨੇ ਜ਼ਮਾਨਤ ਦੇ ਦਿੱਤੀ ਹੈ। ਤੀਜੇ ਮੁਲਜ਼ਮ ਸਕਸ਼ਮ ਪਟੇਲ ਦੀ ਅਰਜ਼ੀ ਦੀ ਸੁਣਵਾਈ ਅਗਲੀ ਤਰੀਕ ਉੱਤੇ ਹੋਵੇਗੀ। ਅਲਾਹਾਬਾਦ ਹਾਈ ਕੋਰਟ ਨੇ ਜ਼ਮਾਨਤ ਮਨਜ਼ੂਰ ਕਰਦਿਆਂ ਕਿਹਾ ਹੈ ਕਿ ਸਰਕਾਰੀ ਪੱਖ ਮੁਲਜ਼ਮਾਂ ਵਿਰੁੱਧ ਠੋਸ ਸਬੂਤ ਪੇਸ਼ ਨਹੀਂ ਕਰ ਸਕਿਆ। ਅਦਾਲਤ ਦੀ ਇਸ ਟਿਪਣੀ ਨਾਲ ਮੁਲਜ਼ਮਾਂ ਨਾਲ ਪੁਲਸ ਦੀ ਮਿਲੀਭੁਗਤ ਸਾਹਮਣੇ ਆਉਂਦੀ ਹੈ। ਇਹ ਜਾਨਣਾ ਜ਼ਰੂਰੀ ਹੈ ਕਿ ਬਲਾਤਕਾਰ ਦੇ ਕੇਸਾਂ ਵਿੱਚ ਅਦਾਲਤ ਬਿਨਾਂ ਠੋਸ ਸਬੂਤਾਂ ਦੇ ਜ਼ਮਾਨਤ ਨਹੀਂ ਦਿੰਦੀ। ਕਈ ਵਾਰ ਤਾਂ ਮੁਲਜ਼ਮ 4-4 ਸਾਲ ਜੇਲ੍ਹ ਵਿੱਚ ਰਹਿੰਦੇ ਹਨ, ਤਦ ਜਾ ਕੇ ਉਨ੍ਹਾਂ ਦੀ ਜ਼ਮਾਨਤ ਹੁੰਦੀ ਹੈ। ਇਸ ਕੇਸ ਵਿੱਚ ਮੁਲਜ਼ਮ ਸਿਰਫ਼ 8 ਮਹੀਨਿਆਂ ਵਿੱਚ ਹੀ ਬਾਹਰ ਆ ਗਏ ਹਨ। ਭਾਜਪਾ ਸ਼ਾਸਤ ਰਾਜ ਦੀ ਪੁਲਸ ਕੋਲੋਂ ਭਾਜਪਾਈਆਂ ਦੇ ਖ਼ਿਲਾਫ਼ ਠੋਸ ਸਬੂਤ ਪੇਸ਼ ਕਰਨ ਦੀ ਕਿਵੇਂ ਉਮੀਦ ਕੀਤੀ ਜਾ ਸਕਦੀ ਹੈ, ਜਿਹੜੀ ਦੋ ਮਹੀਨੇ ਇਹੋ ਇੰਤਜ਼ਾਰ ਕਰਦੀ ਰਹੀ ਕਿ ਮੱਧ ਪ੍ਰਦੇਸ਼ ਦੀਆਂ ਚੋਣਾਂ ਮੁੱਕ ਜਾਣ ਤਾਂ ਉਹ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਸਕੇ। ਇਹ ਸਾਰੀ ਘਟਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਜਪਾ ਦੇ ਮਹਿਲਾ ਸੁਰੱਖਿਆ ਦੇ ਢੌਂਗ ਦਾ ਪੂਰੀ ਤਰ੍ਹਾਂ ਪਰਦਾਫਾਸ਼ ਕਰਦੀ ਹੈ।

-ਚੰਦ ਫਤਿਹਪੁਰੀ

ਭਾਰਤਮਾਲਾ ਪ੍ਰੋਜੈਕਟ : ਕਿਸ ਲਈ ਵਰਦਾਨ, ਕਿਸ ਲਈ ਸਰਾਪ

ਅਰਮਿੰਦਰ ਸਿੰਘ ਮਾਨ

ਆਧੁਨਿਕ ਸਮੇਂ ਵਿੱਚ ਵਿਚਰਦਿਆਂ ਮਨੁੱਖ ਦੀਆਂ ਵਧਦੀਆਂ ਲਾਲਸਾਵਾਂ ਮੁਤਾਬਿਕ ਜ਼ਿਆਦਾ ਤੇਜ਼ ਰਫਤਾਰ ਨਾਲ ਹੋ ਰਿਹਾ ਬਦਲਾਅ ਅੱਜ ਬੌਧਿਕ ਮੰਚ 'ਤੇ ਚਿੰਤਨ ਦਾ ਵਿਸ਼ਾ ਬਣਨਾ ਚਾਹੀਦਾ ਹੈ। ਅੱਜ ਇਹ ਵਿਚਾਰਨ ਦੀ ਲੋੜ ਹੈ ਕਿ ਕੁਦਰਤ ਨਾਲ ਛੇੜਛਾੜ ਕਰਨ ਵਾਲਾ ਵਿਕਾਸ ਸਮੁੱਚੀ ਮਨੁੱਖੀ ਸੱਭਿਅਤਾ ਦੇ ਭਲੇ ਲਈ ਕਿੰਨਾ ਕੁ ਅਨੁਕੂਲ ਹੈ? ਕਿਤੇ ਵਰਗੀਕਰਨ ਦੇ ਇਸ ਦੌਰ ਵਿੱਚ ਇੱਕ ਵਰਗ ਦੀ ਵਿੱਤੀ ਅਜਾਰੇਦਾਰੀ ਸਥਾਪਤ ਕਰਨ ਵਾਸਤੇ ਦੂਸਰੇ ਕਿਰਤੀ ਵਰਗ ਨੂੰ ਮੁਕੰਮਲ ਤੌਰ 'ਤੇ ਸਾਧਨਹੀਣ ਕਰਨ ਦੀ ਦਿਸ਼ਾ ਵੱਲ ਤਾਂ ਨਹੀਂ ਤੋਰਿਆ ਜਾ ਰਿਹਾ? ਦੇਸ਼ ਦਾ ਭਾਰਤਮਾਲਾ ਪ੍ਰੋਜੈਕਟ ਕਿਤੇ ਪੰਜਾਬ ਵਿੱਚ ਉਕਤ ਸ਼ੰਕੇ ਦੀ ਪੁਸ਼ਟੀ ਤਾਂ ਨਹੀਂ ਕਰ ਰਿਹਾ? ਕਿਸੇ ਵੀ ਸਟੇਟ ਵਿੱਚ ਕਿਸੇ ਉਸਾਰੀ/ਵਿਕਾਸ ਸਮੇਂ ਸੰਬੰਧਤ ਸਥਾਨ ਦੇ ਕੁਝ ਵਸਨੀਕਾਂ ਦਾ ਵਾਸਾ ਤਬਦੀਲ ਹੋਣਾ, ਆਰਥਿਕ ਅਤੇ ਸਮਾਜਿਕ ਨਿਰਭਰਤਾ ਵਾਲੇ ਸ੍ਰੋਤਾਂ ਦਾ ਸੁੰਗੜਨਾ ਅਕਸਰ ਹੀ ਵਾਪਰਦਾ ਹੈ, ਜਿਸ ਦੀ ਮੁਕੰਮਲ ਰੂਪ ਵਿੱਚ ਭਰਪਾਈ ਕਰਨਾ ਸੰਬੰਧਤ ਸਟੇਟ ਦੀ ਪ੍ਰਬੰਧਕੀ ਅਤੇ ਨੈਤਿਕ ਜ਼ਿੰਮੇਵਾਰੀ ਬਣਦੀ ਹੈ, ਪਰ ਸਿਤਮ-ਜ਼ਰੀਫੀ ਵਾਲੀ ਗੱਲ ਹੈ ਕਿ ਭਾਰਤਮਾਲਾ ਰੂਟ ਤੋਂ ਉਜਾੜੇ ਜਾਣ ਵਾਲੇ ਕਿਸਾਨਾਂ ਲਈ ਉਨ੍ਹਾਂ ਦੀਆਂ ਜ਼ਮੀਨਾਂ ਦਾ ਚੱਲਦੇ ਭਾਅ ਮੁਤਾਬਿਕ ਮੁੱਲ ਦੇਣ ਦੀ ਬਜਾਏ ਕੇਂਦਰ ਅਤੇ ਪੰਜਾਬ ਸਰਕਾਰ ਇੱਕ-ਦੂਜੇ ਉਪਰ ਜ਼ਿੰਮੇਵਾਰੀ ਸੁੱਟ ਕੇ ਕਿਸਾਨਾਂ ਦੇ ਰੋਜ਼ਗਾਰ ਦਾ ਬਦਲਵਾਂ ਪ੍ਰਬੰਧ ਕੀਤੇ ਬਗੈਰ ਆਪੋ-ਆਪਣਾ ਪੱਲਾ ਝਾੜ ਰਹੀਆਂ ਹਨ।

ਭਾਰਤ ਦੇਸ਼ ਲਈ ਪੰਜਾਬ ਜੀ.ਐੱਸ.ਟੀ ਅਤੇ ਹੋਰਨਾਂ ਟੈਕਸਾਂ ਦਾ ਵੱਡਾ ਸ੍ਰੋਤ ਹੈ। ਦੇਸ਼ ਦੇ ਕੇਂਦਰੀ ਪੂਲ ਵਿੱਚ ਅਨਾਜ ਦਾ ਸਭ ਤੋਂ ਵੱਧ ਯੋਗਦਾਨ ਪਾਉਣ ਵਾਲੇ ਪੰਜਾਬ ਵਿੱਚ ਭਾਰਤਮਾਲਾ ਸੜਕ ਦਾ ਪੈਂਡਾ 1753 ਕਿਲੋਮੀਟਰ ਲੰਬਾ ਹੈ। ਇੱਥੋਂ ਭਾਰਤਮਾਲਾ ਸੜਕ ਲਈ ਜ਼ਮੀਨਾਂ ਲੈਣ ਬਦਲੇ ਰਾਜਸਥਾਨ ਜਾਂ ਹੋਰਨਾਂ ਸੂਬਿਆਂ ਦੇ ਪੈਟਰਨ 'ਤੇ ਜ਼ਮੀਨੀ ਕੀਮਤ ਬਾਰੇ ਦਲੀਲ ਦੇਣਾ ਪੰਜਾਬ ਦੇ ਕਿਸਾਨਾਂ ਨਾਲ ਸਭ ਤੋਂ ਵੱਡੀ ਬੇਇਨਸਾਫੀ ਮੰਨੀ ਜਾ ਰਹੀ ਹੈ। ਸੂਬੇ ਵਿੱਚ ਸਥਾਨਕ ਅਫਸਰਸ਼ਾਹੀ ਵੱਲੋਂ ਆਪਣੇ ਸੌੜੇ ਹਿੱਤਾਂ ਲਈ ਮਿੱਥੇ ਹੋਏ ਜ਼ਮੀਨਾਂ ਦੇ ਨਿਗੂਣੇ ਕੁਲੈਕਟਰ ਰੇਟ ਮੁਤਾਬਿਕ ਰੋਕੀਆਂ ਜਾਣ ਵਾਲੀਆਂ ਜਮੀਨਾਂ ਦੀ ਅਸੈਸਮੈਂਟ ਲਈ ਆਧਾਰ ਬਣਾਉਣੇ ਕਿਸਾਨਾਂ ਨਾਲ ਨਿਆਂ ਨਹੀਂ ਹੈ। ਇਹੋ ਕਾਰਨ ਹੈ ਕਿ ਪੰਜਾਬ ਵਿੱਚ ਭਾਰਤਮਾਲਾ ਸੜਕ ਲਈ ਇਕੁਆਇਰ ਕੀਤੀਆਂ ਜਾਣ ਵਾਲੀਆਂ ਜ਼ਮੀਨਾਂ ਦੇ ਕਈ ਥਾਵਾਂ ਤੋਂ ਕਬਜ਼ੇ ਨਹੀਂ ਛੱਡੇ ਜਾ ਰਹੇ। ਕਿਸਾਨਾਂ ਦੇ ਕਈ ਜਥੇਬੰਦਕ ਸੰਗਠਨ ਭਾਰਤਮਾਲਾ ਪ੍ਰੋਜੈਕਟ ਨੂੰ ਰੱਦ ਕੀਤੇ ਤਿੰਨ ਖੇਤੀ ਕਾਨੂੰਨਾਂ ਦੀ ਦੁਬਾਰਾ ਵਾਪਸੀ ਦੇ ਤਿਆਰ ਕੀਤੇ ਜਾ ਰਹੇ ਆਧਾਰ ਵਜੋਂ ਵੇਖ ਰਹੇ ਹਨ। ਕਾਰੋਬਾਰੀ ਅਤੇ ਜਾਗਰੂਕ ਸੋਚ ਵਾਲੇ ਬਹੁਤ ਥੋੜ੍ਹੇ ਕਿਸਾਨ ਹੀ ਇਕੁਆਇਰ ਜ਼ਮੀਨਾਂ ਦੇ ਵਾਜਿਬ ਭਾਅ ਲੈਣ ਦੇ ਸਮਰੱਥ ਹੋਏ ਹਨ, ਜੋ ਸੜਕ 'ਤੇ ਲੱਗਦੀਆਂ ਆਪਣੀਆਂ ਜ਼ਮੀਨਾਂ ਨੂੰ ਇਸ ਪ੍ਰੋਜੈਕਟ ਦੀ ਨਿਸ਼ਾਨਦੇਹੀ ਤੋਂ ਪਹਿਲਾਂ ਹੀ ਗੈਰ ਮੁਮਕਿਨ/ਸੀ.ਐੱਲ .ਯੂ ਕਰਵਾ ਚੁੱਕੇ ਹਨ, ਪਰ ਖੇਤੀ ਕਾਸ਼ਤਕਾਰ ਅਤੇ ਗੈਰ ਕਾਰੋਬਾਰੀ ਕਿਸਾਨਾਂ ਨੂੰ ਉਨ੍ਹਾਂ ਦੀ ਅਹਿਮ ਥਾਵਾਂ 'ਤੇ ਲਗਦੀ ਜ਼ਮੀਨ ਸਰਕਾਰ ਦੀ ਨੀਤੀ ਮੁਤਾਬਿਕ ਤਾਂ ਮਾਰਕੀਟ ਵਿੱਚ ਚਲਦੇ ਭਾਅ ਦਾ 10ਵਾਂ ਹਿੱਸਾ ਮੁੱਲ ਹੀ ਦਿਵਾ ਸਕੇਗੀ । ਮਿਸਾਲ ਵਜੋਂ ਲਹਿਰਾ ਬੇਗਾ, ਲਹਿਰਾ ਮੁਹੱਬਤ ਦੀ ਹੱਦਬਸਤ ਵਿੱਚ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇਅ-7 'ਤੇ ਭਾਰਤਮਾਲਾ ਸੜਕ ਕਰਾਸ ਕਰਕੇ ਲੰਘਾਈ ਜਾਣੀ ਹੈ ਅਤੇ ਨੈਸ਼ਨਲ ਹਾਈਵੇਅ ਸੜਕ ਪਾਰ ਹੁੰਦਿਆਂ ਹੀ ਇਸ ਦੇ ਫਰੰਟ ਲਾਗੇ ਇਸ ਪ੍ਰੋਜੈਕਟ ਤਹਿਤ ਵੱਡਾ ਚੌਂਕ ਬਣਾਉਣ ਲਈ 110 ਕਿਸਾਨਾਂ ਦੀ ਮਾਲਕੀ ਵਾਲੀ 64 ਏਕੜ ਜ਼ਮੀਨ ਇਕੁਆਇਰ ਕਰਨ ਲਈ ਨਿਸ਼ਾਨਦੇਹੀ ਅਤੇ ਐਵਾਰਡ ਹੋ ਚੁੱਕਿਆ ਹੈ। ਇਸ ਵਿੱਚੋਂ 24 ਏਕੜ ਜ਼ਮੀਨ ਨੈਸ਼ਨਲ ਹਾਈਵੇਅ ਦੇ ਫਰੰਟ 'ਤੇ ਲਗਦੀ ਹੈ। ਇਨ੍ਹਾਂ ਸੈਂਕੜੇ ਕਿਸਾਨਾਂ ਵਿੱਚੋਂ 80 ਫੀਸਦੀ ਕਿਸਾਨ ਢਾਈ ਏਕੜ ਦੀ ਮਾਲਕੀ ਵਾਲੇ ਛੋਟੇ ਕਿਸਾਨ ਹਨ, ਜਿਨ੍ਹਾਂ ਨੇ ਆਪਣੀ ਵਪਾਰਕ ਅਹਿਮੀਅਤ ਵਾਲੀ ਜ਼ਮੀਨ ਤੋਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੱਡੀਆਂ ਆਸਾਂ ਲਗਾਈਆਂ ਹੋਈਆਂ ਸਨ, ਕਿਉਂਕਿ ਨੈਸ਼ਨਲ ਹਾਈਵੇਅ ਦੀ ਭਾਰਤਮਾਲਾ ਦੁਆਰਾ ਹੋਣ ਵਾਲੀ ਕਰਾਸਿੰਗ ਹੇਠਲੀ ਅਤੇ ਲਾਗੇ ਦੀ ਜ਼ਮੀਨ ਨੇੜਲੇ ਭਵਿੱਖ ਦੌਰਾਨ ਹੀ ਸਿਖਰਲੀ ਅਹਿਮੀਅਤ ਵਾਲੀ ਹੈ, ਕਿਉਂਕਿ ਇਸ ਦੇ ਇੱਕ ਪਾਸੇ ਇਸੇ ਨੈਸ਼ਨਲ ਹਾਈਵੇਅ ਉਪਰ ਕੁਝ ਦੂਰੀ 'ਤੇ ਆਦੇਸ਼ ਮੈਡੀਕਲ ਯੂਨੀਵਰਸਿਟੀ ਬਠਿੰਡਾ, ਨਿੱਜੀ ਵਿਦਿਅਕ ਅਦਾਰੇ, ਫੈਕਟਰੀ ਆਊਟਲੈਟਸ ਅਤੇ ਟੂਰਿਸਟ ਪਲੇਸ ਹੈ, ਦੂਜੇ ਪਾਸੇ ਇਸੇ ਨੈਸ਼ਨਲ ਹਾਈਵੇਅ ਉਪਰ ਕੁਝ ਦੂਰੀ 'ਤੇ ਲਹਿਰਾ ਮੁਹੱਬਤ ਥਰਮਲ ਪਲਾਂਟ ਦਾ ਵਿਕਸਿਤ ਬਾਜ਼ਾਰ ਹੈ, ਪਰ ਇਨ੍ਹਾਂ ਦੇ ਵਿਚਕਾਰ 'ਚ ਸਥਿਤ ਲਹਿਰਾ ਬੇਗਾ ਦੀ ਜੂਹ ਅੰਦਰ ਨੈਸ਼ਨਲ ਹਾਈਵੇਅ ਦੇ ਫਰੰਟ 'ਤੇ ਲੱਗਦੀਆਂ ਜ਼ਮੀਨਾਂ ਦੇ ਜਾਰੀ ਹੋਏ ਕੀਮਤੀ ਐਵਾਰਡ ਕਿਸਾਨਾਂ ਨਾਲ ਸਰਾਸਰ ਬੇਇਨਸਾਫੀ ਅਤੇ ਕਾਣੀਵੰਡ ਕਰ ਰਹੇ ਹਨ, ਜਿਸ ਦਾ ਸਭ ਤੋਂ ਵੱਧ ਵਿੱਤੀ ਨੁਕਸਾਨ ਗੈਰ ਕਾਰੋਬਾਰੀ ਛੋਟੇ ਕਿਸਾਨਾਂ ਨੂੰ ਹੋ ਰਿਹਾ ਹੈ, ਜਿਵੇਂ ਕਿ ਨੈਸ਼ਨਲ ਹਾਈਵੇਅ ਦੇ ਫਰੰਟ 'ਤੇ ਲੱਗਦੇ 77 ਮਸਤੀਲ ਦੇ ਕਿੱਲਾ ਨੰ: 2 ਅਤੇ 3 ਆਕਾਰ ਅਤੇ ਮਾਰਕੀਟ ਸਥਿਤੀ ਪੱਖੋਂ ਤਾਂ ਬਰਾਬਰ ਹਨ, ਪਰ ਇਨ੍ਹਾਂ ਵਿੱਚ ਕਿੱਲਾ ਨੰ: 2 ਵਿੱਚ ਪੈਟਰੋਲ ਪੰਪ ਲਗਾਇਆ ਹੋਣ ਕਰਕੇ ਉਸ ਜ਼ਮੀਨ ਦਾ ਐਵਾਰਡ ਮੁਤਾਬਿਕ ਰੇਟ 2 ਕਰੋੜ 22 ਲੱਖ 15 ਹਜ਼ਾਰ 600 ਰੁਪਏ ਮਿੱਥਿਆ ਗਿਆ ਹੈ, ਜਦੋਂ ਕਿ ਇਸ ਦੇ ਬਿਲਕੁਲ ਨਾਲ ਸ਼ੁਰੂ ਹੁੰਦੇ ਬਰਾਬਰ ਦੇ ਫਰੰਟ ਸਾਈਜ਼ ਵਾਲੇ ਕਿੱਲਾ ਨੰ: 3 ਦੀ ਕੀਮਤ ਸਿਰਫ 24 ਲੱਖ ਰੁਪਏ ਮਿੱਥੀ ਗਈ ਹੈ, ਕਿਉਂਕਿ ਇਸ ਜ਼ਮੀਨ ਦਾ ਮਾਲਕ ਛੋਟਾ ਕਿਸਾਨ ਹੋਣ ਕਰਕੇ ਬੀਤੇ ਸਮੇਂ ਦੌਰਾਨ ਗੈਰ ਮੁਮਕਿਨ/ਸੀ.ਐੱਲ.ਯੂ ਕਰਵਾਉਣ ਦੀ ਪਹੁੰਚ ਵਾਲਾ ਨਾ ਹੋਣ ਕਰਕੇ ਵੱਡੇ ਆਰਥਿਕ ਵਿਤਕਰੇ ਦਾ ਸ਼ਿਕਾਰ ਹੋ ਰਿਹਾ ਹੈ। ਪੈਦਾ ਹੋਏ ਇਨ੍ਹਾਂ ਹਾਲਾਤਾਂ ਵਿੱਚ ਸਪੱਸ਼ਟ ਹੈ ਕਿ ਦੇਸ਼ ਅਤੇ ਸੂਬੇ ਦਾ ਉੱਸਰ ਰਿਹਾ ਨਵਾਂ ਵਿਕਾਸ ਮਾਡਲ ਖੇਤੀ ਕਾਸ਼ਤਕਾਰ ਦੇ ਹਿੱਤਾਂ ਦੇ ਜ਼ਾਹਿਰਾ ਤੌਰ 'ਤੇ ਵਿਰੁੱਧ ਦਿਖਾਈ ਦੇ ਰਿਹਾ ਹੈ, ਜਦੋਂ ਕਿ ਪਿਛਲੇ ਸਾਲਾਂ ਦੌਰਾਨ ਤਿੰਨ ਖੇਤੀ ਕਾਨੂੰਨਾਂ ਦੇ ਸੰਦਰਭ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਇੱਕ ਬਿਆਨ ਜਾਰੀ ਕੀਤਾ ਸੀ ਕਿ 'ਉਨ੍ਹਾਂ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਖੇਤੀ ਬਦਲਾਅ ਦੇ ਫਾਇਦਿਆਂ ਨੂੰ ਜਾਂ ਤਾਂ ਕਿਸਾਨ ਸਮਝ ਨਹੀਂ ਸਕੇ ਜਾਂ ਉਨ੍ਹਾਂ ਦੀ ਸਰਕਾਰ ਕਿਸਾਨਾਂ ਨੂੰ ਨਵੇਂ ਵਿਕਾਸ ਮਾਡਲ ਦੇ ਫਾਇਦੇ ਸਮਝਾਉਣ ਤੋਂ ਅਸਮਰੱਥ ਰਹੀ ਹੈ', ਜਦੋਂ ਕਿ ਹੁਣ ਪੰਜਾਬ ਵਿੱਚ ਖੇਤੀ ਕਾਸ਼ਤਕਾਰਾਂ ਦੀਆਂ ਬਰਾਬਰ ਸਥਿਤੀ ਵਾਲੀਆਂ ਜ਼ਮੀਨਾਂ ਅਤੇ ਗੈਰ ਕਾਸ਼ਤਕਾਰਾਂ ਦੀਆਂ ਜਮੀਨਾਂ ਦੇ ਤਹਿ ਕੀਤੇ ਮੁੱਲ ਦਾ ਅੰਤਰ ਸਰਕਾਰ ਦੀ ਨੀਤੀ ਦੇ ਅਸਲੀ ਚਿਹਰੇ ਨੂੰ ਮੇਨ ਸੜਕ 'ਤੇ ਬਣਨ ਵਾਲੇ ਚੌਂਕ ਵਿੱਚ ਖੜ ਕੇ ਬੇਨਕਾਬ ਕਰ ਰਿਹਾ ਹੈ।

ਦੇਸ਼ ਦੀ ਸਰਬ ਉੱਚ ਅਦਾਲਤ ਵੱਲੋਂ ਉੱਤਰ ਪ੍ਰਦੇਸ਼ ਸੂਬੇ ਵਿੱਚ ਜ਼ਮੀਨ ਇਕੁਆਇਰ ਕਰਨ ਦੇ ਇੱਕ ਮਾਮਲੇ ਦੌਰਾਨ ਦਿੱਤੀ ਇੱਕ ਸੇਧ ਅਨੁਸਾਰ ਇਕੁਆਇਰ ਕੀਤੀਆਂ ਜਾ

3-SEP-PAGE-5.qxd 9/2/2024 10:08 PM Page 1

ਕਿਸਾਨਾਂ-ਮਜ਼ਦੂਰਾਂ ਦੇ ਹੱਕ 'ਚ ਠੇਕਾ ਤੇ ਰੈਗੂਲਰ ਮੁਲਾਜ਼ਮਾਂ ਵੱਲੋਂ ਸੰਘਰਸ਼ ਦਾ ਐਲਾਨ

ਕਿਸਾਨਾਂ-ਮਜ਼ਦੂਰਾਂ ਦੀਆਂ ਸਮੂਹ ਮੰਗਾਂ ਨੂੰ ਜਲਦ ਪ੍ਰਵਾਨ ਕਰੇ ਸਰਕਾਰ : ਮੋਰਚਾ ਆਗੂ

ਮੋਗਾ (ਇਕਬਾਲ ਸਿੰਘ ਖਹਿਰਾ)

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਪਵਨਦੀਪ ਸਿੰਘ, ਬਲਿਹਾਰ ਸਿੰਘ ਕਟਾਰੀਆ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਗਗਨ, ਸੁਰਿੰਦਰ ਕੁਮਾਰ ਤੇ ਸ਼ੇਰ ਸਿੰਘ ਖੰਨਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੀ.ਕੇ.ਯੂ. ਏਕਤਾ ਉਗਰਾਹਾਂ ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਨਵੀਂ ਖੇਤੀ ਨੀਤੀ ਸਮੇਤ ਹੋਰ ਹੱਕੀ ਮੰਗਾਂ ਨੂੰ ਲੈ ਕੇ 1 ਸਤੰਬਰ ਤੋਂ 5 ਸਤੰਬਰ ਤੱਕ ਚੰਡੀਗੜ੍ਹ ਵਿਖੇ 34 ਸੈਕਟਰ ਵਿੱਚ ਮੋਰਚਾ ਲਾਇਆ ਹੋਇਆ ਹੈ। ਆਗੂਆਂ ਨੇ ਕਿਹਾ ਕਿ ਮੌਜੂਦਾ ਕਾਰਪੋਰੇਟ ਪੱਖੀ ਖੇਤੀ ਨਾ ਸਿਰਫ ਕਿਸਾਨਾਂ/ਮਜ਼ਦੂਰਾਂ ਦੇ ਹੱਕਾਂ ਨੂੰ ਕੁਚਲਣ ਤੱਕ ਸੀਮਤ ਹੈ, ਸਗੋਂ ਇਸ ਖੇਤੀ ਨੀਤੀ ਵਿੱਚ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਤਬਦੀਲੀ ਕਰਕੇ ਕਿਸਾਨਾਂ/ਮਜ਼ਦੂਰਾਂ ਨੂੰ ਭਾਰਤੀ ਸਰਕਾਰਾਂ ਵੱਲੋਂ ਤਿੱਖੀ ਕਾਰਪੋਰੇਟ ਪੱਖੀ ਲੁੱਟ ਦੀ ਮਾਰ ਹੇਠ ਲਿਆਂਦਾ ਗਿਆ ਹੈ, ਠੀਕ ਇਸ ਹੀ ਤਰ੍ਹਾਂ ਭਾਰਤੀ ਸਰਕਾਰ ਵੱਲੋਂ ਸਾਮਰਾਜੀ ਦਿਸ਼ਾ-ਨਿਰਦੇਸ਼ਾਂ ਤਹਿਤ ਸਨਅਤੀ ਨੀਤੀ ਵਿੱਚ ਤਬਦੀਲੀ ਰਾਹੀਂ ਦੇਸ਼ ਦੇ ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਵੀ ਇਸ ਲੁੱਟ ਦੀ ਮਾਰ ਹੇਠ ਲਿਆਂਦਾ ਗਿਆ ਹੈ। ਇਸ ਲਈ ਖੇਤੀ ਤੇ ਸਨਅਤੀ ਨੀਤੀ ਵਿੱਚ ਤਬਦੀਲੀ ਲਈ ਸੰਘਰਸ਼ ਕਰਨਾ ਮਿਹਨਤਕਸ਼ ਲੋਕਾਂ ਦੀ ਸਾਂਝੀ ਲੋੜ ਹੈ। ਇਸ ਸਾਂਝੀ ਲੋੜ ਨੂੰ ਮੁੱਖ ਰੱਖ ਕੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟਫਾਰਮ ਤੋਂ ਕਿਸਾਨਾਂ/ਮਜ਼ਦੂਰਾਂ ਵੱਲੋਂ ਚੰਡੀਗੜ੍ਹ ਵਿਖੇ ਲਾਏ 'ਮੋਰਚੇ' ਦੇ ਸਮਰਥਨ ਵਿੱਚ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਫੈਸਲੇ ਮੁਤਾਬਿਕ 'ਮੋਰਚੇ' ਵਿੱਚ ਸ਼ਾਮਲ ਸਮੂਹ ਜਥੇਬੰਦੀਆਂ ਤੇ ਟੈਕਨੀਕਲ ਸਰਵਿਸ ਯੂਨੀਅਨ ਪੰਜਾਬ, ਜੰਗਲਾਤ ਲੇਬਰ ਯੂਨੀਅਨ ਅਨੰਦਪੁਰ ਸਾਹਿਬ ਆਦਿ ਵੱਲੋਂ 4 ਸਤੰਬਰ ਨੂੰ ਪੰਜਾਬ ਵਿੱਚ ਜ਼ਿਲ੍ਹਾ ਤੇ ਤਹਿਸੀਲ ਪੱਧਰ 'ਤੇ ਸਾਂਝੇ ਵਿਸ਼ਾਲ ਇਕੱਠ ਕਰਕੇ ਰੈਲੀਆਂ ਕਰਨ ਉਪਰੰਤ ਸ਼ਹਿਰਾਂ ਵਿੱਚ ਰੋਸ ਮਾਰਚ ਕਰਕੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਤੇ ਐੱਸ.ਡੀ.ਐੱਮ. ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜ ਕੇ ਮੰਗ ਕੀਤੀ ਜਾਵੇਗੀ ਕਿ ਉਹ ਕਿਸਾਨਾਂ/ਮਜ਼ਦੂਰਾਂ ਸਮੇਤ ਠੇਕਾ-ਰੈਗੂਲਰ ਮੁਲਾਜ਼ਮਾਂ ਦੀਆਂ ਸਮੂਹ ਹੱਕੀ ਮੰਗਾਂ ਨੂੰ ਤੁਰੰਤ ਪ੍ਰਵਾਨ ਕਰੇ, ਅਜਿਹਾ ਨਾ ਹੋਣ ਦੀ ਸੂਰਤ ਵਿੱਚ ਠੇਕਾ ਤੇ ਰੈਗੂਲਰ ਮੁਲਾਜ਼ਮ ਕਿਸਾਨ 'ਮੋਰਚੇ' ਵਿੱਚ ਸ਼ਾਮਲ ਹੋਣ ਲਈ ਮਜਬੂਰ ਹੋਣਗੇ, ਜਿਸ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ। ਮੋਰਚੇ ਦੇ ਆਗੂਆਂ ਨੇ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਪਾਵਰਕਾਮ ਤੇ ਟ੍ਰਾਂਸਕੋ ਦੇ ਮੁਲਾਜ਼ਮਾਂ ਦੇ ਸੰਘਰਸ਼ ਨੂੰ ਕੁਚਲਣ ਲਈ ਪਾਵਰਕਾਮ ਮੈਨੇਜਮੈਂਟ/ਪੰਜਾਬ ਸਰਕਾਰ ਵੱਲੋਂ 'ਐਸਮਾ' ਜਿਹੇ ਕਾਲੇ ਕਾਨੂੰਨ ਦੀ ਵਰਤੋਂ ਕਰਨ ਦੇ ਧਮਕੀ ਭਰੇ ਫੁਰਮਾਨ ਦੀ ਨਿਖੇਧੀ ਕੀਤੀ।

ਕਰੰਟ ਲੱਗਣ ਨਾਲ ਕਿਸਾਨ ਦੀ ਮੌਤ

ਬਰੇਟਾ (ਰੀਤਵਾਲ)-ਨੇੜਲੇ ਪਿੰਡ ਕੁੱਲਰੀਆਂ ਵਿਖੇ ਇੱਕ ਵਿਅਕਤੀ ਦੀ ਕਰੰਟ ਨਾਲ ਮੌਤ ਹੋ ਜਾਣ ਦਾ ਸਮਾਚਾਰ ਹੈ।ਜਾਂਚ ਅਧਿਕਾਰੀ ਪਾਲ ਸਿੰਘ ਤੋਂ ਮਿਲੀ ਜਾਣਕਾਰੀ ਅਨੁਸਾਰ ਕਿਸਾਨ ਹਰਬੰਸ ਸਿੰਘ (50) ਦੁਪਹਿਰ ਸਮੇਂ ਖੇਤ ਵਿੱਚ ਮੋਟਰ ਚਲਾਉਣ ਗਿਆ ਸੀ, ਜਿੱਥੇ ਅਚਾਨਕ ਉਸ ਨੂੰ ਬਿਜਲੀ ਦਾ ਕਰੰਟ ਲੱਗ ਗਿਆ ਅਤੇ ਉਸ ਦੀ ਮੌਤ ਹੋ ਗਈ।ਪੁਲਸ ਵੱਲੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦੇ ਬਿਆਨਾਂ 'ਤੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਇੱਕ ਲੜਕਾ ਛੱਡ ਗਿਆ ਹੈ।

ਕਤਲ ਦੇ ਦੋਸ਼ 'ਚ ਪਤੀ, ਦਿਓਰ ਤੇ ਸੱਸ ਨੂੰ ਉਮਰ ਕੈਦ ਤੇ ਜੁਰਮਾਨਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਰਾਜ ਕੁਮਾਰ ਗਰਗ ਦੀ ਅਦਾਲਤ ਨੇ ਵਿਆਹੁਤਾ ਨੂੰ ਕਤਲ ਕਰਨ ਦੇ ਦੋਸ਼ ਵਿੱਚ ਪਤੀ, ਦਿਓਰ ਤੇ ਸੱਸ ਨੂੰ ਉਮਰ ਕੈਦ ਦੀ ਸਜ਼ਾ ਤੇ 10-10 ਹਜ਼ਾਰ ਰੁਪਏ ਜੁਰਮਾਨਾ ਅਦਾ ਕਰਨ ਦਾ ਹੁਕਮ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੰਗਾਨਗਰ ਦੇ ਰਹਿਣ ਵਾਲੇ ਦਇਆ ਰਾਮ ਦੀ ਪੁੱਤਰੀ ਸੁਮਨ ਦੇਵੀ, ਮਲੋਟ ਲਾਗਲੇ ਪਿੰਡ ਸ਼ੇਰਾਂਵਾਲੀ ਵਿਖੇ ਸੰਦੀਪ ਕੁਮਾਰ ਨੂੰ ਵਿਆਹੀ ਹੋਈ ਸੀ। ਦਇਆ ਰਾਮ ਨੇ 11 ਮਈ 2018 ਨੂੰ ਥਾਣਾ ਲੰਬੀ ਦੀ ਪੁਲਸ ਨੂੰ ਸੂਚਨਾ ਦਿੱਤੀ ਕਿ ਉਸ ਦੀ ਪੁੱਤਰੀ ਸੁਮਨ ਦੇਵੀ ਦਾ ਕਤਲ ਉਸ ਦੇ ਪਤੀ ਸੰਦੀਪ ਕੁਮਾਰ, ਦਿਓਰ ਰਵਿੰਦਰ ਕੁਮਾਰ ਤੇ ਸੱਸ ਸੰਤੋਸ਼ ਦੇਵੀ ਨੇ ਰਲ ਕੇ ਕਰ ਦਿੱਤਾ ਹੈ। ਪੁਲਸ ਨੇ ਇਸ ਸਬੰਧੀ 'ਚ ਮੁਕੱਦਮਾ ਦਰਜ ਕਰਕੇ ਮਾਮਲਾ ਅਦਾਲਤ ਹਵਾਲੇ ਕਰ ਦਿੱਤਾ। ਅਦਾਲਤ ਵਿੱਚ ਜ਼ਿਲ੍ਹਾ ਅਟਾਰਨੀ ਸੰਜੀਵ ਕੋਛੜ ਦੀਆਂ ਦਲੀਲਾਂ ਤੇ ਪੇਸ਼ ਸਬੂਤਾਂ ਨੂੰ ਧਿਆਨ ਵਿੱਚ ਰੱਖਦਿਆਂ ਤਿੰਨਾਂ ਦੋਸ਼ੀਆਂ ਨੂੰ ਉਮਰ ਕੈਦ ਤੇ ਜੁਰਮਾਨੇ ਦੀ ਸਜ਼ਾ ਦਾ ਹੁਕਮ ਦਿੱਤਾ ਹੈ।

ਸੀ ਪੀ ਆਈ ਵੱਲੋਂ ਪੰਜਾਬ ਦੇ ਬੁਨਿਆਦੀ ਮੁੱਦਿਆਂ 'ਤੇ ਸੰਘਰਸ਼ ਤੇਜ਼ ਕਰਨ ਦਾ ਐਲਾਨ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਅਵਾਮੀ ਜਥੇਬੰਦੀਆਂ ਦੇ ਸਹਿਯੋਗ ਨਾਲ ਨੇੜਲੇ ਪਿੰਡ ਭਾਣਾ ਵਿਖੇ ਪ੍ਰਭਾਵਸ਼ਾਲੀ ਜਨਤਕ ਮੀਟਿੰਗ ਕੀਤੀ ਗਈ, ਜਿਸ ਵਿੱਚ ਖੇਤ ਮਜ਼ਦੂਰ, ਨਰੇਗਾ ਵਰਕਰ ਤੇ ਕਿਸਾਨ ਭਾਰੀਂ ਗਿਣਤੀ ਵਿੱਚ ਸ਼ਾਮਲ ਹੋਏ। ਇਕੱਠ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਜ਼ਿਲ੍ਹਾ ਮੀਤ ਸਕੱਤਰ ਕਾਮਰੇਡ ਗੁਰਨਾਮ ਸਿੰਘ ਮਾਨੀਵਾਲਾ ਨੇ ਦੱਸਿਆ ਕਿ ਕਮਿਊਨਿਸਟ ਪਾਰਟੀ ਆਪਣੀ 1925 ਵਿੱਚ ਸਥਾਪਨਾ ਤੋਂ ਲੈ ਕੇ ਲਗਾਤਾਰ ਕਿਰਤੀ ਵਰਗ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਇਸਤਰੀਆਂ ਦੇ ਹੱਕਾਂ ਖਾਤਰ ਸੰਘਰਸ਼ ਕਰਦੀ ਆਈ ਹੈ, ਜਿਸ ਕਾਰਨ ਨਰੇਗਾ ਸਮੇਤ ਅਨੇਕ ਲੋਕ ਪੱਖੀ ਕਾਨੂੰਨ ਬਣਵਾਉਣ ਵਿੱਚ ਸਫਲਤਾ ਮਿਲੀ ਹੈ। ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੀਹਾਂ 'ਤੇ ਚੱਲਦੇ ਹੋਏ ਪੰਜਾਬ ਦੀ ਮਾਨ ਸਰਕਾਰ ਵੀ ਮੁਲਾਜ਼ਮਾਂ-ਮਜ਼ਦੂਰਾਂ ਤੇ ਕਿਸਾਨਾਂ ਦੀ ਗੱਲ ਸੁਨਣ ਨੂੰ ਤਿਆਰ ਨਹੀਂ, ਜਿਸ ਕਾਰਨ ਵਿਧਾਨ ਸਭਾ ਦੇ ਮੌਜੂਦਾ ਅਜਲਾਸ ਦੌਰਾਨ ਹਰ ਵਰਗ ਵਹੀਰਾਂ ਘੱਤ ਕੇ ਚੰਡੀਗੜ੍ਹ ਧਰਨੇ ਮੁਜ਼ਾਹਰੇ ਕਰਨ ਜਾਣ ਲਈ ਮਜਬੂਰ ਹੋ ਗਿਆ ਹੈ। ਮਾਸਟਰ ਗੁਰਚਰਨ ਸਿੰਘ ਮਾਨ ਨੇ ਪਿਛਲੀਆਂ ਲੋਕ ਸਭਾ ਚੋਣਾਂ ਵਿੱਚ ਦਿੱਤੇ ਸਹਿਯੋਗ ਲਈ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਤੇ ਆਉਂਦੀਆਂ ਪੰਚਾਇਤ ਚੋਣਾਂ ਵਿੱਚ ਇਮਾਨਦਾਰ ਪੰਚ-ਸਰਪੰਚ ਜਿਤਾਉਣ ਦਾ ਸੱਦਾ ਦਿੱਤਾ। ਪੰਜਾਬ ਇਸਤਰੀ ਸਭਾ ਵੱਲੋਂ ਬੀਬੀ ਬਲਵਿੰਦਰ ਕੌਰ ਔਰਤਾਂ ਦਾ ਜਥਾ ਲੈ ਕੇ ਸ਼ਾਮਲ ਹੋਈ ਤੇ ਹਰ ਸੰਘਸ਼ ਵਿੱਚ ਪਾਰਟੀ ਦਾ ਸਾਥ ਦੇਣ ਦਾ ਭਰੋਸਾ ਦਿਵਾਇਆ। ਸਾਬਕਾ ਸਰਪੰਚ ਕਾਮਰੇਡ ਜਗਤਾਰ ਭਾਣਾ, ਕਾਮਰੇਡ ਮੁਖਤਿਆਰ ਸਿੰਘ, ਨੰਬਰਦਾਰ ਸੁੰਦਰ ਸਿੰਘ ਤੇ ਜੈ ਸਿੰਘ ਨੇ ਬਾਹਰੋਂ ਆਏ ਆਗੂਆਂ ਦਾ ਧੰਨਵਾਦ ਕਰਦੇ ਹੋਏ ਪਾਰਟੀ ਦੀ ਹਰ ਮੁਹਿਮ ਵਿੱਚ ਡੱਟ ਕੇ ਸ਼ਾਮਲ ਹੋਣ ਦਾ ਭਰੋਸਾ ਦਿੱਤਾ। ਇੱਕ ਮਤਾ ਪਾਸ ਕਰਕੇ ਬੇਘਰਿਆਂ ਲਈ ਸ਼ਾਮਲਾਟ ਜ਼ਮੀਨਾਂ ਵਿੱਚੋਂ ਪਲਾਟ ਤੇ ਮਕਾਨ ਬਣਾਉਣ ਲਈ ਗਰਾਂਟ ਦੇਣ, ਖੇਤ ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨ, ਰਾਸ਼ਨ ਕਾਰਡ ਬਣਾਉਣ ਤੇ ਨਰੇਗਾ ਦਿਹਾੜੀ 700 ਰੁਪਏ ਕਰਨ ਦੀ ਮੰਗ ਕੀਤੀ।

ਸੀ ਪਾਈਟ ਕੈਂਪ ਬੋੜਾਵਾਲ ਵਿਖੇ ਸਵੈ-ਰੁਜ਼ਗਾਰ ਕੈਂਪ ਭਲਕੇ

ਮਾਨਸਾ (ਆਤਮਾ ਸਿੰਘ ਪਮਾਰ)-ਸੀ ਪਾਈਟ ਸੈਂਟਰ ਬੋੜਾਵਾਲ ਵਿਖੇ 4 ਸਤੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ (ਰੋਜ਼ਗਾਰ ਦਫ਼ਤਰ) ਮਾਨਸਾ ਦੇ ਸਹਿਯੋਗ ਨਾਲ ਸਵੈ-ਰੁਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀ ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਸਵੈ-ਰੁਜ਼ਗਾਰ/ਮੁਫ਼ਤ ਸਿਖਲਾਈ ਪ੍ਰਦਾਨ ਕਰਨ ਵਾਲੀਆਂ ਸੰਸਥਾਵਾਂ ਵੱਲੋਂ ਭਾਗ ਲਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਸੰਸਥਾਵਾ ਵੱਲੋਂ ਪ੍ਰਾਰਥੀਆਂ ਨੂੰ ਸਵੈ-ਰੁਜ਼ਗਾਰ ਸ਼ੁਰੂ ਕਰਨ ਲਈ ਸਿਖਲਾਈ/ਬੈਂਕ ਲੋਨ ਆਦਿ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਸਵੈ ਰੁਜ਼ਗਾਰ ਕੈਂਪ ਵਿੱਚ ਘੱਟੋ-ਘੱਟ ਦਸਵੀਂ ਪਾਸ ਪ੍ਰਾਰਥੀ ਭਾਗ ਲੈ ਸਕਦੇ ਹਨ।ਕੈਂਪ ਵਿੱਚ ਭਾਗ ਲੈਣ ਦੇ ਚਾਹਵਾਨ ਪ੍ਰਾਰਥੀ ਆਪਣੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਕੈਂਪ ਵਾਲੇ ਦਿਨ ਸੀ ਪਾਈਟ ਸੈਂਟਰ, ਬੋੜਾਵਾਲ ਵਿਖੇ ਸਵੇਰੇ 10:00 ਵਜੇ ਪਹੁੰਚਣ।ਵਧੇਰੇ ਜਾਣਕਾਰੀ ਲਈ ਨੰਬਰ 94641-78030 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਕੇਂਦਰੀ ਜੇਲ੍ਹ 'ਚੋਂ 8 ਮੋਬਾਇਲ ਫੋਨ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਬੀਤੇ ਦਿਨ ਵੀ ਕੇਂਦਰੀ ਜੇਲ੍ਹ ਫਿਰੋਜ਼ਪੁਰ ਤਲਾਸ਼ੀ ਦੌਰਾਨ 8 ਮੋਬਾਇਲ ਫੋਨ, 1 ਚਾਰਜਰ ਤੇ 134 ਪੈਕੇਟ ਤੰਬਾਕੂ ਬਰਾਮਦ ਹੋਇਆ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਦੇ ਐੱਸ ਆਈ ਸਵਰਨ ਸਿੰਘ ਨੇ ਦੱਸਿਆ ਕਿ ਵੱਖ ਵੱਖ ਪੱਤਰਾਂ ਰਾਹੀਂ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ ਉਨ੍ਹਾਂ ਨੇ 8 ਮੋਬਾਇਲ ਫੋਨ, 1 ਚਾਰਜਰ ਤੇ 134 ਪੈਕੇਟ ਤੰਬਾਕੂ ਬਰਾਮਦ ਕੀਤਾ ਹੈ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਕਾਤਰਾਂ

ਲਾਰਡ ਬੁੱਧਾ ਟਰੱਸਟ ਦੀ ਵਿਸ਼ੇਸ਼ ਮੀਟਿੰਗ ਭਲਕੇ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਇਲਾਕੇ ਦੀ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੀ ਵਿਸ਼ੇਸ਼ ਮੀਟਿੰਗ 4 ਸਤੰਬਰ ਨੂੰ ਸਥਾਨਕ ਜੈਸਮੀਨ ਹੋਟਲ ਵਿਖੇ ਸ਼ਾਮ ਦੇ 5:00 ਵਜੇ ਹੋਵੇਗੀ।ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਜਗਦੀਸ਼ ਰਾਜ ਭਾਰਤੀ ਕਰਨਗੇ।ਮੀਟਿੰਗ ਵਿੱਚ ਟਰੱਸਟ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਭਾਗ ਲੈਣਗੇ।ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਵੀ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੇ ਜ਼ਿਲ੍ਹਾ ਸਕੱਤਰ ਮਲਕੀਅਤ ਸਿੰਘ ਮੰਮਣ ਨੇ ਉਕਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਦੌਰਾਨ ਟਰੱਸਟ ਵਿੱਚ ਚਾਰ ਨਵੇਂ ਮੈਂਬਰ ਸ਼ਾਮਲ ਹੋਣਗੇ।ਜਨਰਲ ਸਕੱਤਰ ਮੰਮਣ ਨੇ ਟਰੱਸਟ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਉਕਤ ਮੀਟਿੰਗ ਵਿੱਚ ਸਮੇਂ ਸਿਰ ਸ਼ਾਮਲ ਹੋਣ ਦੀ ਅਪੀਲ ਕੀਤੀ।

ਸੱਪ ਦੇ ਡੱਸਣ ਨਾਲ ਲੜਕੀ ਦੀ ਮੌਤ

ਬਰੇਟਾ (ਰੀਤਵਾਲ)-ਨਜ਼ਦੀਕੀ ਪਿੰਡ ਖੱਤਰੀਵਾਲਾ ਵਿਖੇ ਇੱਕ ਲੜਕੀ ਦੀ ਸੱਪ ਦੇ ਡੱਸਣ ਨਾਲ ਮੌਤ ਹੋ ਗਈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਜੋਤੀ ਕੌਰ (18 ਸਾਲ) ਬੀਤੀ ਸ਼ਨੀਵਾਰ ਦੀ ਰਾਤ 8 ਵਜੇ ਦੇ ਕਰੀਬ ਰੋਟੀ ਖਾਣ ਲਈ ਰਸੋਈ 'ਚ ਪਏ ਫਰਿਜ 'ਚੋਂ ਪਾਣੀ ਦੀ ਬੋਤਲ ਕੱਢ ਰਹੀ ਸੀ, ਜਿਸ ਨੂੰ ਨਜ਼ਦੀਕ ਬੈਠੇ ਸੱਪ ਨੇ ਡੱਸ ਲਿਆ। ਜੋਤੀ ਕੌਰ ਨੂੰ ਇਲਾਜ ਲਈ ਬਢਲਾਡਾ ਦੇ ਹਸਪਤਾਲ ਵਿੱਚ ਲਿਜਾਇਆ ਗਿਆ, ਜਿੱਥੇ ਡਾਕਟਰਾਂ ਵੱਲੋਂ ਜੋਤੀ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ ਗਿਆ। ਮ੍ਰਿਤਕਾ ਬੀ ਏ ਦੀ ਵਿਦਿਆਰਥਣ ਸੀ। ਇਸ ਘਟਨਾ ਨੂੰ ਲੈ ਕੇ ਪੂਰੇ ਪਿੰਡ 'ਚ ਸੋਗ ਦੀ ਲਹਿਰ ਹੈ।

ਕੁੱਟਮਾਰ ਕਰਨ ਦੇ ਦੋਸ਼ 'ਚ ਮਾਮਲਾ ਦਰਜ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਥਾਣਾ ਸਿਟੀ ਪੁਲਸ ਵੱਲੋਂ ਕੁੱਟਮਾਰ ਕਰਨ ਦੇ ਦੋਸ਼ ਹੇਠ ਚਾਰ ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਹੁਸਨਪ੍ਰੀਤ ਸਿੰਘ, ਵਾਸੀ ਜੰਡਵਾਲਾ ਚੜ੍ਹਤ ਸਿੰਘ ਨੇ ਦੱਸਿਆ ਕਿ ਉਹ ਤੇ ਉਸ ਦਾ ਦੋਸਤ ਆਪਣੇ ਕਾਲਜ ਤੋਂ ਵਾਪਸ ਆ ਰਹੇ ਸੀ ਤਾਂ ਗੁਰਜੀਤ ਮਾਨ ਵਾਸੀ ਆਧਨੀਆਂ, ਹੈਪੀ ਸੇਖੋਂ, ਗਣੇਸ਼ ਵਾਸੀ ਛਾਪਿਆਂਵਾਲੀ, ਰਮਨਪ੍ਰੀਤ ਨੇ ਉਨ੍ਹਾਂ ਦੀ

3 Septt - Page - 6.qxd 9/2/2024 10:12 PM Page 1

ਸਕੋਡਾ ਆਟੋ ਇੰਡੀਆ ਵੱਲੋਂ 'ਨਵੀਂ ਸੰਖੇਪ' ਨੂੰ ਲੈ ਕੇ ਧਮਾਕੇਦਾਰ ਐਂਟਰੀ ਦਾ ਐਲਾਨ

ਜਲੰਧਰ: ਸਕੋਡਾ ਆਟੋ ਇੰਡੀਆ ਲਈ ਇੱਕ ਵੱਡਾ ਮੀਲ ਪੱਥਰ ਦਿਨ ਹੈ ਕਿਉਂਕਿ ਕੰਪਨੀ ਭਾਰਤ ਵਿੱਚ ਆਪਣੀ ਬਿਲਕੁਲ ਨਵੀਂ ਸੰਖੇਪ ਦੇ ਨਾਲ ਇੱਕ ਨਵੇਂ ਯੁੱਗ ਵਿੱਚ ਕਦਮ ਰੱਖਦੀ ਹੈ।ਫਰਵਰੀ ਵਿੱਚ ਘੋਸ਼ਣਾ ਕੀਤੀ ਗਈ ਸੀ ਅਤੇ ਇਸਦੇ ਡਿਜ਼ਾਈਨ ਦੇ ਤਾਜ਼ਾ ਟੀਜ਼ਰ ਤੋਂ ਬਾਅਦ ਇੱਕ ਦੇਸ਼ ਵਿਆਪੀ ਮੁਹਿੰਮ ਦੁਆਰਾ ਵਾਹਨ ਦਾ ਨਾਮ ਦਿੱਤਾ ਗਿਆ ਹੈ।ਹਜ਼ਾਰਾਂ ਲੋਕਾਂ ਦੀ ਪਸੰਦ ਨੂੰ ਦਰਸਾਉਂਦੇ ਹੋਏ ਸਕੋਡਾ ਆਟੋ ਇੰਡੀਆ ਦੀ ਨਵੀਂ ਸੰਖੇਪ ਨੂੰ ਨਾਮ ਦਿੱਤਾ ਜਾਵੇਗਾ ਅਤੇ ਇਸਦੇ ਭਵਿੱਖ ਦੇ ਡਰਾਈਵਰਾਂ ਨਾਲ ਇੱਕ ਵਿਲੱਖਣ ਬੰਧਨ ਬਣਾਏਗਾ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਨਿਰਦੇਸ਼ਕ ਪੇਟਰ ਜੇਨੇਬਾ ਨੇ ਉਦਘਾਟਨ ਮੌਕੇ ਕਿਹਾ ਕਿ ਇਹ ਨਵੇਂ ਭਾਰਤ ਦੇ ਲੋਕਾਂ ਲਈ ਬਣਾਈ ਗਈ ਹੈ।ਅਸੀਂ ਚਾਹੁੰਦੇ ਸੀ ਕਿ ਦੇਸ਼ ਵਿੱਚ ਸਾਡੇ ਹੁਣ ਤੱਕ ਦੇ ਸਭ ਤੋਂ ਵੱਡੇ ਲਾਂਚ ਦਾ ਹਿੱਸਾ ਬਣਨ। ਯੂਅਰ ਸਕੋਡਾ ਮੁਹਿੰਮ ਨੇ ਸਕੋਡਾ ਦੇ ਗਾਹਕਾਂ ਅਤੇ ਪ੍ਰਸ਼ੰਸਕਾਂ ਨੂੰ 2025 ਵਿੱਚ ਭਾਰਤ ਅਤੇ ਵਿਸ਼ਵ ਪੱਧਰ 'ਤੇ ਲਾਂਚ ਹੋਣ ਵਾਲੀ ਨਵੀਂ ਸੰਖੇਪ ਲਈ ਨਾਮ ਚੁਣਨ ਦਾ ਮੌਕਾ ਦਿੱਤਾ।

ਦਾਖਲਾ ਨੋਟਿਸ

ਦ.ਫ਼ਤਰ, ਸਰਕਾਰੀ ਬਹੁਤਕਨੀਕੀ ਕਾਲਜ, ਜੀ.ਟੀ. ਰੋਡ ਛੇਹਰਟਾ, ਅੰਮ੍ਰਿਤਸਰ।
(GOVT. POLYTECHNIC COLLEGE, AMRITSAR) 0183-2258269

ਇਸ ਕਾਲਜ ਵਿਖੇ ਪਹਿਲੇ ਸਾਲ ਅਤੇ ਦੂਜੇ ਸਾਲ (LEET) ਡਿਪਲੋਮਾ ਵਿੱਚ ਕੁਝ ਸੀਟਾ ਖਾਲੀ ਰਹਿ ਗਈਆ ਹਨ। ਜਿਹਨਾਂ ਲਈ ਕਾਊਂਸਲਿੰਗ ਦਾ ਵੇਰਵਾ ਹੇਠ ਅਨੁਸਾਰ ਹੈ :

ਲੋੜੀਂਦੇ ਦਸਤਾਵੇਂਜ ਜਮਾਂ ਕਰਵਾਉਣ ਦੀ ਆਖਰੀ ਮਿਤੀ	ਕਾਊਂਸਲਿੰਗ ਦੀ ਮਿਤੀ ਅਤੇ ਸਮਾਂ	ਕਾਊਂਸਲਿੰਗ ਦਾ ਸਥਾਨ
04/08/24	06/08/24 - 10AM	ਮਕੈਨੀਕਲ ਇੰਜ. (ਪ੍ਰੋਡਕਸ਼ਨ) ਵਿਭਾਗ

ਉਮੀਦਵਾਰ ਆਪਣੇ ਅਸਲ, ਤਸਦੀਕਸੁਦਾ ਦਸਤਾਵੇਜ, 2 ਫੋਟੋ ਅਤੇ ਲੋੜੀਦੀ ਫੀਸ ਕਾਊਂਸਲਿੰਗ ਸਮੇ ਲੈਕੇ ਆਉਣਗੇ। ਉਸ ਤੋਂ ਬਾਅਦ ਖਾਲੀ ਰਹਿ ਗਈਆ ਸੀਟਾਂ ਪਹਿਲਾਂ ਆਉ ਪਹਿਲਾਂ ਪਾਉ ਦੇ ਅਧਾਰ ਤੇ ਭਰੀਆਂ ਜਾਣਗੀਆਂ।

ਪ੍ਰਿੰਸੀਪਲ,
ਸਰਕਾਰੀ ਬਹੁਤਕਨੀਕੀ ਕਾਲਜ, ਅੰਮ੍ਰਿਤਸਰ।

ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : **ਜਗਸ਼ਰਨ ਸਿੰਘ** ਪਿਤਾ/ਪਤੀ ਦਾ ਨਾਮ : **ਜੋਗਿੰਦਰ ਲਾਲ**
ਪਤਾ: Vpo Bajwa Kalan Tehsil Shahkot Jalandhar, Village - Bajwa Kalan/Tehsil - Shahkot/ District - Jalandhar, Punjab.
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਯਾਦਵੀਰ ਸਿੰਘ** ਪੱਕਾ ਪਤਾ: Vpo Bajwa Kalan Tehsil Shahkot Jalandhar, Bajwa Kalan, Shahkot, Jalandhar, Punjab. ਵਿਦੇਸ਼ੀ ਪਤਾ : Via Bacchiglione 8A Aprilia 04011 Italy LT/ ਵਿਆ ਬਚੀਗਲਿਓਨ 8ਏ ਅਪਰੇਲੀਆ 04011 ਇਟਲੀ ਐਲ ਟੀ
ਉਮਰ/ਜਨਮ ਮਿਤੀ: 31-(30/10/1992)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੋ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 30.08.2024 ਨੂੰ ਜਾਰੀ ਹੋਇਆ।

ਨੰਬਰ 76/ਨੰਬਰ/ਰੀਡਰ ਮਿਤੀ 30-08-2024 ਜ਼ਿਲਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

ਦ.ਫ਼ਤਰ ਨਗਰ ਕੌਂਸਲ ਕਰਤਾਰਪੁਰ ਜ਼ਿਲ੍ਹਾ ਜਲੰਧਰ (ਪਬਲਿਕ ਨੋਟਿਸ)

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਸ਼ੋਕ ਕੁਮਾਰ (ਪੁੱਤਰ) ਵਾ ਨਰੇਸ਼ ਕੁਮਾਰ ਸ਼ਰਮਾ (ਪੁੱਤਰ) ਵਾ ਸੀਤਾ ਰਾਣੀ (ਪੁੱਤਰੀ) ਵਾ ਕਿਰਨ ਬਾਲਾ (ਪੁੱਤਰੀ) ਵਾ ਉਸ਼ਮਾ ਰਾਣੀ (ਪੁੱਤਰੀ) ਪੂਨਮ ਸ਼ਰਮਾ (ਪੁੱਤਰੀਆਂ) ਲੋਟ ਮੁਨੀ ਲਾਲ ਵਾਸੀਆਨ ਕਰਤਾਰਪੁਰ ਜ਼ਿਲ੍ਹਾ ਜਲੰਧਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਮਕਾਨ ਯੂ. ਆਈ. ਡੀ. ਨੰਬਰ ਬੀ-03-0364 ਕਕਬਾ ਲੱਗਭੱਗ 1-1/4 ਮਰਲੇ ਵਾਕਿਆ ਪਾਂਦਿਧਆ ਬਾਜ਼ਾਰ ਕਰਤਾਰਪੁਰ ਉਨ੍ਹਾਂ ਦੇ ਪਿਤਾ ਮੁਨੀ ਲਾਲ ਦੀ ਮਲਕੀਤੀ ਹੈ। ਹੁਣ ਮੇਰੇ ਪਿਤਾ ਮੁਨੀ ਲਾਲ ਦੀ ਮੌਤ ਮਿਤੀ 26.08.2004 ਨੂੰ ਹੋ ਚੁੱਕੀ ਹੈ ਅਤੇ ਸਾਡੇ ਮਾਤਾ ਕੌਸ਼ਲਿਆ ਰਾਣੀ ਦੀ ਵੀ ਮੌਤ 18.06.2016 ਤੋਂ ਬਾਅਦ ਉਨ੍ਹਾਂ ਦੇ ਕਾਨੂੰਨੀ ਵਾਰਸ 1. ਅਸ਼ੋਕ ਕੁਮਾਰ (ਪੁੱਤਰ) 2. ਨਰੇਸ਼ ਕੁਮਾਰ ਸ਼ਰਮਾ (ਪੁੱਤਰ) 3. ਸੀਤਾ ਰਾਣੀ (ਪੁੱਤਰੀ) 4. ਕਿਰਨ ਬਾਲਾ (ਪੁੱਤਰੀ) 5. ਉਸ਼ਮਾ ਰਾਣੀ (ਪੁੱਤਰੀ) 6. ਪੂਨਮ ਸ਼ਰਮਾ (ਪੁੱਤਰੀਆਂ) ਲੋਟ ਮੁਨੀ ਲਾਲ ਹਨ। ਉਪਰੋਕਤ ਤੋਂ ਇਲਾਵਾ ਮੁਨੀ ਲਾਲ ਦਾ ਹੋਰ ਕੋਈ ਕਾਨੂੰਨੀ ਵਾਰਸ ਨਹੀਂ ਹੈ। ਬਿਨੈਕਾਰਾਂ ਨੇ ਆਪਣੇ ਹਲਫੀਆ ਬਿਆਨ ਪੱਤਰਾਂ, ਆਪਣੇ ਪਿਤਾ ਮੁਨੀ ਲਾਲ ਅਤੇ ਮਾਤਾ ਕੌਸ਼ਲਿਆ ਦੇਵੀ ਦਾ ਵੀ ਮੌਤ ਦੇ ਸਰਟੀਫਿਕੇਟ ਦੀ ਕਾਪੀ, ਆਧਾਰ ਕਾਰਡ ਦੀ ਕਾਪੀ ਨਾਲ ਨੱਥੀ ਕੀਤੀਆਂ ਗਈਆਂ ਹਨ।

ਬਿਨੈਕਾਰਾਂ ਨੇ ਆਪਣੇ ਹਲਫੀਆ ਬਿਆਨ ਪੱਤਰਾਂ ਰਾਹੀਂ ਕਿਹਾ ਹੈ ਕਿ ਉਕਤ ਪ੍ਰਾਪਰਟੀ ਨਗਰ ਕੌਂਸਲ ਦੇ ਰਿਕਾਰਡ ਵਿਚ ਮੁਨੀ ਲਾਲ ਦੇ ਉਪਰੋਕਤ ਦਰਸਾਏ ਵਾਰਸਾਂ ਦੇ ਨਾਵਾਂ 'ਤੇ ਬਰਾਬਰ ਦਰਜ/ਤਬਦੀਲ ਕਰਨ ਲਈ ਬੇਨਤੀ ਕੀਤੀ ਹੈ ਅਤੇ ਨਗਰ ਕੌਂਸਲ ਦੇ ਰਿਕਾਰਡ ਵਿਚ ਟਰਾਂਸਫਰ ਕਰਨ ਦੀ ਕੌਂਸਲਰ ਕੋਮਲ ਅਗਰਵਾਲ ਨੇ ਵੀ ਸਵੈ ਘੋਸ਼ਣਾ ਪੱਤਰ ਰਾਹੀਂ ਸਿਫਾਰਸ਼ ਕੀਤੀ ਹੈ। ਨਗਰ ਕੌਂਸਲ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿਚ ਇਹ ਮਕਾਨ ਰਿਕਾਰਡ ਵਿਚ ਕੌਂਸਲਿਆ ਰਾਣੀ ਦੇ ਨਾਂਅ 'ਤੇ ਦਰਜ ਹੈ ਅਤੇ ਟੀ. ਐੱਸ. 1 ਰਜਿਸਟਰ ਵਿਚ ਇਹ ਪ੍ਰਾਪਰਟੀ ਮੁਨੀ ਲਾਲ ਪੁੱਤਰ ਜਵਾਲਾ ਦਾਸ ਦੇ ਨਾਂਅ 'ਤੇ ਦਰਜ ਹੈ। ਬਿਨੈਕਾਰ ਵੱਲੋਂ ਆਪਣੀ ਘਰੇਲੂ ਵੰਡ, ਰਜਿਸਟਰਡ/ਅਣਰਜਿਸਟਰਡ ਵਸੀਅਤ ਮਾਲ ਵਿਭਾਗ ਦਾ ਰਿਕਾਰਡ ਜੋ ਬਿਨੈਕਾਰਾਂ ਦੀ ਮਾਲਕੀ ਦਰਸਾਉਂਦਾ ਹੋਵੇ, ਉਹ ਪੇਸ਼ ਨਹੀਂ ਕੀਤਾ।

ਹੁਣ ਇਸ ਪ੍ਰਾਪਰਟੀ ਦਾ ਇਦਰਾਜ਼ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿਚ ਪ੍ਰਾਪਰਟੀ ਟੈਕਸ ਮੰਤਵ ਲਈ ਲੋਟ ਮੁਨੀ ਲਾਲ ਦੇ ਉਪਰੋਕਤ ਦਰਸਾਏ ਵਾਰਸਾਂ ਦੇ ਨਾਂਅ 'ਤੇ ਤਬਦੀਲ ਕੀਤਾ ਜਾਣਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫ਼ਤਰ ਵਿਚ ਲਿਖਤੀ ਤੌਰ 'ਤੇ ਕਰ ਸਕਦਾ ਹੈ। ਇਸ ਤੋਂ ਬਾਅਦ ਵਿਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ ਕਰਤਾਰਪੁਰ।

AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮ: ਦੂਜੀ ਮੰਜ਼ਲ, ਜਾਇਦਾਦ 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਬਲਾਕ-ਬੀ, ਬੰਬੇ ਡਾਈਂਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਭੂਜ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਸਮੂਹ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ	ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ)
1. ਸ੍ਰੀ ਅਮਰ ਪੁੱਤਰ ਕਾਰਤਿਕ ਅਤੇ 2. ਸ੍ਰੀ ਕਾਰਤਿਕ ਪੁੱਤਰ ਸ੍ਰੀ ਗੋਪਾਲ ਦੋਵੇਂ ਵਾਸੀ ਵਾਰਡ ਨੰ: 01, ਗਲੀ ਨੰ. 19, ਜ਼ੀਰਾ ਰੋਡ, ਸੂਰਜ ਨਗਰ ਮੋਗਾ, ਪੰਜਾਬ-142001, ਨਾਲ ਹੀ : ਮਕਾਨ ਪਿੰਡ ਮੋਗਾ ਜੀਤ ਸਿੰਘ-II ਵਿਖੇ ਸਥਿਤ, ਹੱਦਬਸਤ ਨੰ: 53, ਤਹਿਸੀਲ ਅਤੇ ਜ਼ਿਲ੍ਹਾ ਮੋਗਾ-142001. ਕਰਜ਼ਾ ਖਾਤਾ ਨੰ: ਪੀ ਐੱਚ ਆਰ 004204882130.	15 ਜੂਨ 2024 30 ਅਗਸਤ 2024 ਰੁਪਏ 15,25,233/-(ਰੁਪਏ ਪੰਦਰਾਂ ਲੱਖ ਪੰਝੀ ਹਜ਼ਾਰ ਦੋ ਸੌ ਤੇਤੀ ਕੇਵਲ)

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮ ਨੰ: 2019-20/2/1/4386 ਮਿਤੀ 17.01.2020 ਅਨੁਸਾਰ ਸ੍ਰੀ ਅਮਰ ਅਤੇ ਸ੍ਰੀ ਕਾਰਤਿਕ ਦੇ ਨਾਂਅ ਰਜਿਸਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 2 ਮਰਲੇ- 6-3/4 ਸਰਸਾਹੀ ਕੁਲ ਸ਼ਮੀਨ ਖੇਤਰ 43 ਕਨਾਲ 12 ਮਰਲੇ ਦਾ 74/23544 ਹਿੱਸਾ, ਖਸਰਾ ਨੰ: 93//23/2/1 (1-0), 1363/2 (1-10), 1364 (1-2), 1367/1 (3-7), 1368/1(1-7), 1369 (0-17), 1370 (1-7), 1371/2(2-0), 1386/2(1-4), 1387 (1-2), 1382/2(1-10), 1383/1(1-5), 1384/1(1-12), 1387/1/2(1-16), 1388/2(1-18), 1389/2(1-1), 1390/2(1-0), 1434(1-3), 1433/2(0-6), 1435/1(1-3), 1436/1(2-9), 1437/1(2-2), 1438/1(1-5), 1439/1(1-1), 1440/1(1-3), 1441(5-10), 1442/1/2(0-4), 1442/2/2(2-8) ਖੇਵਟ 385, ਖੇਵਟ 491 ਜਮ੍ਹਾਂਬੰਦੀ ਸਾਲ 2013-2014, ਪਿੰਡ ਮੋਗਾ ਜੀਤ ਸਿੰਘ-II ਵਿਖੇ ਸਥਿਤ, ਹੱਦਬਸਤ ਨੰ: 53, ਤਹਿਸੀਲ ਅਤੇ ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸਭ ਕੁਝ। ਚੱਦਾਂ : (ਬੈਨਾਮੇ ਅਨੁਸਾਰ) ਪੂਰਬ: ਲਾਂਘਾ 25' 0", ਪੱਛਮ : ਤੋਰਾਂ ਦੀ ਮਾਲਕੀ 25'-0", ਉੱਤਰ : ਰਾਕੇਸ਼ ਕੁਮਾਰ 30'-0", ਦੱਖਣ : ਮੋਹਨ ਸਿੰਘ 30'-0".

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 02.09.2024, ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਿਟਡ

Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 {54 ਆਫ 2002}) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਕਿਰਨਜੀਤ ਕੌਰ ਪਤਨੀ ਹਰਜੀਵਨ ਸਿੰਘ ਵਾਸੀ ਮਕਾਨ ਨੰ. 179 ਕੋਟ ਈਸੇ ਖਾਂ ਰੋਡ ਜ਼ੀਰਾ, ਜ਼ੀਰਾ, ਫਿਰੋਜ਼ਪੁਰ, ਪੰਜਾਬ-142047 (2) ਹਰਜੀਵਨ ਸਿੰਘ ਪੁੱਤਰ ਸੀਤਾ ਸਿੰਘ ਵਾਸੀ ਵਾਰਡ ਨੰ. 6 ਕੋਟ ਈਸੇ ਖਾਂ ਰੋਡ ਜ਼ੀਰਾ, ਜ਼ੀਰਾ, ਫਿਰੋਜ਼ਪੁਰ, ਪੰਜਾਬ-142047 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) ਅਤੇ ਗਰੰਟਰ 3. ਨਿਸ਼ਾਨ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਮਕਾਨ ਨੰ. 77 ਝੱਤਰਾ ਰੋਡ ਮਾਡਲ ਟਾਊਨ ਜ਼ੀਰਾ, ਜ਼ੀਰਾ ਫਿਰੋਜ਼ਪੁਰ, ਪੰਜਾਬ-142047 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਬਕਾਇਆ ਰਕਮ ਖਾਤਾ ਨੰ. ਐਚ ਐਲ/0128611000012 'ਚ ਰੁਪਏ 19,91,912.37 'ਚ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਕੀਤੇ ਜਾਣ ਲਈ ਡਿਮਾਂਡ ਨੋਟਿਸ 26-04-2024 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ

3-SEP-PAGE-7.qxd ADVT.qxd 9/2/2024 10:04 PM Page 1

ਆੜ੍ਹਤੀ ਭਾਈਚਾਰੇ ਵੱਲੋਂ ਸੈਕਟਰੀ ਨਰਿੰਦਰ ਸਿੰਘ ਦਾ ਸਵਾਗਤ

ਰਾਜਪੁਰਾ (ਰਮੇਸ਼ ਕਟਾਰੀਆ)-ਇੱਥੋਂ ਦੀ ਮਾਰਕੀਟ ਕਮੇਟੀ ਵਿਖੇ ਨਵੇਂ ਆਏ ਸੈਕਟਰੀ ਨਰਿੰਦਰ ਸਿੰਘ ਨੇ ਕਾਰਜਭਾਰ ਸੰਭਾਲ ਕੇ ਕੰਮ ਸ਼ੁਰੂ ਕਰ ਦਿੱਤਾ ਹੈ। ਇਸ ਮੌਕੇ ਸਬਜ਼ੀ ਮੰਡੀ ਆੜ੍ਹਤੀ ਐਸੋਸੀਏਸ਼ਨ ਰਾਜਪੁਰਾ ਦੇ ਪ੍ਰਧਾਨ ਯਸ਼ ਚਾਵਲਾ ਦੀ ਅਗਵਾਈ ਹੇਠ ਆੜ੍ਹਤੀ ਭਾਈਚਾਰੇ ਨੇ ਨਵੇਂ ਆਏ ਸੈਕਟਰੀ ਨਰਿੰਦਰ ਸਿੰਘ ਦਾ ਸਵਾਗਤ ਕੀਤਾ ਅਤੇ ਵਧਾਈ ਦਿੱਤੀ। ਇਸ ਮੌਕੇ ਰਾਜ ਕੁਮਾਰ ਟਾਟਾ, ਗਿਆਨ ਚੰਦ, ਪ੍ਰਦੀਪ ਕੁਮਾਰ, ਪ੍ਰੇਮ ਛਾਬੜਾ, ਰਾਧੇ ਸ਼ਾਮ, ਜਗਦੀਸ਼ ਕੁਮਾਰ, ਜਤਿਨ, ਯੋਗੇਸ਼, ਬੌਬੀ ਚਾਵਲਾ, ਸ਼ੰਟੀ ਕੁਮਾਰ ਬਿਹਾਰੀ ਸਵੀਟਸ਼ ਨੇ ਵੀ ਇੱਥੇ ਦੀ ਵਿਧਾਇਕ ਮੀਨਾ ਮਿੱਤਲ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਨਰਿੰਦਰ ਸਿੰਘ ਸੈਕਟਰੀ ਨੂੰ ਇੱਥੇ ਨਿਯੁਕਤ ਕਰਵਾਇਆ ਹੈ, ਯਾਦ ਰਹੇ ਨਰਿੰਦਰ ਸਿੰਘ ਇੱਥੇ ਸੁਪਰਵਾਈਜ਼ਰ ਦੇ ਤੌਰ 'ਤੇ ਕੰਮ ਕਰ ਚੁੱਕੇ ਹਨ।

ਨਸ਼ਾ ਤਸਕਰ ਦੀ 95 ਲੱਖ 60 ਹਜ਼ਾਰ ਰੁਪਏ ਦੀ ਜਾਇਦਾਦ ਜ਼ਬਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਥਾਣਾ ਠੁੱਲੀਵਾਲ (ਬਰਨਾਲਾ) ਦੀ ਪੁਲਸ ਵੱਲੋਂ ਦਰਜ ਇੱਕ ਮਾਮਲੇ 'ਚ ਜ਼ਿਲ੍ਹਾ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਦੋਸ਼ੀ ਦੀ 95 ਲੱਖ 60 ਹਜ਼ਾਰ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ।ਡੀ ਐੱਸ ਪੀ ਮਹਿਲ ਕਲਾਂ ਸੁਬੇਗ ਸਿੰਘ, ਥਾਣਾ ਠੁੱਲੀਵਾਲ ਦੇ ਮੁੱਖ ਅਫਸਰ ਸ਼ਰੀਫ ਖ਼ਾਨ ਵੱਲੋਂ ਨਸ਼ਾ ਤਸਕਰਾਂ ਦੀ ਜਾਇਦਾਦ ਦੀ ਪਹਿਚਾਣ ਕਰਕੇ ਨੋਟਿਸ ਲਗਾ ਦਿੱਤਾ ਗਿਆ।ਡੀ ਐੱਸ ਪੀ ਸੁਬੇਗ ਸਿੰਘ ਮਹਿਲ ਕਲਾਂ ਦੀ ਯੋਗ ਅਗਵਾਈ ਹੇਠ ਥਾਣਾ ਠੁੱਲੀਵਾਲ ਵੱਲੋਂ ਦੋਸ਼ੀ ਰਾਜੂ ਸਿੰਘ ਉਰਫ਼ ਰਾਜਾ ਪੁੱਤਰ ਜਰਨੈਲ ਸਿੰਘ, ਸੀਮਾ ਰਾਣੀ ਪਤਨੀ ਰਾਜੂ ਸਿੰਘ ਵਾਸੀਆਨ ਤਰਖਾਣ ਮਾਜਰਾ, ਜ਼ਿਲ੍ਹਾ ਪਟਿਆਲਾ ਤੇ ਦੋਸ਼ੀ ਮੇਜਰ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਬਿਜਲਪੁਰ (ਪਟਿਆਲਾ) ਵੱਲੋਂ ਨਸ਼ਾ ਤਸਕਰੀ ਕਰਕੇ ਬਣਾਈ ਗਈ ਕੁੱਲ 95, 60,000/- ਰੁਪਏ ਦੀ ਚੱਲ-ਅਚੱਲ ਜਾਇਦਾਦ ਜ਼ਬਤ ਕਰਾਈ ਗਈ ਹੈ।ਮੁੱਖ ਅਫਸਰ ਸ਼ਰੀਫ਼ ਖ਼ਾਨ ਥਾਣਾ ਠੁੱਲੀਵਾਲ ਵੱਲੋਂ ਦੋਸ਼ੀਆਂ ਦੀ ਜਾਇਦਾਦ ਦੀ ਪਹਿਚਾਣ ਕਰਕੇ ਕੇਸ ਸਮਰੱਥ ਅਥਾਰਿਟੀ, ਦਿੱਲੀ ਪਾਸ ਭੇਜਿਆ ਗਿਆ ਸੀ, ਜੋ ਸਮਰੱਥ ਅਥਾਰਿਟੀ ਵੱਲੋਂ ਤਸਦੀਕ ਕਰਨ ਉਪਰੰਤ ਦੋਸ਼ੀਆਂ ਦੀ ਜਾਇਦਾਦ ਜ਼ਬਤ ਕਰਨ ਸਬੰਧੀ ਹੁਕਮ ਪ੍ਰਾਪਤ ਹੋਏ ਹਨ।ਸਾਰੀ ਕਾਨੂੰਨੀ ਪ੍ਰਕਿਰਿਆ ਮੁਕੰਮਲ ਤੋਂ ਬਾਅਦ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ ਥਾਣਾ ਠੁੱਲੀਵਾਲ ਦੀ ਪੁਲਸ ਪਾਰਟੀ ਵੱਲੋਂ ਜ਼ਬਤ ਕੀਤੀ ਗਈ ਜਾਇਦਾਦ ਸਬੰਧੀ ਨੋਟਿਸ ਦੋਸ਼ੀਆਂ ਦੇ ਘਰ ਦੇ ਗੇਟ ਮੂਹਰੇ ਲਗਾਏ ਗਏ ਹਨ।

ਗਿਆਨ ਸਾਗਰ ਕਾਨਵੈਂਟ ਸਕੂਲ ਨੇ ਕੌਮਾਂਤਰੀ ਪੱਧਰ 'ਤੇ ਜਿੱਤੇ ਤਮਗ਼ੇ

ਬਰੇਟਾ (ਰੀਤਵਾਲ)-ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੇ ਵਿਦਿਆਰਥੀਆਂ ਨੇ ਪਿਛਲੇ ਦਿਨੀਂ ਨੇਪਾਲ ਦੇ ਕਾਠਮੰਡੂ ਵਿੱਚ ਹੋਈ ਸਾਊਥ ਏਸ਼ੀਅਨ ਓਪਨ ਅੰਤਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਪ੍ਰਗਟ ਸਿੰਘ ਕੁਲਰੀਆਂ ਨੇ ਸਿਲਵਰ ਮੈਡਲ ਤੇ ਅਰਸ਼ਪ੍ਰੀਤ ਸਿੰਘ ਕਾਹਨਗੜ੍ਹ ਨੇ ਬ੍ਰਾਊਂਜ਼ ਮੈਡਲ ਜਿੱਤ ਕੇ ਸਕੂਲ ਤੇ ਦੇਸ਼ ਦਾ ਰੋਸ਼ਨ ਕੀਤਾ। ਜਾਣਕਾਰੀ ਦਿੰਦਿਆਂ ਕੋਚ ਅਮਨਦੀਪ ਸਿੰਘ ਦੱਸਿਆ ਕਿ ਇਸ ਕਰਾਟੇ ਚੈਂਪੀਅਨਸ਼ਿਪ ਵਿੱਚ ਪਾਕਿਸਤਾਨ, ਬੰਗਲਾਦੇਸ਼, ਅਫ਼ਗਾਨਿਸਤਾਨ, ਨੇਪਾਲ, ਸ੍ਰੀਲੰਕਾ ਆਦਿ ਦੇਸ਼ਾਂ ਨੇ ਭਾਗ ਲਿਆ, ਜਿਸ ਵਿੱਚ ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ੍ਹ ਦੇ ਵਿਦਿਆਰਥੀ ਪ੍ਰਗਟ ਸਿੰਘ (9ਵੀਂ) ਨੇ ਸਿਲਵਰ ਤੇ ਅਰਸ਼ਪ੍ਰੀਤ (11ਵੀਂ) ਨੇ ਬ੍ਰਾਊਂਜ਼ ਮੈਡਲ ਜਿੱਤ ਕੇ ਪੂਰੇ ਦੇਸ਼, ਇਲਾਕੇ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਜਿੱਤ ਦੀ ਖੁਸ਼ੀ ਵਿੱਚ ਦੋਵੇਂ ਵਿਦਿਆਰਥੀਆਂ ਦਾ ਸਕੂਲ ਪੁੱਜਣ 'ਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਭਾਰਤ ਦੀਪ ਗਰਗ ਨੇ ਇਸ ਜਿੱਤ 'ਤੇ ਬੱਚਿਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਜਿੱਤ ਦਾ ਸਿਹਰਾ ਚੇਅਰਮੈਨ ਰਾਮਪਾਲ ਸੇਖੋਂ ਨੂੰ ਦਿੱਤਾ। ਸਕੂਲ ਚੇਅਰਮੈਨ ਰਾਮਪਾਲ ਸੇਖੋਂ ਨੇ ਜਿੱਤ ਦੀ ਵਧਾਈ ਦਿੰਦਿਆਂ ਕਿਹਾ ਉਨ੍ਹਾਂ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਹੈ ਤਾਂ ਵਿਦਿਆਰਥੀ ਮਾਨਸਿਕ ਤੇ ਸਰੀਰਕ ਤੌਰ ਮਜ਼ਬੂਤ ਰਹਿਣ।

ਅਤਲਾ ਖੁਰਦ ਵਿਖੇ ਸੰਗਤਾਂ ਵੱਲੋਂ ਪੰਥਕ ਸ਼ਖਸੀਅਤਾਂ ਦਾ ਸਨਮਾਨ

ਭੀਖੀ (ਧਰਮਵੀਰ ਸ਼ਰਮਾ)-ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕ੍ਰਿਪਾ ਸਦਕਾ ਮਾਨਸਾ ਜ਼ਿਲ੍ਹੇ ਦੀਆਂ ਸੰਗਤਾਂ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਚਾਚਾ ਸੁਖਚੈਨ ਸਿੰਘ, ਬਾਬਾ ਜੱਗੀ ਪੰਧੇਰ, ਨਵਦੀਪ ਸਿੰਘ ਵਾਟਰ ਕੈਨਨ, ਭਾਈ ਗੁਰਦੀਪ ਸਿੰਘ ਬਠਿੰਡਾ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਆਦਿ ਪੰਥਕ ਤੇ ਕਿਸਾਨ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਸੁਖਚੈਨ ਸਿੰਘ ਅਤਲਾ ਕੌਮੀ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਫਤਹਿ) ਨੇ ਦੱਸਿਆ ਕਿ ਇਸ ਸਮਾਗਮ ਵਿੱਚ ਆਈਆਂ ਸਮੂਹ ਸ਼ਖ਼ਸੀਅਤਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਸਮੇਤ ਜਥੇਦਾਰ ਭਾਈ ਜਗਤਾਰ ਸਿੰਘ ਹਲਵਾਰਾ ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਯਤਨ ਕਰਨ ਦੀ ਗੱਲ ਕਹੀ।ਇਸ ਮੌਕੇ ਐਡਵੋਕੇਟ ਲਖਵਿੰਦਰ ਸਿੰਘ ਲੱਖਣਪਾਲ, ਬਲਦੇਵ ਸਿੰਘ ਸਾਹਨੇਵਾਲੀ, ਮਹਿੰਦਰਪਾਲ ਸਿੰਘ ਦਾਨਗੜ੍ਹ, ਮਨਦੀਪ ਸਿੰਘ ਸਿੱਧੂ, ਹਰਜੀਤ ਸਿੰਘ ਮਾਨਸਾ, ਭੁਪਿੰਦਰ ਸਿੰਘ, ਕਿਰਪਾਲ ਸਿੰਘ ਕਪੂਰੀ, ਸੂਬੇਦਾਰ ਜਗਦੇਵ ਸਿੰਘ ਰਾਏਪੁਰ, ਨਵਦੀਪ ਸਿੰਘ ਢੱਡੇ, ਬਾਬਾ ਸੋਨੀ ਤਲਵੰਡੀ, ਪ੍ਰਿਤਪਾਲ ਸਿੰਘ, ਕੁਲਵਿੰਦਰ ਸਿੰਘ, ਕੁਲਵੰਤ ਸਿੰਘ, ਮੇਜਰ ਸਿੰਘ, ਜਗਦੀਪ ਸਿੰਘ ਚੀਮਾ, ਅਵਤਾਰ ਸਿੰਘ ਭੀਖੀ, ਬਾਬਾ ਰਾਜਵਿੰਦਰ ਸਿੰਘ ਘਰਾਂਗਣਾ, ਬਾਬਾ ਦੀਪ ਸਿੰਘ, ਭਾਈ ਦਾਰਾ ਸਿੰਘ ਅਕਲੀਆਂ, ਬਾਬਾ ਪ੍ਰਦੀਪ ਸਿੰਘ ਢੈਪਈ, ਭਾਈ ਅੰਮ੍ਰਿਤਪਾਲ ਸਿੰਘ ਭੀਖੀ, ਸੁਖਜੀਤ ਕੌਰ ਅਤਲਾ, ਅਵਤਾਰ ਸਿੰਘ ਅਤਲਾ, ਇਕਬਾਲ ਸਿੰਘ ਅਤਲਾ, ਗ੍ਰੰਥੀ ਬਾਬਾ ਰੇਸ਼ਮ ਸਿੰਘ, ਗੁਰਸੇਂਬਰ ਸਿੰਘ ਆਦਿ ਹਾਜ਼ਰ ਸਨ।

ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਬੱਸ ਰਵਾਨਾ

ਸਮਾਣਾ (ਇਕਬਾਲ ਸਿੰਘ ਬੱਲ)-ਸ਼੍ਰੀ ਨਵ ਦੁਰਗਾ ਮਾਤਾ ਨੈਣਾਂ ਦੇਵੀ ਸੇਵਾ ਦਲ ਵੱਲੋਂ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਚੌਥੀ ਬੱਸ ਯਾਤਰਾ ਸਮਾਣਾ ਤੋਂ ਲਿਜਾਈ ਗਈ, ਜਿਸ ਨੂੰ ਲਾਇਨਜ਼ ਕਲੱਬ ਦੇ ਰਿਜਨਲ ਚੈਅਰਪਰਸੈਨ ਕਰਨ ਗੁਪਤਾ ਤੇ ਲਾਇਨਜ਼ ਕਲੱਬ ਸਮਾਣਾ ਰੋਜ਼ ਦੇ ਪ੍ਰਧਾਨ ਪੰਕਜ ਗਰਗ ਵੱਲੋਂ ਝੰਡੀ ਦਿਖਾ ਕੇ ਅਤੇ ਸੰਗਤਾਂ ਦੇ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਕੀਤਾ ਗਿਆ।ਇਸ ਮੌਕੇ ਸ਼੍ਰੀ ਕਰਨ ਗੁਪਤਾ ਅਤੇ ਪ੍ਰਧਾਨ ਪੰਕਜ ਗਰਗ ਨੇ ਸ਼੍ਰੀ ਨਵ ਦੁਰਗਾ ਮਾਤਾ ਨੈਣਾਂ ਦੇਵੀ ਬੱਸ ਯਾਤਰਾ ਵੱਲੋਂ ਧਾਰਮਿਕ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪੰਕਜ ਬਾਂਸਲ, ਅੰਸ਼ੁਲ ਢੀਂਗੜਾ, ਹਰੀ ਸ਼ੰਕਰ ਪਰਸਾਰ, ਜੀਵਨ ਬਘਰੋਲ, ਵਿਕਾਸ ਸਿੰਗਲਾ, ਪਿੰਕੂ ਸਿੰਗਲਾ, ਸੰਜੀਵ ਗਰਗ, ਵਿਪੁਲ ਅਤੇ ਵਿਨੋਦ ਕੁਮਾਰ ਆਦਿ ਤੋਂ ਇਲਾਵਾ ਸ੍ਰੀ ਨਵ ਦੁਰਗਾ ਮਾਤਾ ਨੈਣਾਂ ਦੇਵੀ ਸੇਵਾ ਦਲ ਤੋਂ ਸ੍ਰੀ ਭੀਮ ਸੈਨ ਸ਼ਰਮਾ, ਸਤੀਸ਼ ਬਾਂਸਲ, ਪੰਕਜ ਬਾਂਸਲ, ਦੀਪਕ ਸਿੰਗਲਾ, ਕਾਲਾ ਹਰਮੇਸ਼, ਰਾਜੇਸ਼ ਕੁਮਾਰ, ਰਾਜੂ ਟਾਰਜ਼ਨ ਤੇ ਬੱਸ ਯਾਤਰੀ ਵੀ ਮੌਜੂਦ ਰਹੇ।

ਮਾਂ ਭਗਵਤੀ ਜਾਗਰਣ ਕਰਾਇਆ

ਸਮਰਾਲਾ (ਸੁਰਜੀਤ ਸਿੰਘ)-ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁਭ ਮੌਕੇ 'ਤੇ 22ਵਾਂ ਮਾਂ ਭਗਵਤੀ ਜਾਗਰਣ ਸ਼੍ਰੀ ਸ਼ਾਮ ਮਹਾਂਉਤਸਵ ਸ੍ਰੀ ਸ਼ਿਵ ਸ਼ੰਕਰ ਸੇਵਾ ਦਲ ਕਲੱਬ ਤੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਮਹਾਂਮਾਈ ਦਾ ਜਾਗਰਣ ਕਰਾਇਆ ਗਿਆ, ਜਿਸ ਵਿੱਚ ਗਾਇਕ ਮਨੀ ਲਾਡਲਾ ਨੇ ਆਪਣੀ ਸੁਰੀਲੀ ਆਵਾਜ਼ ਵਿੱਚ ਮਾਤਾ ਰਾਣੀ ਦੀਆਂ ਭੇਟਾਂ ਤੇ ਭੋਲੇ ਨਾਥ ਦੇ ਭਜਨ ਤੇ ਕ੍ਰਿਸ਼ਨ ਜੀ ਰਾਧਾ ਰਾਣੀ ਤੇ ਖਾਟੂ ਸ਼ਿਆਮ ਜੀ ਦੇ ਭਜਨ ਨਾਲ ਉੱਥੇ ਆਏ ਭਗਤਾਂ ਨੂੰ ਝੂਮਣ ਲਾਇਆ ਤੇ ਮਹਾਂਮਾਈ ਦਾ ਗੁਣਗਾਨ ਕੀਤਾ।ਉਨ੍ਹਾਂ ਤੋਂ ਬਾਅਦ ਰਮਨ ਰੋਮੀ ਨੇ ਮਾਤਾ ਰਾਣੀ ਦਾ ਗੁਣਗਾਨ ਕੀਤਾ।ਤਾਰਾ ਰਾਣੀ ਦੀ ਅਮਰਕਥਾ ਵੀ ਸੁਣਾਈ।ਸ਼ਿਵ ਸ਼ੰਕਰ ਸੇਵਾ ਦਲ ਦੇ ਚੇਅਰਮੈਨ ਕੌਂਸਲਰ ਸਨੀ ਦੂਆ ਨੇ ਕਲੱਬ ਵੱਲੋਂ ਸਾਰੇ ਹੀ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਮਹਾਂਮਾਈ ਦਾ ਭਗਵਤੀ ਜਾਗਰਣ ਕਰਾਇਆ ਜਾਂਦਾ ਹੈ। ਕਲੱਬ ਮੁਖਤੇਸ਼ਵਰ ਮਹਾਦੇਵ ਮੰਦਰ ਚਹਿਲਾਂ, ਸ਼੍ਰੀ ਨੀਲ ਕੰਠ ਮਹਾਦੇਵ ਸੇਵਾ ਸਮਿਤੀ, ਸ਼੍ਰੀ ਨੈਣਾ ਦੇਵੀ ਲੰਗਰ ਕਮੇਟੀ ਸਮਰਾਲਾ, ਰਾਮਲੀਲਾ ਕਮੇਟੀ ਸ਼੍ਰੀ ਦੁਰਗਾ ਮੰਦਿਰ, ਰਾਮ ਲੀਲਾ ਕਮੇਟੀ ਨੇੜੇ ਬਾਬਾ ਗੜੀ ਵਾਲਾ ਮੰਦਰ, ਅਮਰਨਾਥ ਬਰਫਾਨੀ ਸੇਵਾਦਲ ਸਰਹੰਦ ਬ੍ਰਾਂਚ ਸਮਰਾਲਾ, ਮਾਨ ਵੈਲਫੇਅਰ ਕਲੱਬ ਸਮਰਾਲਾ, ਸ਼ਿਵ ਸ਼ਕਤੀ ਮੰਦਰ ਮਾਛੀਵਾੜਾ, ਓਮ ਨਮੋ ਸ਼ਿਵਾਏ ਕਲੱਬ ਲੰਗਰ ਵਰਤਾਉਣ ਦੀ ਸੇਵਾ ਨਿਭਾਈ ਗਈ।

ਸਰਵੋਤਮ ਫ਼ਿਲਮੀ ਪੱਤਰਕਾਰਤਾ ਐਵਾਰਡ ਮਿਲਣ 'ਤੇ ਮੁਬਾਰਕਬਾਦ ਦਿੱਤੀ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬੀ ਫ਼ਿਲਮ ਐਂਡ ਟੀ ਵੀ ਐਕਟਰਜ਼ ਐਸ਼ੋਸੀਏਸ਼ਨ (ਪਫ਼ਟਾ) ਵੱਲੋਂ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਨੂੰ ਸਰਵੋਤਮ ਫ਼ਿਲਮੀ ਪੱਤਰਕਾਰਤਾ ਐਵਾਰਡ ਮਿਲਣ 'ਤੇ ਪ੍ਰੈਸ ਕਲੱਬ ਸਮਾਣਾ ਵੱਲੋਂ ਪ੍ਰਧਾਨ ਕੈਲਾਸ਼ ਸ਼ਰਮਾ, ਪਵਨ ਸ਼ਾਸਤਰੀ, ਗੁਰਦੀਪ ਸ਼ਰਮਾ, ਪ੍ਰਸ਼ੋਤਮ ਕੌਸ਼ਿਕ, ਜਸਵਿੰਦਰ ਸਿੰਘ ਦਰਦ, ਵਿਜੇ ਗਰਗ, ਸੁਭਾਸ਼ ਚੰਦਰ, ਰਜਿੰਦਰ ਫ਼ਤਿਹਪੁਰ ਤੇ ਰਮਨ ਗੁਪਤਾ ਆਦਿ ਵੱਲੋਂ ਉਨ੍ਹਾਂ ਨੂੰ ਮੁਬਾਰਕਬਾਦ ਦਿੰਦੇ ਹੋਏ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪ੍ਰਧਾਨ ਕੈਲਾਸ਼ ਸ਼ਰਮਾ ਅਤੇ ਸੀਨੀਅਰ ਪੱਤਰਕਾਰ ਪਵਨ ਸ਼ਾਸਤਰੀ ਨੇ ਕਿਹਾ ਕਿ ਜਵੰਦਾ ਨੂੰ ਇਹ ਵੱਡਾ ਐਵਾਰਡ ਮਿਲਣ 'ਤੇ ਉਨ੍ਹਾਂ ਦੇ ਪ੍ਰੈਸ ਕਲੱਬ ਤੇ ਸ਼ਹਿਰ ਸਮਾਣਾ ਦਾ ਨਾਂਅ ਰੌਸ਼ਨ ਹੋਇਆ ਹੈ।

ਗੁਰੂ ਨਾਨਕ ਕਾਲਜ ਦੇ ਵਿਦਿਆਰਥੀ ਦਾ ਨਾਂਅ 'ਵਰਸਿਟੀ ਦੀ ਮੈਰਿਟ ਸੂਚੀ 'ਚ ਦਰਜ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਗੁਰੂ ਨਾਨਕ ਕਾਲਜ ਦੇ ਪੋਸਟ ਗ੍ਰੈਜੂਏਟ ਬੇਸਿਕ ਸਾਇੰਸਜ਼ ਵਿਭਾਗ ਦੇ ਵਿਦਿਆਰਥੀਆਂ ਨੇ ਮਈ 2024 ਵਿੱਚ ਪੰਜਾਬ ਯੂਨੀਵਰਸਿਟੀ ਦੇ ਬੀ.ਐਸ.ਸੀ ਦੂਜੇ ਸਮੈਸਟਰ ਦੀਆਂ ਪ੍ਰੀਖਿਆਵਾਂ ਦਾ ਨਤੀਜਾ ਸੌ ਫ਼ੀਸਦੀ ਰਿਹਾ ਹੈ।ਬੀ.ਐਸ.ਸੀ ਨਾਨ-ਮੈਡੀਕਲ ਦੀ ਵਿਦਿਆਰਥਣ ਰਮਨਦੀਪ ਕੌਰ ਸਪੁੱਤਰੀ ਬਲਜਿੰਦਰ ਸਿੰਘ ਨੇ 94% ਅੰਕ ਲੈ ਕੇ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਛੇਵੀਂ ਪੁਜ਼ੀਸ਼ਨ ਤੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤੀ।ਚਾਹਤ ਸਪੁੱਤਰੀ ਸ੍ਰੀ ਸੰਜੀਵ ਕੁਮਾਰ ਨੇ 83.5% ਅੰਕ ਲੈ ਕੇ ਅਤੇ ਖੁਸ਼ਪ੍ਰੀਤ ਕੌਰ ਸਪੁੱਤਰੀ ਰਾਜਵਿੰਦਰ ਸਿੰਘ ਨੇ 81.25% ਨਾਲ ਕਾਲਜ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ।ਬੀ.ਐਸ.ਸੀ. ਮੈਡੀਕਲ ਦੂਜੇ ਸਮੈਸਟਰ ਦੀ ਵਿਦਿਆਰਥਣ ਜਸਲੀਨ ਸ਼ਰਮਾ ਸਪੁੱਤਰੀ ਸ੍ਰੀ ਸੰਜੀਵ ਕੁਮਾਰ ਨੇ 71.3% ਅੰਕ ਲੈ ਕੇ ਕਾਲਜ ਵਿੱਚੋਂ ਪਹਿਲਾ ਸਥਾਨ, ਸੁਨੀਤਾ ਰਾਣੀ ਸਪੁੱਤਰੀ ਬਚਨ ਸਿੰਘ ਨੇ 70.8% ਅੰਕਾਂ ਨਾਲ ਦੂਜਾ ਸਥਾਨ, ਏਕਮਵੀਰ ਕੌਰ ਸਪੁੱਤਰੀ ਜਗਦੇਵ ਸਿੰਘ ਨੇ 70.12% ਨਾਲ ਤੀਜਾ ਸਥਾਨ ਹਾਸਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਫ਼ਿਜ਼ਿਕਸ ਵਿਭਾਗ ਮੁਖੀ ਡਾ. ਅਨੀਤਾ ਰਾਣੀ, ਵਿਭਾਗ ਮੁਖੀ ਕੈਮਿਸਟਰੀ, ਸ੍ਰੀਮਤੀ ਕਿਰਨਦੀਸ਼ ਕੌਰ ਵਿਭਾਗ ਮੁਖੀ ਬੋਟਨੀ, ਡਾ. ਹਰਪ੍ਰੀਤ ਕੌਰ, ਵਿਭਾਗ ਮੁਖੀ ਜੌਲੂਜੀ ਡਾ. ਸੁਖਵਿੰਦਰ ਕੌਰ ਤੇ ਸਮੂਹ ਫੈਕਲਟੀ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਪਾਰਕ ਦੀਆਂ ਪੌੜੀਆਂ ਤੋਂ ਮਿਲੀ ਲਾਵਾਰਸ ਬੱਚੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬੀਤੀ ਰਾਤ ਫ਼ਤਹਿਗੜ੍ਹ ਸਾਹਿਬ ਦੇ ਜੌਗਿੰਗ ਪਾਰਕ ਦੀ ਪੌੜੀਆਂ ਤੋਂ ਇੱਕ 6/7 ਦਿਨਾਂ ਦੀ ਬੱਚੀ ਦੇ ਲਾਵਾਰਸ ਹਾਲਤ 'ਚ ਮਿਲਣ ਦੀ ਸੂਚਨਾ ਹੈ।ਥਾਣਾ ਫ਼ਤਹਿਗੜ੍ਹ ਸਾਹਿਬ ਦੇ ਸਹਾਇਕ ਥਾਣੇਦਾਰ ਪ੍ਰਿਥਵੀਰਾਜ ਸਿੰਘ ਨੇ ਦੱਸਿਆ ਕਿ ਬੀਤੇ ਕੱਲ੍ਹ ਦੇਰ ਸ਼ਾਮ ਪੁਲਸ ਕੰਟਰੋਲ ਰੂਮ 'ਤੇ ਕਿਸੇ ਵਿਅਕਤੀ ਨੇ ਫੋਨ ਕਰਕੇ ਸੂਚਨਾ ਦਿੱਤੀ ਕਿ ਜੋਤੀ ਸਰ

3-SEP-PAGE-8.qxd 9/2/2024 10:17 PM Page 1

ਸੁਲਤਾਨਪੁਰ ਲੋਧੀ 'ਚ 200 ਕਰੋੜ ਦੀ ਲਾਗਤ ਨਾਲ ਫੂਡ, ਵੈਜੀਟੇਬਲ ਪ੍ਰੋਸੈਸਿੰਗ ਪ੍ਰੋਜੈਕਟ ਹੋਵੇਗਾ ਸਥਾਪਿਤ : ਚੀਮਾ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਸੱਜਣ ਸਿੰਘ ਚੀਮਾ ਵੱਲੋਂ ਮਾਰਕਿਟ ਕਮੇਟੀ ਦੇ ਮੀਟਿੰਗ ਹਾਲ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ।ਜਿਸ ਵਿੱਚ ਉਹਨਾਂ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਹਲਕਾ ਸੁਲਤਾਨਪੁਰ ਲੋਧੀ ਨੂੰ 200 ਕਰੋੜ ਰੁਪਏ ਦੀ ਲਾਗਤ ਦੇ ਨਾਲ ਫੂਡ ਵੈਜੀਟੇਬਲ ਪ੍ਰੋਸੈਸਿੰਗ ਪ੍ਰੋਜੈਕਟ ਜੋ ਕਿ ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡ ਮਸੀਤਾਂ ਵਿਖੇ 40 ਏਕੜ ਵਿੱਚ ਲਗਾਇਆ ਜਾ ਰਿਹਾ ਹੈ।ਜਿਸ ਸੰਬੰਧੀ ਅਧਿਕਾਰੀਆਂ ਵੱਲੋਂ ਪਿੰਡ ਮਸੀਤਾ ਵਿਖੇ ਸਮੇਂ ਸਮੇਂ 'ਤੇ ਵਿਜਿਟ ਕੀਤੀ ਜਾ ਰਹੀ ਹੈ ਤਾਂ ਜੋ ਕਿ ਇਸ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜਿਆ ਜਾਵੇ।ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਪਹਿਲਾਂ ਕਪੂਰਥਲਾ ਵਿਖੇ ਮੈਡੀਕਲ ਕਾਲਜ ਬਣਾਉਣ ਦਾ ਵਾਅਦਾ ਕੀਤਾ ਗਿਆ ਸੀ, ਉਸ ਨੂੰ ਹੁਣ ਬਦਲ ਕੇ ਸੁਲਤਾਨਪੁਰ ਲੋਧੀ ਦੇ ਪਿੰਡ ਜੱਬੋਵਾਲ ਵਿਖੇ ਪਹਿਲਾਂ ਬਣੇ ਇੰਜੀਨੀਅਰਿੰਗ ਕਾਲਜ 'ਚ ਸ਼ਿਫਟ ਕਰਨ ਲਈ ਮੇਰੇ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖਿਆ ਗਿਆ ਹੈ।ਉਹਨਾਂ ਨੇ ਕਿਹਾ ਕਿ ਜੱਬੋਵਾਲ ਇੰਜੀਨੀਅਰ ਕਾਲਜ ਵਿਖੇ ਬਿਲਡਿੰਗ ਪਹਿਲਾ ਹੀ ਤਿਆਰ ਹੈ।ਜਿਸ ਨਾਲ ਸਰਕਾਰ ਦਾ ਖਰਚਾ ਵੀ ਘੱਟ ਆਉਣਾ ਹੈ। ਇਸ ਨਾਲ ਸੁਲਤਾਨਪੁਰ ਲੋਧੀ ਹਲਕੇ ਅਤੇ ਆਸ-ਪਾਸ ਦੇ ਹੋਰ ਹਲਕਿਆਂ ਨੂੰ ਵੀ ਬਹੁਤ ਫਾਇਦਾ ਹੋਵੇਗਾ। ਉਹਨਾਂ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਜਲਦ ਹੀ ਬਾਬੇ ਨਾਨਕ ਦੇ ਪਿੰਡ ਦਾ ਜੋ ਨਿਰਮਾਣ ਹੋਣਾ ਹੈ।ਉਸ ਦਾ ਕੰਮ ਸ਼ੁਰੂ ਹੋ ਜਾਵੇਗਾ ਤੇ ਅਧਿਕਾਰੀਆਂ ਵੱਲੋਂ ਜਮੀਨ ਰਿਕਵਾਇਰ ਕੀਤੀ ਜਾ ਰਹੀ ਹੈ ਅਤੇ ਸਾਰੇ ਕਿਸਾਨ ਜ਼ਮੀਨ ਦੇਣ ਨੂੰ ਤਿਆਰ ਹੋ ਗਏ ਹਨ।ਉਹਨਾਂ ਨੇ ਕਿਹਾ ਸੁਲਤਾਨਪੁਰ ਲੋਧੀ 'ਚ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਸਟੇਡੀਅਮ ਦਾ ਨਿਰਮਾਣ ਵੀ ਕੀਤਾ ਜਾਵੇਗਾ।

ਇੱਕ ਸਵਾਲ ਦੇ ਜਵਾਬ 'ਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਨੇ ਸਮਾਰਟ ਸਿਟੀ ਸੰਬੰਧੀ ਹੋ ਰਹੇ ਵਿਕਾਸ ਕਾਰਜਾਂ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹਨਾਂ ਕਾਰਜਾਂ ਨੂੰ ਬਹੁਤ ਜਲਦੀ ਮੁਕੰਮਲ ਕੀਤਾ ਜਾਵੇਗਾ।ਉਹਨਾਂ ਨੇ ਕਿਹਾ ਕਿ ਰਾਣਾ ਪਰਵਾਰ ਨੇ ਇਲਾਕੇ ਦਾ ਬਹੁਤ ਨੁਕਸਾਨ ਕੀਤਾ ਹੈ।

ਉਹਨਾਂ ਨੇ ਕਿਹਾ ਕਿ ਗੁਰੂ ਨਾਨਕ ਪਾਤਸ਼ਾਹ ਦੀ ਧਰਤੀ ਤੇ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਹੁੰਦਾ ਹੈ।ਉਹਨਾਂ ਨੇ ਸੇਬੀ ਵੱਲੋਂ ਕੀਤੇ ਗਏ ਜੁਰਮਾਨੇ ਤੇ ਵੀ ਸਵਾਲ ਚੁੱਕਦੇ ਹੋਏ ਕਿਹਾ ਕਿ ਇਹ ਕੋਈ ਮਾਮੂਲੀ ਘਪਲਾ ਨਹੀਂ ਹੈ, ਇਹਨਾਂ ਨੇ ਵੱਡੇ ਪੱਧਰ ਤੇ ਕਥਿਤ ਤੌਰ 'ਤੇ 600 ਕਰੋੜ ਰੁਪਏ ਦਾ ਘਪਲਾ ਕੀਤਾ।

ਵਿਧਾਇਕ ਰਾਣਾ ਨੇ ਦੋਸ਼ਾਂ ਨੂੰ ਝੂਠੇ ਅਤੇ ਬੇਬੁਨਿਆਦ ਦੱਸਿਆ। ਇਸ ਮੌਕੇ ਵਿਧਾਇਕ ਰਾਣਾ ਨੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਝੂਠੇ ਅਤੇ ਬੇਬੁਨਿਆਦ ਦੱਸਿਆ ਉਹਨਾਂ ਨੇ ਕਿਹਾ ਕਿ ਇਹ ਦੋਸ਼ ਸਿਰਫ ਸਿਆਸਤ ਤੋਂ ਪ੍ਰੇਰਿਤ ਹਨ।ਇਹਨਾਂ ਵਿੱਚ ਕੋਈ ਵੀ ਸੱਚਾਈ ਨਹੀਂ ਹੈ।

ਖੂਹ ਨੂੰ ਗਿਆ ਵਿਅਕਤੀ ਅੱਜ ਤੱਕ ਵਾਪਸ ਨਹੀਂ ਆਇਆ

ਕਾਲਾ ਸੰਘਿਆਂ (ਮਨਜੀਤ ਮਾਨ) ਭੋਡੇ ਸਮਰਾਏ ਜ਼ਿਲ੍ਹਾ ਜਲੰਧਰ ਦੇ ਵਿਅਕਤੀ ਮਹਿੰਦਰ ਸਿੰਘ ਜੋ ਆਪਣੇ ਖੂਹ 'ਤੇ ਗਿਆ, ਪਰ ਵਾਪਸ ਘਰ ਨਹੀਂ ਆਇਆ ਇਸ ਸੰਬੰਧੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ। ਇਥੇ ਲਾਪਤਾ ਹੋਏ ਵਿਅਕਤੀ ਦੇ ਸਪੁੱਤਰ ਗਗਨਦੀਪ ਸਿੰਘ ਨੇ ਰੋਂਦੇ ਵਿਲਕਦਿਆਂ ਦੱਸਿਆ ਕਿ ਉਨ੍ਹਾਂ ਦਾ ਖੂਹ ਰੇਲਵੇ ਫਾਟਕ ਦੇ ਨੇੜੇ ਹੈ ਤੇ ਉਨ੍ਹਾਂ ਦਾ ਪਿਤਾ ਮਹਿੰਦਰ ਸਿੰਘ 15 ਕੁ ਦਿਨ ਪਹਿਲਾਂ ਆਪਣੇ ਖੂਹ 'ਤੇ ਗਿਆ ਪਰ ਅੱਜ ਤੱਕ ਉਨ੍ਹਾਂ ਦਾ ਪਿਤਾ ਘਰ ਵਾਪਸ ਨਹੀਂ ਆਇਆ ਤੇ ਉਨ੍ਹਾਂ ਦੇ ਪਿਤਾ ਦਾ ਮੋਟਰਸਾਈਕਲ ਖੂਹ ਤੇ ਖੜ੍ਹਾ ਹੈ ਪਰ ਉਸ ਦਾ ਪਿਤਾ ਲਾਪਤਾ ਹੈ ਲਾਪਤਾ ਵਿਆਕਤੀ ਦੇ ਸਪੁੱਤਰ ਗਗਨਦੀਪ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਦੀ ਉਮਰ ਕਰੀਬ 58 ਸਾਲ, ਕੱਦ 5 ਫੁੱਟ 8 ਇੰਚ ਰੰਗ ਸਾਂਵਲਾ ਗ੍ਰੀਨ ਰੰਗ ਦੀ ਟੀ ਸ਼ਰਟ, ਨੀਲੇ ਰੰਗ ਦਾ ਪਜਾਮਾ, ਪੈਰਾਂ ਵਿਚ ਚੱਪਲਾਂ ਤੇ ਅੱਖ 'ਤੇ ਸੱਟ ਦਾ ਨਿਸ਼ਾਨ ਲੱਗਾ ਹੈ।

ਬਾਬਾ ਮੱਟ ਸਾਹਿਬ ਦੇ ਅਸਥਾਨ 'ਤੇ ਸਾਲਾਨਾ ਮੇਲਾ 15, 16 ਨੂੰ

ਕਾਲਾ ਸੰਘਿਆਂ (ਮਨਜੀਤ ਮਾਨ) ਪਿੰਡ ਆਧੀ ਜ਼ਿਲ੍ਹਾ ਜਲੰਧਰ ਦੇ ਬਾਬਾ ਮੱਟ ਸਾਹਿਬ ਦੇ ਅਸਥਾਨ 'ਤੇ ਸਾਲਾਨਾ ਮੇਲਾ 15,16 ਸਤੰਬਰ ਦਿਨ ਐਤਵਾਰ ਤੇ ਸੋਮਵਾਰ ਨੂੰ ਬਾਬਾ ਮੱਟ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਜਰਨੈਲ ਸਿੰਘ ਸ਼ਾਹਪੁਰ, ਹਰਨੇਕ ਸਿੰਘ ਨੇਕਾ, ਡਾਕਟਰ ਕੁਲਵੰਤ ਸਿੰਘ, ਸੁਖਦੇਵ ਸਿੰਘ ਸੋਨਾ, ਬਲਵੰਤ ਸਿੰਘ, ਜਸਵਿੰਦਰ ਸੰਧੂ, ਬਲਦੇਵ ਰਾਜ ਗੁੱਗੂ, ਲਖਵਿੰਦਰ ਸਿੰਘ ਆਧੀ ਤੇ ਲਖਵੀਰ ਸਿੰਘ ਲੱਖੀ ਨੇ ਸਾਂਝੇ ਤੌਰ 'ਤੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਮੇਲਾ ਪਿੰਡ ਇਲਾਕਾ ਸਮੂਹ ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਤੇ ਪਿੰਡ ਆਧੀ, ਸ਼ਾਹਪੁਰ ਤੇ ਪੰਡੋਰੀ ਦੀਆ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਦੇ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੇਲੇ 'ਚ ਪ੍ਰਸਿੱਧ ਗਾਇਕ ਰੰਧਾਵਾ ਬ੍ਰਦਰਜ਼ ਰੰਮੀ ਰੰਧਾਵਾ ਤੇ ਪ੍ਰਿੰਸ ਰੰਧਾਵਾ ਆਪਣੇ ਫ਼ਨ ਦਾ ਮੁਜਾਹਰਾ ਕਰਨਗੇ।

ਅਮਰਦੀਪ ਸਿੰਘ ਨੇ ਮਾਊਂਟ ਮੈਂਟੋਕ ਕਾਂਗੜੀ-2 'ਤੇ ਤਿਰੰਗਾ ਲਹਿਰਾਇਆ

ਆਦਮਪੁਰ (ਪਰਮਜੀਤ ਸਿੰਘ)- ਨੂਰਪੁਰ-ਜਲੰਧਰ ਦੇ ਨਿਵਾਸੀ ਅਮਰਦੀਪ ਸਿੰਘ ਨੇ ਆਪਣੀ ਅਥਾਂਹ ਇੱਛਾ ਸ਼ਕਤੀ ਅਤੇ ਹਿੰਮਤ ਨਾਲ ਪਰਬਤਾਰੋਹੀ ਦੀ ਦੁਨੀਆਂ 'ਚ ਇੱਕ ਹੋਰ ਰਿਕਾਰਡ ਕਾਇਮ ਕੀਤਾ ਹੈ।ਆਪਣੀ ਪੇਸ਼ੇਵਰ ਜ਼ਿੰਦਗੀ ਦੇ ਨਾਲ-ਨਾਲ ਆਪਣੇ ਜਨੂੰਨ ਨੂੰ ਜਿਉਂਦੇ ਹੋਏ, ਅਮਰਦੀਪ ਸਿੰਘ ਨੇ 15 ਅਗਸਤ ਨੂੰ ਲੱਦਾਖ ਵਿੱਚ 6180 ਮੀਟਰ ਉੱਚੀ ਮਾਊਂਟ ਮੈਂਟੋਕ ਕਾਂਗੜੀ-2 ਦੀ ਚੋਟੀ 'ਤੇ ਸਫਲਤਾਪੂਰਵਕ ਚੜ੍ਹ ਕੇ ਤਿਰੰਗਾ ਝੰਡਾ ਲਹਿਰਾਇਆ।ਇਸ ਤੋਂ ਪਹਿਲਾਂ ਇਸ ਸਾਲ ਮਈ ਵਿੱਚ ਅਮਰਦੀਪ ਨੇ ਨੇਪਾਲ ਵਿੱਚ 6091 ਮੀਟਰ ਉੱਚੀ ਮਾਊਂਟ ਲਾਬੋਚੇ ਈਸਟ ਦੀ ਚੁਣੌਤੀਪੂਰਨ ਚੋਟੀ ਵੀ ਸਰ ਕੀਤੀ ਸੀ। ਅਮਰਦੀਪ ਸਿੰਘ ਇੱਕ ਤਜਰਬੇਕਾਰ ਮੌਸਮੀ ਪਰਬਤਾਰੋਹੀ ਹੈ ਅਤੇ ਉਸਨੇ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਕਈ ਵੱਡੀਆਂ ਮੁਹਿੰਮਾਂ ਵਿੱਚ ਹਿੱਸਾ ਲੈ ਕੇ ਆਪਣੀ ਸਾਹਸੀਤਾ ਦਾ ਪ੍ਰਦਰਸ਼ਨ ਕੀਤਾ ਹੈ।ਅਮਰਦੀਪ ਸਿੰਘ ਦੀਆਂ ਇਹ ਪ੍ਰਾਪਤੀਆਂ ਨਾ ਸਿਰਫ਼ ਪਰਬਤਾਰੋਹਣ ਪ੍ਰਤੀ ਉਸ ਦੇ ਲਗਨ ਅਤੇ ਜਨੂੰਨ ਨੂੰ ਦਰਸਾਉਂਦੀਆਂ ਹਨ, ਸਗੋਂ ਇਹ ਵੀ ਸਾਬਤ ਕਰਦੀਆਂ ਹਨ ਕਿ ਮਜ਼ਬੂਤ ਇਰਾਦੇ ਅਤੇ ਸਖ਼ਤ ਮਿਹਨਤ ਨਾਲ ਕੋਈ ਵੀ ਉਚਾਈ ਹਾਸਲ ਕੀਤੀ ਜਾ ਸਕਦੀ ਹੈ।ਉਸ ਨੇ ਆਪਣੀ ਹਿੰਮਤ ਅਤੇ ਦ੍ਰਿੜ੍ਹ ਇਰਾਦੇ ਨਾਲ ਇਹ ਸੰਦੇਸ਼ ਦਿੱਤਾ ਹੈ ਕਿ ਉਮਰ ਅਤੇ ਪੇਸ਼ਾ ਸਿਰਫ਼ ਇੱਕ ਸੰਖਿਆ ਹੈ। ਅਸਲ ਪਹਿਚਾਣ ਤੁਹਾਡੀ ਹਿੰਮਤ ਅਤੇ ਮਿਹਨਤ ਨਾਲ ਮਿਲਦੀ ਹੈ।

ਅਕਾਲੀ ਦਲ ਨੂੰ ਛੱਡ ਕੇ ਕੁਲਦੀਪ ਸਿੰਘ ਸਿੱਧੂ ਦੁਬਾਰਾ ਬਸਪਾ 'ਚ ਸ਼ਾਮਲ

ਭੁਲੱਥ (ਮਨਪ੍ਰੀਤ ਸਿੰਘ) ਸਬ ਡਵੀਜ਼ਨ ਕਸਬਾ ਭੁਲੱਥ ਨੇ ਵਸਨੀਕ ਕੁਲਦੀਪ ਸਿੰਘ ਸਿੱਧੂ ਜੋ ਪਹਿਲਾਂ ਵੀ ਆਪਣੀ ਮਾਂ ਪਾਰਟੀ ਬਸਪਾ 'ਚ ਲੰਬਾ ਦਹਾਕਾ ਬਹੁਜਨ ਵਿਚਾਰਧਾਰਾ ਨੂੰ ਸਮਰਪਿਤ ਰਹਿ ਕੇ ਕੰਮ ਕਰਦੇ ਰਹੇ ਸਨ ਤੇ ਕੁਝ ਸਾਲਾਂ ਤੋਂ ਅਕਾਲੀ ਦਲ 'ਚ ਸ਼ਾਮਲ ਹੋ ਗਏ ਸਨ, ਲੇਕਿਨ ਕੱਲ੍ਹ ਦੁਬਾਰਾ ਫਿਰ ਬਸਪਾ ਆਗੂਆਂ ਦੀ ਅਗਵਾਈ 'ਚ ਮੁੜ ਆਪਣੀ ਮਾਂ ਪਾਰਟੀ ਬਸਪਾ 'ਚ ਪਰਤ ਆਏ ਹਨ, ਜਿਸ ਕਰਕੇ ਬਸਪਾ ਆਗੂਆਂ ਵੱਲੋਂ ਉਹਨਾਂ ਨੂੰ ਜੀ ਆਇਆ ਕਹਿੰਦੇ ਹੋਏ ਭਰਵਾਂ ਸਵਾਗਤ ਕੀਤਾ ਗਿਆ।ਭੁਲੱਥ ਦੀ ਵਾਲਮੀਕਿ ਮੰਦਰ ਵਿਖੇ ਬਸਪਾ ਆਗੂਆਂ ਦੀ ਮੀਟਿੰਗ ਹੋਈ।ਮੀਟਿੰਗ ਦੌਰਾਨ ਕੁਲਦੀਪ ਸਿੱਧੂ ਨੇ ਕਿਹਾ ਕਿ ਦੱਬੇ ਕੁਚਲੇ ਸਮਾਜ ਦੀ ਅਗਵਾਈ ਬਸਪਾ ਪਾਰਟੀ ਹੀ ਕਰ ਸਕਦੀ ਹੈ, ਜਿਸ ਕਰਕੇ ਉਹ ਕੁਝ ਸਮਾਂ ਗੁੰਮਰਾਹ ਹੋ ਕੇ ਅਕਾਲੀ ਦਲ 'ਚ ਚਲੇ ਗਏ ਸਨ ਤੇ ਹੁਣ ਦੁਬਾਰਾ ਆਪਣੀ ਮਾਂ ਪਾਰਟੀ ਬਸਪਾ 'ਚ ਸ਼ਾਮਲ ਹੋ ਕੇ ਮਜ਼ਦੂਰ ਜਮਾਤ ਦੀ ਅਗਵਾਈ ਕਰਨਗੇ।ਮੀਟਿੰਗ ਦੌਰਾਨ ਬਸਪਾ ਜਨਰਲ ਸਕੱਤਰ ਪੰਜਾਬ ਤਰਸੇਮ ਥਾਪਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾ ਪੁਹਚਾਉਣਾ ਬਹੁਤ ਜਰੂਰੀ ਹੈ, ਜਿਸ ਲਈ ਬਸਪਾ ਦਾ ਹਰੇਕ ਵਰਕਰ ਤਤਪਰ ਰਹਿੰਦੇ ਹੋਏ ਪਾਰਟੀ ਦੀਆਂ ਨੀਤੀਆਂ ਲੋਕਾਂ ਤੱਕ ਪਹੁੰਚਾਵੇ ਤਾਂ ਜੋ ਭੁਲੱਥ ਹਲਕੇ ਵਿੱਚ ਪਾਰਟੀ ਨੂੰ ਬੂਥ ਪੱਧਰ ਤੱਕ ਮਜਬੂਤ ਕੀਤਾ ਜਾ ਸਕੇ।ਇਸ ਮੌਕੇ ਪਾਰਟੀ ਵਿੱਚ ਕੁਝ ਨਵੀਆਂ ਨਿਯੁਕਤੀਆਂ ਕਰਦੇ ਹੋਏ ਸਿਮਰਨਜੀਤ ਸਿੰਘ ਨਡਾਲਾ ਨੂੰ ਬਹੁਜਨ ਵਲੰਟੀਅਰ ਫੋਰਸ ਦਾ ਜ਼ਿਲ੍ਹਾ ਪ੍ਰਧਾਨ, ਸਰਬਜੀਤ ਸਿੰਘ ਨੰਗਲ ਲੁਬਾਣਾ ਅਤੇ ਬਿੰਦਰ ਮਸੀਹ ਦੋਵਾਂ ਨੂੰ ਬਸਪਾ ਦਾ ਜਿਲ੍ਹਾ ਸਕੱਤਰ, ਮਲਕੀਤ ਸਿੰਘ ਭੀਲਾ ਨੂੰ ਵਾਇਸ ਪ੍ਰਧਾਨ ਹਲਕਾ ਭੁਲੱਥ, ਸੁਦੇਸ਼ ਕੁਮਾਰ ਸਿੱਧੂ ਨੂੰ ਸ਼ਹਿਰੀ ਪ੍ਰਧਾਨ ਭੁਲੱਥ, ਪਰਮਜੀਤ ਸਿੰਘ ਵਾਈਸ ਪ੍ਰਧਾਨ ਭੁਲੱਥ ਸ਼ਹਿਰੀ, ਮਨਜੀਤ ਸਿੰਘ ਬੋਪਰਾਏ ਨੂੰ ਆਰਗੇਨਾਈਜ਼ ਸੈਕਟਰੀ ਭੁਲੱਥ ਨਿਯੁਕਤ ਕੀਤਾ ਗਿਆ।ਇਸ ਮੌਕੇ ਸੁਖਪਾਲ ਨਾਹਰ, ਅਮਿਤ ਨਡਾਲਾ, ਸੁਰਿੰਦਰ ਸਿੰਘ, ਅਜੀਤ ਕੁਮਾਰ, ਦੇਸ ਰਾਜ, ਗੁਰਵਿੰਦਰ ਸਿੰਘ, ਸਤਪਾਲ ਭੱਟੀ, ਗਗਨ ਕੁਮਾਰ, ਸਾਗਰ ਸੰਧੂ, ਚਰਨਜੀਤ ਮੀਨਾਰ, ਅਜੀਤ ਕੁਮਾਰ, ਗੁਰਪਾਲ ਸਿੰਘ ਤੇ ਹੋਰ ਹਾਜ਼ਰ ਸਨ।

ਸਾਬਕਾ ਸੀਨੀਅਰ ਈ ਡੀ ਪੀ ਐੱਮ ਭਰਤ ਸਿੰਘ ਦਾ ਸਨਮਾਨ

ਫਗਵਾੜਾ (ਜਸਵਿੰਦਰ ਢੱਡਾ) ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੋਸਾਇਟੀ ਰਜਿ. ਰੇਲ ਕੋਚ ਫੈਕਟਰੀ, ਕਪੂਰਥਲਾ ਵੱਲੋਂ ਮਿਸ਼ਨਰੀ ਸਾਥੀ ਭਰਤ ਸਿੰਘ ਸਾਬਕਾ ਸੀਨੀਅਰ ਈ ਡੀ ਪੀ ਐਮ ਦਾ ਸਨਮਾਨ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸੁਸਾਇਟੀ ਦੇ ਪ੍ਰਧਾਨ ਕ੍ਰਿਸ਼ਨ ਲਾਲ ਜੱਸਲ ਨੇ ਕੀਤੀ।ਮੰਚ ਸੰਚਾਲਨ ਦੀ ਭੂਮਿਕਾ ਨਿਭਾਉਂਦੇ ਹੋਏ ਸੋਸਾਇਟੀ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ ਨੇ ਦੱਸਿਆ ਕਿ ਭਰਤ ਸਿੰਘ ਜਿੱਥੇ ਇੱਕ ਇਮਾਨਦਾਰੀ ਅਧਿਕਾਰੀ ਸਨ ਉਸ ਦੇ ਨਾਲ ਨਾਲ ਉੱਘੇ ਸਮਾਜਸੇਵੀ ਅਤੇ ਬਾਬਾ ਸਾਹਿਬ ਜੀ ਦੀ ਵਿਚਾਰਧਾਰਾ ਦੇ ਧਾਰਣੀ ਹਨ।ਸਮਾਜ ਦੇ ਅਜਿਹੇ ਹੀਰਿਆਂ ਨੂੰ ਅੰਬੇਡਕਰ ਸੁਸਾਇਟੀ ਸਨਮਾਨਿਤ ਕਰਕੇ ਮਾਣ ਮਹਿਸੂਸ ਕਰਦੀ ਹੈ।ਇਸ ਮੌਕੇ ਭਰਤ ਸਿੰਘ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸੁਸਾਇਟੀ ਨੇ ਇਲਾਕੇ 'ਚ ਜਿੱਥੇ ਬਹੁਜਨ ਮਹਾਂਪੁਰਸ਼ਾਂ ਦੀ ਸੋਚ ਨੂੰ ਜਨ ਜਨ ਤੱਕ ਪਹੁੰਚਾਇਆ ਉੱਥੇ ਲੋੜਵੰਦ ਵਿਦਿਆਰਥੀਆਂ ਅਤੇ ਆਮ ਲੋਕਾਂ ਦੀ ਸਹਾਇਤਾ ਕਰ ਰਹੀ ਹੈ।ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ 'ਚ ਮੈਂ ਵੀ ਆਪਣੀ ਸਮਰੱਥਾ ਅਨੁਸਾਰ ਤਨ ਮਨ ਧਨ ਨਾਲ ਸਹਿਯੋਗ ਕੀਤਾ।ਉਨ੍ਹਾਂ ਨੇ ਕਿਹਾ ਕਿ ਭਵਿੱਖ ਵਿੱਚ ਮੇਰੇ ਵੱਲੋਂ ਲੋੜਵੰਦ ਬੱਚਿਆਂ ਨੂੰ ਸਿੱਖਿਅਤ ਕਰਨ ਦੇ ਉਪਰਾਲੇ ਕੀਤੇ ਜਾਣਗੇ।ਪੜ੍ਹੇ ਲਿਖੇ ਨੌਜਵਾਨਾਂ ਨੂੰ ਵੱਖ ਵੱਖ ਕਿੱਤਿਆਂ ਅਤੇ ਕੋਰਸਾਂ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ।ਅੰਤ ਵਿਚ ਉਨ੍ਹਾਂ ਨੇ ਕਿਹਾ ਕਿ ਅਗਰ ਮੈਂ ਇਸ ਮੁਕਾਮ 'ਤੇ ਪਹੁੰਚਿਆ ਹਾਂ ਤਾਂ ਇਹ ਸਭ ਬਾਬਾ ਸਾਹਿਬ ਅੰਬੇਡਕਰ ਦੀ ਬਦੌਲਤ ਹਾਂ। ਪ੍ਰਧਾਨ ਕ੍ਰਿਸ਼ਨ ਲਾਲ ਜੱਸਲ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਸੋਸਾਇਟੀ ਬਾਬਾ ਸਾਹਿਬ ਦੇ ਮਿਸ਼ਨ ਪ੍ਰਤੀ ਹਮੇਸ਼ਾ ਸੰਜੀਦਾ ਹੈ ਅਤੇ ਸਮੇਂ ਸਮੇਂ 'ਤੇ ਸੁਸਾਇਟੀ ਨੂੰ ਤਨ ਮਨ ਧਨ ਨਾਲ ਸੇਵਾਵਾਂ ਕਰਨ ਵਾਲੇ ਮਿਸ਼ਨਰੀ ਸਾਥੀ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਸਨਮਨਿਤ ਕਰਕੇ ਪੇ ਬੈਕ ਟੂ ਸੁਸਾਇਟੀ ਲਈ ਪ੍ਰੇਰਿਤ ਕਰਦੀ ਰਹਿੰਦੀ ਹੈ।ਸਮਾਗਮ ਨੂੰ ਸਫਲ ਬਣਾਉਣ ਲਈ ਸਹਾਇਕ ਕਾਰਮਿਕ ਅਧਿਕਾਰੀ ਰਾਮ ਫਲ, ਐਡਵੋਕੇਟ ਦਲਜੀਤ ਸਿੰਘ ਸਹੋਤਾ, ਸੀਨੀਅਰ ਮੀਤ ਪ੍ਰਧਾਨ ਸੰਤੋਖ ਰਾਮ ਜਨਾਗਲ, ਮੀਤ ਪ੍ਰਧਾਨ ਨਿਰਮਲ ਸਿੰਘ, ਚਿੰਤਕ ਨਿਰਵੈਰ ਸਿੰਘ, ਕੰਨਵੀਨਰ ਕਸ਼ਮੀਰ ਸਿੰਘ, ਧਰਮਵੀਰ ਅੰਬੇਡਕਰੀ, ਪੂਰਨ ਸਿੰਘ ਬੋਧ, ਝਲਮਣ ਸਿੰਘ, ਸੁਦੇਸ਼ ਪਾਲ, ਦੇਸ ਰਾਜ, ਕਰਨੈਲ ਸਿੰਘ ਬੇਲਾ, ਪ੍ਰਨੀਸ਼ ਕੁਮਾਰ ਅਤੇ ਕੁਲਵਿੰਦਰ ਸਿੰਘ ਸਿਬੀਆ ਆਦਿ ਨੇ ਅਹਿਮ ਭੂਮਿਕਾ ਨਿਭਾਈ।

ਪੰਜਾਬ ਨੰਬਰਦਾਰ ਐਸੋਸੀਏਸ਼ਨ (ਗਾਲਿਬ) ਵੱਲੋਂ ਚੱਬੇਵਾਲ ਨੂੰ ਮੰਗ ਪੱਤਰ

ਭੁਲੱਥ (ਮਨਪ੍ਰੀਤ ਸਿੰਘ) ਪੰਜਾਬ ਨੰਬਰਦਾਰ ਐਸੋਸੀਏਸ਼ਨ (ਗਾਲਿਬ) ਦੇ ਜਨਰਲ ਸਕੱਤਰ ਤੇ ਜਿਲ੍ਹਾ ਪ੍ਰਧਾਨ ਜਰਨੈਲ ਸਿੰਘ ਬਾਜਵਾਦੀ ਅਗਵਾਈ ਹੇਠ ਮੈਂਬ

3-SEP-PAGE-9.qxd 9/2/2024 10:16 PM Page 1

ਮੌਜੂਦਾ ਪੰਜਾਬ ਸਰਕਾਰ ਤੋਂ ਹਰੇਕ ਵਰਗ ਪੂਰੀ ਤਰ੍ਹਾਂ ਸੰਤੁਸ਼ਟ : ਜਸਵੀਰ ਰਾਜਾ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)- ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪ੍ਰਭਾਵਿਤ ਹੋ ਕੇ ਅੱਜ ਹਰੇਕ ਵਰਗ ਦੇ ਲੋਕ ਆਪ ਪਾਰਟੀ ਦਾ ਸਾਥ ਦੇ ਰਹੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਵਿਧਾਇਕ ਹਲਕਾ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਾਰਟੀ ਦਫਤਰ ਟਾਂਡਾ ਵਿਖੇ ਹੋਏ ਇੱਕ ਸਮਾਗਮ ਵਿੱਚ ਕੀਤਾ।

ਇਸ ਸਮੇ ਉਨ੍ਹਾਂ ਵੱਖੋ-ਵੱਖ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਲੋਕਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸੂਬਾ ਸਰਕਾਰ ਨੇ ਜੋ ਇਸ ਸਮੇਂ ਪੰਜਾਬ ਅੰਦਰ ਵਿਕਾਸ ਕਾਰਜਾਂ ਦੀ ਲੜੀ ਆਰੰਭ ਕੀਤੀ ਹੋਈ ਹੈ ਉਸ ਤੋਂ ਪ੍ਰਭਾਵਿਤ ਹੋ ਕੇ ਅੱਜ ਹਰੇਕ ਵਰਕ ਪਾਰਟੀ ਦਾ ਸਾਥ ਦੇ ਰਿਹਾ ਹੈ।ਵਿਧਾਇਕ ਜਸਵੀਰ ਸਿੰਘ ਰਾਜਾ ਨੇ ਹੋਰ ਕਿਹਾ ਜੋ ਇਤਿਹਾਸਿਕ ਵਿਕਾਸ ਕਾਰਜ ਆਮ ਆਦਮੀ ਪਾਰਟੀ ਨੇ ਆਪਣੇ 2 ਸਾਲ ਦੇ ਕਾਰਜਕਾਰ ਵਿੱਚ ਕੀਤੇ ਹਨ ਉਹ ਕਾਰਜ ਸੂਬੇ ਅੰਦਰ ਲੰਬਾ ਸਮਾਂ ਰਾਜ ਕਰਕੇ ਗਈਆਂ ਵੱਖੋ-ਵੱਖ ਸਿਆਸੀ ਪਾਰਟੀਆਂ ਨਹੀਂ ਕਰ ਸਕੀਆਂ।ਜਿਸ ਕਾਰਨ ਅੱਜ ਪੰਜਾਬ ਦਾ ਹਰੇਕ ਵਰਕ ਆਪ ਪਾਰਟੀ ਤੋਂ ਪ੍ਰਭਾਵਿਤ ਹੋਇਆ ਹੈ।

ਇਸ ਸਮੇਂ ਤੇ ਉਨ੍ਹਾਂ ਹੋਰ ਕਿਹਾ ਆਉਣ ਵਾਲੇ ਸਮੇਂ ਵਿੱਚ ਆਮ ਪਾਰਟੀ ਵੱਲੋਂ ਪੰਜਾਬ ਅੰਦਰ ਚੱਲ ਰਹੀ ਵਿਕਾਸ ਕਾਰਜਾਂ ਦੀ ਲੜੀ ਨੂੰ ਹੋਰ ਤੇਜ਼ੀ ਨਾਲ ਚਲਾ ਕੇ ਸੂਬੇ ਦੇ ਨਿਵਾਸੀਆਂ ਨੂੰ ਹੋਰ ਜ਼ਿਆਦਾ ਸਹੂਲਤਾਂ ਦਿੱਤੀਆਂ ਜਾਣਗੀਆਂ।ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਨੇ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਅਤੇ ਦੱਸਿਆ ਅੱਜ ਸਰਕਾਰ ਵੱਲੋਂ ਚਲਾਈਆਂ ਗਈਆਂ ਵੱਖੋ-ਵੱਖ ਸਹੂਲਤਾਂ ਕਾਰਨ ਹਰੇਕ ਵਰਗ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ। ਇਸ ਸਮੇਂ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਯੂਥ ਆਗੂ ਪ੍ਰੇਮ ਪਡਵਾਲ, ਜਸਵਿੰਦਰ ਸਿੰਘ ਜੱਸੀ, ਸੋਨੂ ਖੰਨਾ, ਕਮਲ ਧੀਰ,ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਸਾਹਿਲ ਵਰਮਾ, ਮੁਸਕਾਨ ਵਰਮਾ, ਅਨਮੋਲ, ਮਨੀਸ਼ ਕੁਮਾਰ, ਦੀਪਾਲੀ ਹਰਲੀਨ ਜਸਵਿੰਦਰ ਸਿੰਘ ਵੀ ਹਾਜ਼ਰ ਸਨ।

ਜਿੰਪਾ ਨੇ ਜਨਤਾ ਦਰਬਾਰ 'ਚ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਦਫ਼ਤਰ ਵਿਖੇ ਜਨਤਾ ਦਰਬਾਰ ਆਯੋਜਿਤ ਕੀਤਾ, ਜਿਸ ਵਿਚ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 400 ਤੋਂ ਵੱਧ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣੀਆ ਅਤੇ ਉਨ੍ਹਾਂ ਦਾ ਤੁਰੰਤ ਹੱਲ ਕਰਨ ਦੇ ਆਦੇਸ਼ ਦਿੱਤੇ।ਜਨਤਾ ਦਰਬਾਰ ਵਿੱਚ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ, ਜਿਨ੍ਹਾਂ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮੁੱਦਿਆਂ ਨੂੰ ਮੰਤਰੀ ਦੇ ਸਾਹਮਣੇ ਰੱਖਿਆ।ਜਨਤਾ ਦਰਬਾਰ ਦੌਰਾਨ ਲੋਕਾਂ ਨੇ ਮੁੱਖ ਰੂਪ ਵਿਚ ਬਿਜਲੀ, ਪਾਣੀ, ਸੜਕਾਂ, ਸਿੱਖਿਆ, ਜਲ ਸਪਲਾਈ ਤੇ ਸੈਨੀਟੇਸ਼ਨ, ਮਾਲ, ਸਿਹਤ ਸੇਵਾਵਾਂ ਨਾਲ ਜੁੜੀਆਂ ਸਮੱਸਿਆਵਾਂ ਸੁਣਾਈਆਂ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਸਮਾਜ ਦੇ ਸਾਰੇ ਵਰਗਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਨਤਾ ਦਰਬਾਰਾਂ ਰਾਹੀਂ ਉਹ ਸਿੱਧੇ ਜਨਤਾ ਨਾਲ ਜੁੜ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਦੇ ਹਨ ਅਤੇ ਉਨ੍ਹਾਂ ਦਾ ਹੱਲ ਕਰਵਾਉਂਦੇ ਹਨ। ਉਨ੍ਹਾਂ ਅਧਿਆਰੀਆਂ ਨੂੰ ਕਿਹਾ ਕਿ ਉਹ ਜਨਤਾ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿਚ ਕੋਈ ਵੀ ਲਾਪ੍ਰਵਾਹੀ ਨਾ ਬਰਤਣ, ਵਰਨਾ ਸਖਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਵਰਿੰਦਰ ਸ਼ਰਮਾ ਬਿੰਦੂ ਵੀ ਮੌਜੂਦ ਸਨ।

ਅਧਿਆਪਕ ਦਿਵਸ ਮੌਕੇ ਡੀ ਟੀ ਐੱਫ ਲਗਾਏਗੀ ਜ਼ਿਲ੍ਹਾ ਸਿੱਖਿਆ ਅਫਸਰ ਜਲੰਧਰ ਦੇ ਦਫਤਰ 'ਚ ਧਰਨਾ

ਸ਼ਾਹਕੋਟ (ਗਿਆਨ ਸੈਦਪੁਰੀ) ਡੈਮੋਕ੍ਰੇਟਿਕ ਟੀਚਰਜ਼ ਫਰੰਟ (ਪੰਜਾਬ) ਜ਼ਿਲ੍ਹਾ ਜਲੰਧਰ ਅਧਿਆਪਕ ਦਿਵਸ ਮੌਕੇ 5 ਸਤੰਬਰ ਨੂੰ ਅਧਿਆਪਕਾਂ ਦੀਆਂ ਮੰਗਾਂ ਸੰਬੰਧੀ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਜਲੰਧਰ ਦੇ ਦਫਤਰ ਵਿਚ ਧਰਨਾ ਲਗਾਏਗੀ।ਜ਼ਿਲ੍ਹਾ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਵਿਸ਼ਵ ਭਾਨੂੰ ਸ਼ਰਮਾ, ਮੀਤ ਪ੍ਰਧਾਨ ਨਵਜੋਤ ਸਿੰਘ, ਸਕੱਤਰ ਅਵਤਾਰ ਲਾਲ, ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਨਦੀਪ ਸਿੰਘ ਸ਼ਾਹਕੋਟ ਨੇ ਦੱਸਿਆ ਕਿ ਜਦੋਂ ਦੀ ਆਪ ਨੇ ਸੂਬੇ ਵਿਚ ਸੱਤਾ ਸੰਭਾਲੀ ਹੈ, ਉਹ ਉਸ ਸਮੇਂ ਤੋਂ ਹੀ ਅਧਿਆਪਕਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰਦੀ ਆ ਰਹੀ ਹੈ। ਸਿੱਖਿਆ ਮੰਤਰੀ ਪੰਜਾਬ ਨੇ 9 ਅਗਸਤ ਨੂੰ ਉਨ੍ਹਾਂ ਦੀ ਜਥੇਬੰਦੀ ਨਾਲ ਮੀਟਿੰਗ ਕਰਕੇ ਅਨੇਕਾਂ ਮੰਗਾਂ ਨੂੰ ਮੰਨਣ ਦਾ ਭਰੋਸਾ ਦਿਤਾ,ਜਿਨ੍ਹਾਂ ਨੂੰ ਅਜੇ ਤੱਕ ਅਮਲ ਵਿਚ ਨਹੀ ਲਿਆਂਦਾ ਗਿਆ। ਇਸੇ ਕਾਰਨ ਹੀ ਅਧਿਆਪਕਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਅਧਿਆਪਕਾਂ ਦੀਆਂ ਅਨੇਕਾਂ ਆਰਥਿਕ ਤੇ ਵਿਭਾਗੀ ਮੰਗਾਂ ਨੂੰ ਮੰਨਵਾਉਣ ਲਈ 5 ਸਤੰਬਰ ਨੂੰ ਡੀ ਈ ਓ ਜਲੰਧਰ ਦੇ ਦਫਤਰ ਵਿਚ ਧਰਨਾ ਲਗਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਵੱਲੋਂ 3 ਸਤੰਬਰ ਨੂੰ ਚੰਡੀਗੜ੍ਹ 'ਚ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਮਾਰਚ 'ਚ ਉਹ ਭਰਵੀ ਸ਼ਮੂਲੀਅਤ ਕਰਨਗੇ।2 ਅਕਤੂਬਰ ਨੂੰ ਡੀ ਟੀ ਐਫ ਪੰਜਾਬ ਵੱਲੋਂ ਸੰਗਰੂਰ 'ਚ ਕੀਤੇ ਜਾ ਰਹੇ ਸੂਬਾਈ ਮੁਜ਼ਾਹਰੇ 'ਚ ਵੀ ਜ਼ਿਲ੍ਹਾ ਜਲੰਧਰ ਦੇ ਸੈਂਕੜੇ ਅਧਿਆਪਕ ਸ਼ਾਮਲ ਹੋਣਗੇ।ਡੀ ਟੀ ਐਫ ਦੇ ਬਲਾਕ ਆਗੂ ਨਰਿੰਦਰ ਪਾਲ, ਗੁਰਚਰਨ ਸਿੰਘ ਭੋਡੀਪੁਰ, ਮੈਨਪਾਲ, ਰਾਜਵਿੰਦਰ ਪਾਲ ਸਿੰਘ, ਅਮਨਦੀਪ ਫਰਵਾਲਾ, ਮਨਜਿੰਦਰ ਸਿੰਘ ਅਤੇ ਸੁਰਿੰਦਰਜੀਤ ਸਿੰਘ ਨੇ ਕਿਹਾ ਕਿ 3 ਤੇ 5 ਸਤੰਬਰ ਅਤੇ 2 ਅਕਤੂਬਰ ਨੂੰ ਕੀਤੇ ਜਾ ਰਹੇ ਸੰਘਰਸ਼ੀ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਲਈ ਵਰਕਰਾਂ ਵੱਲੋਂ ਜੰਗੀ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।ਅਧਿਆਪਕ ਆਗੂ ਸਕੂਲਾਂ ਅਤੇ ਅਧਿਆਪਕਾਂ ਨਾਲ ਉਨ੍ਹਾਂ ਦੇ ਘਰਾਂ 'ਚ ਜਾ ਕੇ ਉਕਤ ਸੰਘਰਸ਼ ਪ੍ਰੋਗਰਾਮਾਂ ਵਿਚ ਸ਼ਾਮਲ ਹੋਣ ਲਈ ਉਨ੍ਹਾਂ ਨੂੰ ਲਾਮਬੰਦ ਕਰ ਰਹੇ ਹਨ।

ਗੁਰਮਿਤ ਚੇਤਨਾ ਸਮਾਗਮ

ਫਗਵਾੜਾ (ਡਾ. ਰਮਨ, ਇੰਦਰਜੀਤ ਮਠਾੜੂ) ਖਾਲਸਾ ਪੰਥ ਦੀ ਚੜ੍ਹਦੀ ਕਲਾ ਨੂੰ ਸਮਰਪਿਤ 16 ਭਾਦੋਂ ਸਾਕਾ 1923 ਦੀ ਯਾਦ ਵਿਚ ਇਤਿਹਾਸਕ ਪਿੰਡ ਬਬੇਲੀ ਤਹਿਸੀਲ ਫਗਵਾੜਾ ਵਿਖੇ 101ਵਾਂ ਬੱਬਰ ਸ਼ਹੀਦੀ ਜੋੜ ਮੇਲਾ ਅਤੇ ਗੁਰਮਤਿ ਚੇਤਨਾ ਸਮਾਗਮ ਗੁਰਦੁਆਰਾ ਬੱਬਰ ਸ਼ਹੀਦਾਂ ਪਿੰਡ ਬਬੇਲੀ ਵਿਖੇ ਸਮੂਹ ਪ੍ਰਬੰਧਕ ਕਮੇਟੀ ਵਲੋਂ ਗ੍ਰਾਮ ਪੰਚਾਇਤ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ।ਸਵੇਰੇ ਸ੍ਰੀ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹੈੱਡ ਗ੍ਰੰਥੀ ਭਾਈ ਗੁਰਜੰਟ ਸਿੰਘ ਬਬੇਲੀ ਨੇ ਸਰਬੱਤ ਦੇ ਭਲੇ ਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ।ਉਪਰੰਤ ਗੁਰਮਤਿ ਚੇਤਨਾ ਸਮਾਗਮ ਦੀ ਆਰੰਭਤਾ ਹੋਈ। ਜਿਸ ਵਿੱਚ ਬਾਬਾ ਰਵਿੰਦਰ ਸਿੰਘ ਜੋਨੀ ਕਥਾ ਵਾਚਕ ਤੋਂ ਇਲਾਵਾ ਪੰਥ ਪ੍ਰਸਿੱਧ ਢਾਡੀ ਭਾਈ ਫੌਜਾ ਸਿੰਘ ਫਕੀਰ ਦੇ ਜੱਥੇ ਨੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਬੱਬਰ ਸ਼ਹੀਦਾਂ ਦੇ ਲਸਾਨੀ ਇਤਿਹਾਸ ਨਾਲ ਜੋੜਿਆ। ਹਾਜਰੀਨ ਸੰਗਤ ਨੂੰ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਮੇਜਰ ਸਿੰਘ ਨੇ ਕਿਹਾ ਕਿ ਬੱਬਰ ਅਕਾਲੀਆਂ ਦਾ ਦੇਸ਼ ਦੀ ਆਜਾਦੀ ਦੀ ਲੜਾਈ 'ਚ ਵਢਮੁੱਲਾ ਯੋਗਦਾਨ ਰਿਹਾ ਹੈ। ਬੱਬਰ ਅਕਾਲੀ ਲਹਿਰ ਅਤੇ ਕੌਮ ਦੇ ਹੀਰਿਆਂ ਦੀਆਂ ਸ਼ਹਾਦਤਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪ੍ਰਬੰਧਕਾਂ ਨੇ ਅਜੋਕੀ ਨੌਜਵਾਨ ਪੀੜ੍ਹੀ ਨੂੰ ਕੌਮ ਦੇ ਮਹਾਨ ਸ਼ਹੀਦਾਂ ਤੋਂ ਸੇਧ ਲੈਣ ਦੀ ਪੁਰਜੋਰ ਅਪੀਲ ਕੀਤੀ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਯੂਥ ਵਿੰਗ 'ਚ ਕੀਤੀਆਂ ਨਿਯੁਕਤੀਆਂ

ਫਗਵਾੜਾ (ਡਾ. ਰਮਨ) ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਦੋਆਬਾ ਇੰਚਾਰਜ ਤੇ ਬੁਲਾਰੇ ਡਾ. ਹਰਜਿੰਦਰ ਸਿੰਘ ਜੱਖੂ ਨੇ ਦੋਆਬੇ ਅੰਦਰ ਪਾਰਟੀ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਯੂਥ ਵਿੰਗ ਦੀਆਂ ਅਹਿਮ ਨਿਯੁਕਤੀਆਂ ਕੀਤੀਆ।ਡਾ.ਹਰਜਿੰਦਰ ਸਿੰਘ ਜੱਖੂ ਨੇ ਦੱਸਿਆ ਕਿ ਮਨਪ੍ਰੀਤ ਸਿੰਘ ਬੱਲ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਜਲੰਧਰ ਦਿਹਾਤੀ, ਉਂਕਾਰ ਸਿੰਘ ਜੌਹਲ ਆਦਮਪੁਰ ਕਾਰਜਕਾਰੀ ਪ੍ਰਧਾਨ ਜ਼ਿਲ੍ਹਾ ਜਲੰਧਰ ਦਿਹਾਤੀ, ਹਿਰਦੇਪਾਲ ਸਿੰਘ ਪ੍ਰਧਾਨ ਜਲੰਧਰ ਸ਼ਹਿਰੀ, ਸੰਤੋਖ ਸਿੰਘ ਸੁਲਤਾਨਪੁਰ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਕਪੂਰਥਲਾ, ਜਗਜੀਤ ਸਿੰਘ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਸੁਖਜਿੰਦਰ ਸਿੰਘ ਸਾਬੀ ਐਕਟਿੰਗ ਪ੍ਰਧਾਨ ਯੂਥ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਡਾ. ਜੱਖੂ ਨੇ ਨਵ-ਨਿਯੁਕਤ ਆਹੁਦੇਦਾਰਾਂ ਨੂੰ ਵਧਾਈ ਦਿੰਦਿਆ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਚੁਣੇ ਆਹੁਦੇਦਾਰਾਂ ਨੇ ਉਹਨਾਂ ਨੂੰ ਦਿੱਤੀ ਜ਼ਿੰਮੇਵਾਰੀ ਲਈ ਪਾਰਟੀ ਦੇ ਕੌਮੀ ਪ੍ਰਧਾਨ ਤੇ ਪੰਥ ਦੇ ਨਿਧੱੜਕ ਜਰਨੈਲ ਸਿਮਰਨਜੀਤ ਮਾਨ, ਡਾ. ਹਰਜਿੰਦਰ ਸਿੰਘ ਜੱਖੂ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

ਕਿਸ਼ਨਪੁਰਾ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਐਡਵਾਇਜ਼ਰੀ ਕਮੇਟੀ ਦੇ ਮੈਂਬਰ ਬਣੇ

ਜਲੰਧਰ (ਇਕਬਾਲ ਸਿੰਘ ਉੱਭੀ) ਸ਼੍ਰੋਮਣੀ ਅਕਾਲੀ ਦਲ ਬੀ ਸੀ ਵਿੰਗ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਮਰਜੀਤ ਸਿੰਘ ਕਿਸ਼ਨਪੁਰਾ ਨੂੰ ਸ਼੍ਰੋਮਣੀ ਅਕਾਲੀ ਦਲ, ਸੁਧਾਰ ਲਹਿਰ ਦੀ ਬਣਾਈ ਗਈ ਐਡਵਾਈਜ਼ਰੀ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।ਆਪਣੀ ਨਿਯੁਕਤੀ 'ਤੇ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਕਨਵੀਨਰ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸਮੁੱਚੀ ਪ੍ਰੀਜ਼ੀਡੀਅਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਸਮੁੱਚੀ ਲੀਡਰਸ਼ਿਪ ਵਲੋਂ ਪਾਰਟੀ ਦੀ ਮਜ਼ਬੂਤੀ ਲਈ ਜਿਸ ਸ਼ਿੱਦਤ ਤੇ ਸੁਹਿਰਦਤਾ ਨਾਲ ਕੰਮ ਕੀਤਾ ਜਾ ਰਿਹਾ ਹੈ, ਉਸ ਨੂੰ ਪੰਥਕ ਹਲਕਿਆਂ 'ਚ ਕਾਫੀ ਸਰਾਹਿਆ ਜਾ ਰਿਹਾ ਹੈ ਤੇ ਇਹ ਲੋਕ ਲਹਿਰ ਬਣਦੀ ਜਾ ਰਹੀ ਹੈ।ਅਮਰਜੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵਲੋਂ ਪਾਰਟੀ ਦੀ ਮਜ਼ਬੂਤੀ ਲਈ ਭਵਿੱਖ 'ਚ ਕੀਤੇ ਜਾਣ ਵਾਲੇ ਪ੍ਰੋਗਰਾਮਾਂ 'ਚ ਵਧ ਚੜ੍ਹ ਕੇ ਹਿੱਸਾ ਲੈ ਕੇ ਤਨਦੇਹੀ ਨਾਲ ਕੰਮ ਕਰਨਗੇ।

ਸਾਨੂੰ ਸਾਰਿਆਂ ਨੂੰ ਬੇਅੰਤ ਸਿੰਘ ਦੀ ਕੁਰਬਾਨੀ ਨੂੰ ਯਾਦ ਰੱਖਣਾ ਚਾਹੀਦੈ : ਮਿੱਕੀ ਪੰਡਤ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਪੰਜਾਬ ਦੇ ਲੋਕਾਂ ਨੂੰ ਅੱਤਵਾਦ ਤੋਂ ਮੁਕਤੀ ਦਿਵਾਉਣ ਵਾਲੇ ਪੰਜਾਬ ਦੇ ਮੁੱਖ ਮੰਤਰੀ ਬੇਅੰਤ ਸਿੰਘ ਨੂੰ ਅੱਤਵਾਦੀਆਂ ਵੱਲੋਂ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸ਼ਿਵ ਸੈਨਾ ਪੰਜਾਬ ਦੇ ਰਾਸ਼ਟਰੀ ਪ੍ਰਧਾਨ ਸੰਜੀਵ ਘਨੌਲੀ ਦੇ ਦਿਸ਼ਾ ਨਿਰਦੇਸ਼ ਹੇਠ ਸ਼ਿਵ ਸੈਨਾ ਪੰਜਾਬ ਦੇ ਦੋਆਬਾ ਪ੍ਰਧਾਨ ਸ਼ਿਵਮ ਵੈਦ ਅਤੇ ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ ਦੀ ਅਗਵਾਈ ਵਿਚ ਇਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਵਿੱਚ ਸ਼ਿਵ ਸੇਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਮੁੱਖ ਮਿੱਕੀ ਪੰਡਤ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ ਜਿੰਦਰ ਬਣਿਆਲ, ਸਿਟੀ ਪ੍ਰਧਾਨ ਗਿਸ਼ੀ ਚਾਵਲਾ, ਵੇਟ ਏਰੀਆ ਪ੍ਰਧਾਨ ਗਗਨ ਪਰੋਜ, ਵੇਟ ਏਰੀਆ ਵਾਈਸ ਪ੍ਰਧਾਨ ਗਿੰਦਾ ਪਰੋਜ, ਹਰਜੀਤ ਸਿੰਘ, ਸੁਧਾਂਸ਼ੂ ਮਲਹੋਤਰਾ, ਸ਼ੁਭਮ ਮਲਹੋਤਰਾ, ਜੋਵਨ, ਸਾਬੀ, ਗੌਰਵ ਅਤੇ ਹੋਰ ਹਾਜ਼ਰ ਸਨ।

ਸਤਨਾਮ ਜਲਾਲਪੁਰ ਨੇ ਟਰਾਂਸਪੋਰਟ ਮੰਤਰੀ ਨਾਲ ਕ

3-SEP-PAGE-10.qxd 9/2/2024 10:09 PM Page 1

ਵਿੱਦਿਆ ਭਾਰਤੀ ਉੱਤਰੀ ਖੇਤਰ ਦੀਆਂ ਖੇਡਾਂ 'ਚ ਪੰਜਾਬ ਨੇ ਜਿੱਤੀ ਆਲਓਵਰ ਟਰਾਫੀ

■ ਖੇਡਾਂ ਵਿਦਿਆਰਥੀ ਜੀਵਨ ਦਾ ਅਹਿਮ ਹਿੱਸਾ : ਡੀ ਐੱਸ ਪੀ

ਭੀਖੀ (ਧਰਮਵੀਰ ਸ਼ਰਮਾ) ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਮੂਲਾ ਸਿੰਘ ਵਾਲਾ ਰੋਡ ਵਿਖੇ ਵਿੱਦਿਆ ਭਾਰਤੀ ਪੰਜਾਬ ਵੱਲੋਂ ਅਖਿਲ ਭਾਰਤੀ ਸਿੱਖਿਆ ਸੰਮਤੀ ਦੁਆਰਾ ਆਯੋਜਿਤ ਕੀਤੀਆਂ ਗਈਆਂ 35ਵੀਆਂ ਵਿੱਦਿਆ ਭਾਰਤੀ ਉੱਤਰ ਖੇਤਰੀ ਪੱਧਰ ਦੀਆਂ 3 ਰੋਜ਼ਾ ਖੇਡਾਂ ਦੇ ਸਮਾਪਤੀ ਸਮਾਰੋਹ ਮੌਕੇ ਇਨਾਮ ਵੰਡ ਸਮਾਰੋਹ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਮਨਜੀਤ ਸਿੰਘ ਡੀ ਐੱਸ ਪੀ ਸਰਦੂਲਗੜ੍ਹ ਨੇ ਸ਼ਿਰਕਤ ਕੀਤੀ।ਇਸ ਸਮਾਗਮ ਦੀ ਪ੍ਰਧਾਨਗੀ ਉੱਤਰ ਖੇਤਰ ਦੇ ਮਹਾਂਮੰਤਰੀ ਦੇਸ ਰਾਜ ਸ਼ਰਮਾ, ਸੂਬਾ ਮਹਾਂਮੰਤਰੀ ਡਾ. ਨਵਦੀਪ ਸ਼ੇਖਰ, ਖੇਡ ਪ੍ਰਮੁੱਖ ਮਲਖਾਨ ਸਿੰਘ ਨੇ ਕੀਤੀ।ਇਸ ਮੌਕੇ ਮੁੱਖ ਮਹਿਮਾਨ ਡੀ ਐੱਸ ਪੀ ਮਨਜੀਤ ਸਿੰਘ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜ ਕੇ ਨਸ਼ੇ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਹਿਮ ਹਿੱਸਾ ਹਨ, ਜੋ ਮਨੁੱਖ ਵਿੱਚ ਉੱਚ ਨੈਤਿਕ ਗੁਣ ਪੈਦਾ ਕਰਦੀਆਂ ਹਨ।ਉਨ੍ਹਾਂ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਸਖਤ ਮਿਹਨਤ ਕਰਨ ਤੇ ਭਵਿੱਖ ਵਿੱਚ ਇੱਕ ਕਾਮਯਾਬ ਖਿਡਾਰੀ ਤੇ ਇੱਕ ਉੱਤਮ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਿੱਦਿਆ ਭਾਰਤੀ ਦੇ ਨੌਰਥ ਜ਼ੋਨ ਦੇ ਉੱਪ ਪ੍ਰਧਾਨ ਦੇਸ ਰਾਜ ਸ਼ਰਮਾ ਨੇ ਕਿਹਾ ਕਿ ਵਿਦਿਆਰਥੀ ਨਸ਼ਾ ਮੁਕਤ ਰਹਿ ਕੇ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਕਿ ਉਨ੍ਹਾਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਹੋ ਸਕੇ।ਸਮਾਗਮ ਦੌਰਾਨ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਬੱਚਿਆਂ ਨੂੰ ਉਤਸ਼ਾਹਤ ਕਰਦਿਆਂ ਵਿੱਦਿਆ ਭਾਰਤੀ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲੈਣ ਲਈ ਕਿਹਾ। ਇਨ੍ਹਾਂ ਉੱਤਰ ਖੇਤਰ ਪੱਧਰੀ ਖੇਡ ਮੁਕਾਬਲਿਆਂ ਵਿੱਚ ਜੂਡੋ, ਕੁਸ਼ਤੀ, ਕੁਰਾਸ਼ ਤੇ ਤਾਈਕਵਾਂਡੋ ਖੇਡਾਂ ਦੀ ਆਲਓਵਰ ਟਰਾਫੀ ਪੰਜਾਬ ਨੇ ਜਿੱਤੀ ਤੇ ਦਿੱਲੀ ਦੂਜੇ ਸਥਾਨ 'ਤੇ ਰਿਹਾ ਅਤੇ ਹਿਮਾਚਲ ਪ੍ਰਦੇਸ਼ ਨੇ ਤੀਜਾ ਸਥਾਨ ਹਾਸਲ ਕੀਤਾ।ਇਨ੍ਹਾਂ ਖੇਡਾਂ ਦੇ ਜੂਡੋ ਵਿੱਚ ਪੰਜਾਬ, ਕੁਰਾਸ਼ ਵਿੱਚ ਪੰਜਾਬ, ਤਾਈਕਵਾਂਡੋ ਵਿੱਚ ਦਿੱਲੀ, ਕੁਸ਼ਤੀ ਮੁਕਾਬਲੇ ਵਿੱਚ ਪੰਜਾਬ ਜੇਤੂ ਰਿਹਾ।ਇਸ ਤੋਂ ਇਲਾਵਾ ਵੰਦਨਾਂ ਪ੍ਰਤੀਯੋਗਿਤਾ ਵਿੱਚ ਪੰਜਾਬ ਪਹਿਲੇ ਤੇ ਦਿੱਲੀ ਦੂਜੇ ਸਥਾਨ 'ਤੇ ਰਿਹਾ।ਗੀਤ ਪ੍ਰਤੀਯੋਗਿਤਾ ਵਿੱਚ ਦਿੱਲੀ ਪਹਿਲੇ ਤੇ ਹਿਮਾਚਲ ਪ੍ਰਦੇਸ਼ ਦੂਜੇ ਸਥਾਨ 'ਤੇ ਰਿਹਾ।ਡਿਸਪਲਿਨ ਵਿੱਚ ਹਿਮਾਚਲ ਪ੍ਰਦੇਸ਼ ਪਹਿਲੇ ਤੇ ਦਿੱਲੀ ਦੂਜੇ ਸਥਾਨ 'ਤੇ ਰਿਹਾ।ਜੇਤੂ ਖਿਡਾਰੀਆਂ ਨੂੰ ਮੁੱਖ ਮਹਿਮਾਨ ਵੱਲੋਂ ਤਮਗੇ, ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿੱਦਿਆ ਮੰਦਰ ਸੰਮਤੀ ਦੇ ਪ੍ਰਧਾਨ ਮਾ. ਸਤੀਸ਼ ਕੁਮਾਰ ਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਮੰਚ ਸੰਚਾਲਨ ਹਰਸ਼ ਦੇਵ ਵਾਇਸ ਪ੍ਰਿੰਸੀਪਲ ਨੇ ਕੀਤਾ।

ਡਾ. ਗਾਂਧੀ ਨੇ ਮਜ਼ਦੂਰਾਂ ਦੇ ਧਰਨੇ 'ਚ ਪਹੁੰਚ ਕੇ ਸੁਣੀਆਂ ਮੁਸ਼ਕਲਾਂ

■ ਹੋਰ ਸੂਬੇ ਕੇਂਦਰ ਤੋਂ ਲਾਭ ਲੈਣ 'ਚ ਮੋਹਰੀ, ਪੰਜਾਬ ਫਾਡੀ

ਨਾਭਾ (ਵਰਿੰਦਰ ਵਰਮਾ)-ਜ਼ਿਲ੍ਹਾ ਪਟਿਆਲਾ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਵਿਸ਼ੇਸ਼ ਤੌਰ 'ਤੇ ਨਾਭਾ ਵਿਖੇ ਮਨਰੇਗਾ ਮਜ਼ਦੂਰਾਂ ਦੇ 31 ਜੁਲਾਈ ਤੋਂ ਪੱਕੇ ਧਰਨੇ ਵਿੱਚ ਪਹੁੰਚੇ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਮੌਕੇ ਉਨ੍ਹਾਂ ਨੇ ਸੇਫਟੀ ਸੰਦ ਤੋਂ ਬਿਨਾਂ ਕਥਿਤ ਗੈਰ-ਮਨੁੱਖੀ ਥਾਂ 'ਤੇ ਕੰਮ ਲਾਉਣ ਕਰਕੇ ਇਨਫੈਕਸ਼ਨ ਨਾਲ ਪੀੜਤ ਮਜ਼ਦੂਰਾਂ ਦਾ ਇਲਾਜ ਵੀ ਕੀਤਾ।ਮਜ਼ਦੂਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਬੀਡੀਪੀਓ ਤੋਂ ਪਹਿਲੇ ਦਿਨ ਹੀ ਸੇਫਟੀ ਬੂਟ ਤੇ ਦਸਤਾਨੇ ਮੰਗੇ ਸਨ, ਪਰ ਕਾਨੂੰਨ ਲਾਗੂ ਕਰਾਉਣ ਦੀ ਮੰਗ ਕਰਨ ਵਾਲਿਆਂ ਨੂੰ ਪ੍ਰਸ਼ਾਸਨ ਸਬਕ ਸਿਖਾਉਣ ਦੀ ਮਨਸ਼ਾ ਨਾਲ ਜਾਣਬੁੱਝ ਕੇ ਹਰ ਹੀਲੇ ਤੰਗ ਕਰ ਰਿਹਾ ਹੈ।ਮਜ਼ਦੂਰਾਂ ਨੇ ਸੰਸਦ ਮੈਂਬਰ ਅੱਗੇ ਕਾਨੂੰਨ ਦੀ ਕਾਪੀ, ਅਫ਼ਸਰਾਂ ਦੇ ਹੁਕਮ ਤੇ ਆਪਣੀਆਂ ਮੰਗਾਂ ਰੱਖੀਆਂ ਤਾਂ ਇਸ ਮੌਕੇ ਡਾਕਟਰ ਗਾਂਧੀ ਨੇ ਉਨ੍ਹਾਂ ਦੇ ਮਸਲੇ ਉਨ੍ਹਾ ਕਿਹਾ ਕਿ ਕਾਨੂੰਨ ਲਾਗੂ ਕਰਦੇ ਹੋਏ ਮਨਰੇਗਾ ਮੁਤਾਬਕ ਸੂਬਾ ਸਰਕਾਰ ਨੂੰ ਜਲਦ ਤੋਂ ਜਲਦ ਮਜ਼ਦੂਰਾਂ ਦਾ ਬਣਦਾ ਬੇਰੁਜ਼ਗਾਰੀ ਭੱਤਾ ਜਾਰੀ ਕਰਨਾ ਚਾਹੀਦਾ ਹੈ ਤਾਂ ਕਿ ਇਹ ਸਕੀਮ ਅਸਲ ਮਾਇਨੇ 'ਚ ਸੂਬੇ 'ਚ ਲਾਗੂ ਹੋ ਸਕੇ।ਉਨ੍ਹਾ ਕਿਹਾ ਕਿ ਸਰਕਾਰ ਕਿੰਨੇ ਹੀ ਵਧੀਆ ਪ੍ਰੋਜੈਕਟ ਇਸ ਸਕੀਮ ਰਾਹੀਂ ਬਣਾ ਕੇ ਪੇਂਡੂ ਅਰਥਚਾਰੇ ਨੂੰ ਉੱਪਰ ਚੁੱਕ ਸਕਦੀ ਹੈ, ਪਰ ਪਤਾ ਨਹੀਂ ਕਿਉਂ ਲੋਕਾਂ ਦਾ ਹਿੱਤ ਅੱਜ ਦੀ ਸਿਆਸਤ 'ਚ ਲਿਫਾਫੇਬਾਜ਼ੀ ਤੇ ਬਿਆਨਬਾਜ਼ੀ ਤੱਕ ਹੀ ਸਿਮਟ ਕੇ ਰਹਿ ਜਾਂਦਾ ਹੈ।ਮਜ਼ਦੂਰਾਂ ਨੇ ਰੋਸ ਜਤਾਇਆ ਕਿ ਸੰਸਦ ਮੈਂਬਰ ਦੇ ਆਉਣ ਦੀ ਖਬਰ ਸੁਣ ਕੇ ਮਜ਼ਦੂਰਾਂ ਨੂੰ ਬੀਡੀਪੀਓ ਦਫਤਰ ਦੇ ਵਿਹੜੇ 'ਚੋਂ ਬਾਹਰ ਕੱਢ ਕੇ ਤਾਲਾ ਮਾਰ ਦਿੱਤਾ ਗਿਆ, ਜਿਸ ਦੀ ਸੰਸਦ ਮੈਂਬਰ ਨੇ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਤੇ ਮਜ਼ਦੂਰਾਂ ਵਿੱਚ ਬੈਠ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਵੀ ਕੀਤੀ।

ਸੰਧਵਾਂ ਵੱਲੋਂ ਹਰੀਨੌ 'ਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਸ਼ੁਭ ਆਗਾਜ਼

ਫਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਮੂਜਾ/ਰਛਪਾਲ ਭੁੱਲਰ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਦੀ ਸ਼ੁਰੂਆਤ ਕੋਟਕਪੂਰਾ ਦੇ ਪਿੰਡ ਹਰੀਨੌ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਕੀਤੀ।ਇਸ ਦੌਰਾਨ ਬੋਲਦਿਆਂ ਉਨ੍ਹਾਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦਾ ਨੌਜਵਾਨਾਂ ਨੂੰ ਇਨ੍ਹਾਂ ਖੇਡਾਂ ਪ੍ਰਤੀ ਉਤਸ਼ਾਹਤ ਕਰਨ 'ਤੇ ਧੰਨਵਾਦ ਕੀਤਾ।ਇਸ ਮੌਕੇ ਡਿਪਟੀ ਡਾਇਰੈਕਟਰ ਖੇਡਾਂ ਵਿਭਾਗ ਪੰਜਾਬ ਸ੍ਰ. ਪਰਮਿੰਦਰ ਸਿੰਘ ਸਿੱਧੂ, ਐੱਸ ਡੀ ਐੱਮ ਕੋਟਕਪੂਰਾ ਵੀਰਪਾਲ ਕੌਰ, ਸੁਖਵੰਤ ਸਿੰਘ ਪ੍ਰਧਾਨ ਆਮ ਆਦਮੀ ਪਾਰਟੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਸਪੀਕਰ ਸੰਧਵਾਂ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਰ ਉਮਰ ਵਰਗ ਦੇ ਖਿਡਾਰੀਆਂ ਨੂੰ ਖੇਡਣ ਦਾ ਮੌਕਾ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਖਿਡਾਰੀ ਦੀ ਰਜਿਸਟ੍ਰੇਸ਼ਨ ਆਨਲਾਈਨ ਜਾਂ ਮੌਕੇ 'ਤੇ ਵੀ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਸਭ ਤੋਂ ਵੱਧ ਖੁਸ਼ੀ ਦੀ ਗੱਲ ਇਹ ਹੈ ਕਿ 9 ਕਰੋੜ ਤੋਂ ਉਪਰ ਤੱਕ ਦੇ ਇਨਾਮ ਇਨ੍ਹਾਂ ਖੇਡਾਂ ਵਿੱਚ ਦਿੱਤੇ ਜਾਣਗੇ।ਉਨ੍ਹਾ ਭਾਗ ਲੈ ਰਹੇ ਖਿਡਾਰੀਆਂ ਨੂੰ ਆਸ਼ੀਰਵਾਦ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਖਿਡਾਰੀਆਂ ਨੂੰ ਵੱਧ ਤੋਂ ਵੱਧ ਖੇਡਾਂ ਦੇ ਖੇਤਰ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

ਜ਼ੋਨ ਪੱਧਰੀ ਟੂਰਨਾਮੈਂਟ 'ਚ ਸੰਤ ਕਬੀਰ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

ਜ਼ਿਲ੍ਹਾ ਕ੍ਰਿਕਟ ਟੀਮ ਲਈ ਚੁਣੇ ਸਕੂਲ ਦੇ 11 ਵਿਦਿਆਰਥੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਭੁੱਚੋ ਮੰਡੀ ਵਿਖੇ ਕਰਵਾਏ ਗਏ ਜ਼ੋਨਲ ਪੱਧਰੀ ਟੂਰਨਾਮੈਂਟ ਵਿੱਚ ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਵਧੀਆ ਖੇਡ ਦਾ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਖੇਡਾਂ ਜਿਵੇਂ ਕਿ ਰੱਸਾਕਸੀ, ਕ੍ਰਿਕਟ, ਬੈਡਮਿੰਟਨ, ਸ਼ਤਰੰਜ, ਬਾਸਕਟਬਾਲ, ਕੁਸ਼ਤੀ, ਕਿੱਕ ਬਾਕਸਿੰਗ ਤੇ ਸਕੇਟਿੰਗ ਦੇ 106 ਮਾਡਲ ਪ੍ਰਾਪਤ ਕੀਤੇ। ਸਾਰੀਆਂ ਖੇਡਾਂ ਵਿੱਚ ਸਕੂਲ ਦੀ ਅੰਡਰ-17 ਕ੍ਰਿਕਟ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 7 ਵਿਦਿਆਰਥੀ ਅੰਡਰ-17 ਤੇ 4 ਵਿਦਿਆਰਥੀ ਅੰਡਰ-14 ਜ਼ਿਲ੍ਹਾ ਕ੍ਰਿਕਟ ਟੀਮ ਲਈ ਚੁਣੇ ਗਏ। ਸਕੂਲ ਦੇ ਐੱਮ. ਡੀ. ਪ੍ਰੋਫੈਸਰ ਐੱਮ. ਐੱਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਨੇ ਸਕੂਲ ਦੇ ਕੋਚ ਸੰਦੀਪ ਸਿੰਘ, ਗੁਰਪ੍ਰੀਤ ਸਿੰਘ ਤੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਜ਼ਿਲ੍ਹਾ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਲਈ ਡੀ ਪੀ ਐੱਸ ਸਕੂਲ ਸਨਮਾਨਤ

ਰਾਜਪੁਰਾ (ਰਮੇਸ਼ ਕਟਾਰੀਆ)-ਦਿੱਲੀ ਪਬਲਿਕ ਸਕੂਲ ਰਾਜਪੁਰਾ ਨੂੰ ਆਪਣੇ ਅਸਧਾਰਨ ਅਕਾਦਮਿਕ ਪ੍ਰਦਰਸ਼ਨ ਲਈ ਸਨਮਾਨਤ ਕੀਤਾ ਗਿਆ, ਜਿਸ ਨੂੰ ਗਲੋਬਲ ਐਜੂਕੇਟਰਜ਼ ਫੈਸਟ-2024 ਵਿੱਚ ਸਕੂ ਨਿਊਜ਼ ਗਲੋਬਲ ਐਜੂਕੇਸ਼ਨ ਐਵਾਰਡਜ਼-2024 ਦੁਆਰਾ ਪੇਸ਼ ਕੀਤਾ ਗਿਆ।ਪ੍ਰੋ-ਵਾਈਸ ਚੇਅਰਪਰਸਨ, ਡਾ. ਗੁਨਮੀਤ ਬਿੰਦਰਾ ਨੇ ਮਾਣ ਨਾਲ ਸਕੂਲ ਲਈ ਪੁਰਸਕਾਰ ਸਵੀਕਾਰ ਕੀਤਾ, ਜਿਸ ਨਾਲ ਡੀ.ਪੀ.ਐੱਸ. ਸਕੂਲ ਰਾਜਪੁਰਾ ਦੇ ਉੱਤਮਤਾ ਦੇ ਸਫ਼ਰ ਵਿੱਚ ਇੱਕ ਹੋਰ ਮੀਲ ਪੱਥਰ ਸਾਬਿਤ ਹੋਇਆ ਹੈ।ਸਕੂ ਨਿਊਜ਼ ਦੁਆਰਾ ਪੇਸ਼ ਇਹ ਐਵਾਰਡ ਅਕਾਦਮਿਕ ਸਾਲ 2023-2024 ਵਿੱਚ ਡੀ.ਪੀ.ਐੱਸ. ਰਾਜਪੁਰਾ ਦੇ ਸ਼ਾਨਦਾਰ ਨਤੀਜਿਆਂ ਨੂੰ ਮਾਨਤਾ ਦਿੰਦਾ ਹੈ।ਸਕੂਲ ਨੂੰ ਇਸ ਦੀਆਂ ਨਿਰੰਤਰ ਅਕਾਦਮਿਕ ਪ੍ਰਾਪਤੀਆਂ, ਨਵੀਨ ਅਧਿਆਪਨ ਵਿਧੀਆਂ ਤੇ ਇੱਕ ਅਜਿਹੇ ਪਾਠਕ੍ਰਮ ਲਈ ਸਨਮਾਨਤ ਕੀਤਾ ਗਿਆ ਸੀ, ਜੋ ਵਿਦਿਆਰਥੀਆਂ ਨੂੰ ਅਕਾਦਮਿਕ ਤੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਦੋਵਾਂ ਵਿੱਚ ਉੱਤਮਤਾ ਲਈ ਸਰਵਪੱਖੀ ਰੂਪ ਵਿੱਚ ਵਿਕਸਤ ਕਰਦਾ ਹੈ।ਡੀ.ਪੀ.ਐੱਸ. ਸਕੂਲ ਰਾਜਪੁਰਾ ਦੀ ਪ੍ਰਿੰਸੀਪਲ ਸ੍ਰੀਮਤੀ ਗੀਤਿਕਾ ਚੰਦਰਾ ਨੇ ਮਾਣ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਇਹ ਪੁਰਸਕਾਰ ਸਾਡੇ ਵਿਦਿਆਰਥੀਆਂ, ਅਧਿਆਪਕਾਂ ਤੇ ਕਰਮਚਾਰੀਆਂ ਦੀ ਸਖ਼ਤ ਮਿਹਨਤ, ਲਗਨ ਤੇ ਜਨੂੰਨ ਦਾ ਪ੍ਰਤੀਬਿੰਬ ਹੈ।ਅਸੀਂ ਡੀ.ਪੀ.ਐੱਸ. ਸਕੂਲ ਰਾਜਪੁਰਾ ਵਿਖੇ ਵਿਦਿਆਰਥੀਆਂ ਨੂੰ ਇੱਕ ਅਜਿਹਾ ਅਕਾਦਮਿਕ ਵਾਤਾਵਰਨ ਦੇਣ ਲਈ ਪ੍ਰਤਿਬੱਧ ਹਾਂ, ਜੋ ਹਰੇਕ ਵਿਦਿਆਰਥੀ ਦੇ ਸਰਵਪੱਖੀ ਵਿਕਾਸ ਲਈ ਸਹਾਇਕ ਹੈ।

ਡਾ. ਈਸ਼ਵਰ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਸੱਭਿਆਚਾਰਕ ਪ੍ਰੋਗਰਾਮ

ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਨੈਸ਼ਨਲ ਕਾਲਜ ਤੇ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰ ਸਕੂਲ, ਦੋਰਾਹਾ ਦੇ ਸੰਸਥਾਪਕ ਪ੍ਰਧਾਨ ਡਾ. ਈਸ਼ਵਰ ਸਿੰਘ ਦੇ 103ਵੇਂ ਜਨਮ-ਦਿਹਾੜੇ ਦੇ ਅਵਸਰ 'ਤੇ ਕਾਲਜ ਪ੍ਰਬੰਧਕੀ ਕਮੇਟੀ ਦੀ ਸਰਪ੍ਰਸਤੀ ਹੇਠ ਇੱਕ ਸੱਭਿਆਚਾਰਕ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਉੱਪ-ਕੁਲਪਤੀ ਡਾ. ਸਤਬੀਰ ਸਿੰਘ ਗੋਸਲ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਡਾ. ਨਿਰਮਲ ਜੌੜਾ ਡਾਇਰੈਕਟਰ ਸਟੂਡੈਂਟ ਵੈੱਲਫੇਅਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਗੁਰੂ ਨਾਨਕ ਨੈਸ਼ਨਲ ਕਾਲਜ ਪ੍ਰਬੰਧਕੀ ਬੋਰਡ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀਮਤੀ ਸਰਤਾਜ ਢਿੱਲੋਂ, ਮੀਤ ਪ੍ਰਧਾਨ ਡਾ. ਮਾਨਿਕ ਰੰਧਾਵਾ, ਸੰਯੁਕਤ ਸਕੱਤਰ (ਕਾਲਜ ਪ੍ਰਬੰਧਕੀ ਕਮੇਟੀ) ਸ੍ਰੀ ਆਦਰਸ਼ਪਾਲ ਬੈਕਟਰ, ਵਿੱਤ ਸਕੱਤਰ ਸ੍ਰ. ਰਜਿੰਦਰ ਸਿੰਘ ਖ਼ਾਲਸਾ ਤੇ ਪ੍ਰਬੰਧਕੀ ਕਮੇਟੀ ਦੇ ਮੈਂਬਰ ਸਾਹਿਬਾਨ ਉਚੇਚੇ ਤੌਰ 'ਤੇ ਇਸ ਸਮਾਗਮ ਵਿੱਚ ਪਹੁੰਚੇ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਜਿੱਥੇ ਅੱਜ ਦਾ ਇਹ ਸਮਾਗਮ ਡਾ. ਈਸ਼ਵਰ ਸਿੰਘ ਦੀ ਯਾਦ ਨੂੰ ਸਰਮਪਤ ਹੈ, ਉੱਥੇ ਅੱਜ ਅਸੀਂ ਕਾਲਜ ਸਥਾਪਨਾ ਦੀ 50ਵੀਂ ਵਰ੍ਹੇਗੰਢ ਦੀ ਖ਼ੁਸ਼ੀ ਵੀ ਮਨਾ ਰਹੇ ਹਾਂ।

ਸਮਾਰੋਹ ਦਾ ਆਰੰਭ ਸ਼ਬਦ ਗਾਇਨ ਨਾਲ਼ ਹੋਇਆ।ਇਸ ਮੌਕੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ ਤੇ ਕਾਲਜ ਪ੍ਰਿੰਸੀਪਲ ਨੇ ਸਮੂਹਕ ਰੂਪ ਵਿੱਚ ਸ਼ਮ੍ਹਾਂ ਰੌਸ਼ਨ ਕੀਤੀ। ਉਪਰੰਤ ਕਾਲਜ ਪ੍ਰਿੰਸਪੀਲ ਡਾ. ਸਰਵਜੀਤ ਕੌਰ ਬਰਾੜ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਾਲਜ ਦੇ ਬਾਨੀ ਪ੍ਰਧਾਨ ਡਾ. ਈਸ਼ਵਰ ਸਿੰਘ ਦੁਆਰਾ ਦੋਰਾਹਾ ਇਲਾਕੇ ਵਿੱਚ ਵਿੱਦਿਆ ਦੇ ਪਾਸਾਰ ਲਈ ਦਿੱਤੇ ਯੋਗਦਾਨ ਨੂੰ ਯਾਦ ਕੀਤਾ।ਸਮਾਗਮ ਦੌਰਾਨ ਕੋ-ਆਰਡੀਨੇਟਰ ਪ੍ਰੋ. ਰਣਜੀਤ ਕੌਰ ਤੇ ਡੀਨ ਸੱਭਿਆਚਾਰਕ ਮਾਮਲੇ ਪ੍ਰੋ. ਨਿਧੀ ਸਰੂਪ ਦੀ ਨਿਗਰਾਨੀ ਹੇਠ ਗੁਰੂ ਨਾਨਕ ਕਾਲਜ ਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਗੀਤ, ਸੰਗੀਤ ਨਾਟਕ, ਭੰਗੜੇ ਤੇ ਗਿੱਧੇ ਦੀ ਪੇਸ਼ਕਾਰੀ ਕੀਤੀ ਗਈ। ਵਿਦਿਆਰਥੀਆਂ ਨੂੰ

3-SEP-PAGE-11.qxd 9/2/2024 10:15 PM Page 1

ਖੱਬੀਆਂ ਪਾਰਟੀਆਂ ਵੱਲੋਂ 13 ਦੇ ਧਰਨੇ 'ਚ ਲੋਕਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ : ਮੱਲ੍ਹਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-13 ਸਤੰਬਰ ਨੂੰ ਖੱਬੀਆਂ ਪਾਰਟੀਆਂ ਵੱਲੋਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਘਰ ਅੱਗੇ ਦਿੱਤੇ ਜਾ ਰਹੇ ਧਰਨੇ ਸਬੰਧੀ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ. ਐੱਮ ਪੀ. ਆਈ.) ਵੱਲੋ ਪਿੰਡ ਸੱਕਿਆਂਵਾਲੀ 'ਚ ਭਰਵੀਂ ਇਕੱਤਰਤਾ ਕੀਤੀ ਗਈ ਜਿਸ ਦੀ ਪ੍ਰਧਾਨਗੀ ਮਨਜੀਤ ਸਿੰਘ ਸਕੱਕਿਆਂ ਵਾਲੀ ਨੇ ਕੀਤੀ । ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ ਨੇ ਬੋਲਦਿਆਂ ਕਿਹਾ ਕਿ ਕੇਂਦਰੀ ਸਰਕਾਰਾਂ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੀਆਂ ਆ ਰਹੀਆ ਹਨ ਪੰਜਾਬ ਦੇ ਕਈ ਚਿਰਾ ਤੋਂ ਲਟਕਦੇ ਆ ਰਹੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ ਜਿਵੇਂ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨਾ, ਦਰਿਆਈ ਪਾਣੀਆਂ ਦਾ ਮਸਲਾ, ਡੈਮਾਂ 'ਤੇ ਪੰਜਾਬ ਸਰਕਾਰ ਦੀ ਨੁਮਾਇੰਦਗੀ ਖਤਮ ਕਰਨਾ, ਬੀਐੱਸਐੱਫ ਦਾ ਘੇਰਾ 50 ਕਿਲੋਮੀਟਰ ਤੱਕ ਕਰਨਾ ਆਦਿ ।ਉਨ੍ਹਾਂ ਕਿਸਾਨੀ ਬਾਰੇ ਬੋਲਦਿਆ ਕਿਹਾ ਕਿ ਮੋਦੀ ਸਰਕਾਰ ਵੱਲੋ ਫਸਲਾ ਤੇ ਐੱਮਐੱਸਪੀ ਲਾਗੂ ਨਹੀਂ ਕਰ ਰਹੀ ਅਤੇ ਮੰਡੀ ਪ੍ਰਬੰਧ ਤੋਂ ਭੱਜ ਰਹੀ ਹੈ ।ਦੇਸ਼ ਦੇ ਲੋਕਾਂ ਦਾ ਧਿਆਨ ਆਪਣੀ ਮੰਗਾਂ ਤੋਂ ਲਾਭੇ ਕਰਨ ਲਈ ਹਿੰਦੂਤਵ ਦਾ ਨਾਹਰਾ ਦੇ ਕੇ ਧਰਮਾਂ, ਜਾਤਾਂ ਦੇ ਨਾਂਅ 'ਤੇ ਲੜਾਇਆ ਜਾ ਰਿਹਾ ਹੈ ।ਦੇਸ਼ ਅੰਦਰ ਘੱਟ ਗਿਣਤੀ ਮੁਸਲਮਾਨਾਂ/ਇਸਾਈਆਂ/ਦਲਿਤਾਂ ਖਾਸ ਕਰ ਔਰਤਾਂ 'ਤੇ ਜਬਰ ਢਾਇਆ ਜਾ ਰਿਹਾ ਹੈ । ਡਾਕਟਰ ਅੰਬੇਦਕਰ ਵੱਲੋਂ ਸੰਵਿਧਾਨ ਨੂੰ ਮੂਲੋ ਹੀ ਰੱਦ ਕਰਨ ਦੀਆ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਪਛਾਅ ਖਿੱਚੂ ਵਿਚਾਰਾਂ ਨੂੰ ਪ੍ਰਫੁੱਲਤ ਕਰਨ ਲਈ ਮਨੂਸਿਮ੍ਰਤੀ ਲਾਗੂ ਕੀਤੀ ਜਾ ਰਹੀ ।ਮੱਲ੍ਹਾ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਲੋਕਾਂ ਦੀਆਂ ਆਸਾਂ ਨਾਲ ਬਣੀ ਸਰਕਾਰ ਲੋਕਾਂ ਦੇ ਮਸਲੇ ਹੱਲ ਕਰਨ 'ਚ ਬੁਰੀ ਤਰ੍ਹਾਂ ਨਕਾਮ ਰਹੀ ਹੈ ।ਕਾਨੂੰਨ ਅਵਸਥਾ ਬੁਰੀ ਤਰ੍ਹਾਂ ਵਿਗੜ ਚੁੱਕੀ ਹੈ। ਪੰਜਾਬ ਅੰਦਰ ਨਸ਼ਿਆ ਨਾਲ ਜਵਾਨੀ ਬਰਬਾਤ ਹੋ ਰਹੀ ਹੈ ਲੁੱਟਾਂ-ਖੋਹਾਂ, ਕਤਲੋਗਾਰਤ, ਦਿਨ ਦਿਹਾੜੇ ਡਕੈਤੀਆਂ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਪੁਲਸ ਪ੍ਰਸ਼ਾਸ਼ਨ ਬੇਵੱਸ ਹੋਇਆ ਫਿਰਦਾ ਹੈ, ਕਿਸੇ ਨੂੰ ਵੀ ਥਾਣਿਆਂ ਅੰਦਰ ਇਨਸਾਫ਼ ਨਹੀਂ ਮਿਲ ਰਿਹਾ ।ਉਨ੍ਹਾਂ ਕਿਹਾ ਕਿ ਇਨਸਾਫ ਲੈਣ ਲਈ ਇਨਸਾਫ ਪਸੰਦ ਲੋਕਾਂ ਨੂੰ ਸੰਘਰਸ਼ ਦੇ ਮੈਦਾਨ ਵਿੱਚ ਆਉਣਾ ਪਵੇਗਾ।ਇਸ ਮੌਕੇ ਜਸਬੀਰ ਸਿੰਘ, ਦਲਜੀਤ ਸਿੰਘ, ਪਰਮਜੀਤ ਸਿੰਘ, ਮੇਜਰ ਸਿੰਘ, ਕੁਲਦੀਪ ਸਿੰਘ, ਨਿਰਮਲ ਸਿੰਘ, ਕਸ਼ਮੀਰ ਸਿੰਘ, ਜਸਵਿੰਦਰ ਸਿੰਘ, ਜਗਜੀਤ ਸਿੰਘ, ਅਵਤਾਰ ਸਿੰਘ, ਬਲਵਿੰਦਰ ਸਿੰਘ, ਜਗਤਾਰ ਸਿੰਘ, ਪ੍ਰਕਾਸ਼ ਸਿੰਘ, ਮਦਨ ਸਿੰਘ, ਦੀਦਾਰ ਸਿੰਘ, ਜਸਪ੍ਰੀਤ ਸਿੰਘ, ਰਛਪਾਲ ਸਿੰਘ, ਹਰਦੇਵ ਸਿੰਘ, ਮਲਕੀਅਤ ਸਿੰਘ, ਰਣਜੀਤ ਸਿੰਘ, ਨਰਿੰਦਰ ਸਿੰਘ ਆਦਿ ਹਾਜ਼ਰ ਸਨ।

ਖੇਲੋ ਇੰਡੀਆ ਮਹਿਲਾ ਸਾਈਕਲਿੰਗ ਲੀਗ ਦਾ ਆਗਾਜ਼ ਅੱਜ

ਦੇਸ਼ ਭਰ 'ਚੋਂ ਰਾਸ਼ਟਰੀ/ਅੰਤਰਰਾਸ਼ਟਰੀ ਮਹਿਲਾ ਸਾਈਕਲਿਸਟਾਂ ਲੈਣਗੀਆਂ ਹਿੱਸਾ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)—ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਖੇਲੋ ਇੰਡੀਆ ਵਿਮੈਨ ਲੀਗ, ਰੋਡ ਸਾਈਕਲਿੰਗ ਉਤਰੀ ਜ਼ੋਨ, ਅੰਮ੍ਰਿਤਸਰ ਵਿਖੇ 3 ਤੋਂ 4 ਸਤੰਬਰ ਤੱਕ ਕਰਵਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਸੰਯੁਕਤ ਸਕੱਤਰ ਨੀਰਜ ਤੰਵਰ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਵਿੱਚੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮਹਿਲਾ ਸਾਈਕਲਿਸਟ ਭਾਗ ਲੈ ਰਹੀਆਂ ਹਨ।ਇਸ ਲੀਗ ਵਿੱਚ ਪੰਜਾਬ, ਹਰਿਆਣਾ, ਲੇਹ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ, ਦਿੱਲੀ ਦੀਆਂ ਟੀਮਾਂ ਸ਼ਾਮਲ ਹੋਣਗੀਆਂ।

ਇਸ ਲੀਗ ਦਾ ਉਦਘਾਟਨ 3 ਸਤੰਬਰ ਨੂੰ ਕੀਤਾ ਜਾਵੇਗਾ।ਲੀਗ ਵਿੱਚ ਜੂਨੀਅਰ, ਸਬ ਜੂਨੀਅਰ ਅਤੇ ਸੀਨੀਅਰ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ।ਸ਼੍ਰੀ ਤੰਵਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹ ਕੇ ਇਨ੍ਹਾਂ ਮੁਕਾਬਲਿਆਂ ਨੂੰ ਦੇਖਣ ਲਈ ਪੁੱਜਣ ਤੇ ਖਿਡਾਰਨਾਂ ਦੀ ਹੌਸਲਾ ਅਫਜ਼ਾਈ ਕਰਨ।

ਸ਼ਹਿਰ ਦੀਆਂ ਗਲੀਆਂ 'ਚ ਗੰਦਗੀ ਦੀ ਭਰਮਾਰ, ਲੋਕਾਂ 'ਚ ਬਿਮਾਰੀਆਂ ਫੈਲਣ ਦਾ ਖਦਸ਼ਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਥਾਨਕ ਨਗਰ ਕੌਂਸਲ ਦੇ ਵੱਲੋਂ ਜਿੱਥੇ ਗਲੀਆਂ ਨਾਲੀਆਂ ਦੀ ਸਫਾਈ ਦਾ ਪੂਰਾ ਪ੍ਰਬੰਧ ਕੀਤਾ ਜਾਂਦਾ ਉੱਥੇ ਹੀ ਕੁਝ ਦਿਨਾਂ ਤੋਂ ਮੁਹੱਲਾ ਧਰਮਪੁਰਾ ਕਾਦੀਆਂ ਦੀਆਂ ਗਲੀਆਂ ਦੀ ਸਾਫ ਸਫਾਈ ਕਰਕੇ ਨਾਲੀਆਂ ਦੇ ਵਿੱਚੋਂ ਗਾਰ ਕੱਢ ਕੇ ਸੜਕਾਂ ਦੇ ਵਿੱਚ ਰੱਖ ਦਿੱਤੀ ਗਈ ਹੈ ਤੇ ਉਸ ਨੂੰ ਚੁੱਕਣਾ ਅਜੇ ਤੱਕ ਮੁਨਾਸਿਬ ਨਹੀਂ ਸਮਝਿਆ ਗਿਆ। ਇਸੇ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਗਲੀਆਂ ਦੇ ਨਜ਼ਦੀਕ ਘਰਾਂ ਦੇ ਲੋਕ ਜਿਨ੍ਹਾਂ ਵਿੱਚ ਮਨਜਿੰਦਰ ਸਿੰਘ ,ਗੁਰਜੀਤ ਸਿੰਘ, ਹਰਪ੍ਰੀਤ ਸਿੰਘ, ਅਸ਼ਵਨੀ ਕੁਮਾਰ, ਰਾਜਪਾਲ ਸਿੰਘ, ਦਲਜਿੰਦਰ ਸਿੰਘ, ਪਰਮਜੀਤ ਸਿੰਘ, ਬਚਿੱਤਰ ਸਿੰਘ ਆਦਿ ਨੇ ਸਾਂਝੇ ਤੌਰ ਤੇ ਦੱਸਿਆ ਕਿ ਪਿਛਲੇ ਤਿੰਨ ਚਾਰ ਦਿਨਾਂ ਤੋਂ ਨਾਲੀਆਂ ਦੀ ਨਗਰ ਕੌਂਸਲ ਦੇ ਵੱਲੋਂ ਸਫਾਈ ਕੀਤੀ ਗਈ ਹੈ ਤੇ ਨਾਲੀਆਂ ਵਿੱਚੋਂ ਜੋ ਗਾਰ ਕੱਢੀ ਗਈ ਹੈ ਉਸ ਨੂੰ ਅਜੇ ਤੱਕ ਕੌਂਸਲ ਦੇ ਵੱਲੋਂ ਚੁੱਕਿਆ ਨਹੀਂ ਗਿਆ ਜਿਸ ਦੇ ਵਿੱਚੋਂ ਭਿਆਨਕ ਬਦਬੂ ਫੈਲਦੀ ਹੈ ਅਤੇ ਆਉਣ ਜਾਣ ਵੇਲੇ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ। ਉਨ੍ਹਾਂ ਦੱਸਿਆ ਕਿ ਜੇਕਰ ਇਸ ਗੰਦਗੀ ਦੇ ਕਾਰਨ ਕੋਈ ਵੀ ਇਲਾਕੇ ਵਿੱਚ ਡੇਂਗੂ ਜਾਂ ਹੋਰ ਬਿਮਾਰੀ ਫੈਲਦੀ ਹੈ ਤਾਂ ਉਸ ਲਈ ਸੰਬੰਧਿਤ ਸਿਹਤ ਵਿਭਾਗ ਕਾਦੀਆਂ ਅਤੇ ਨਗਰ ਪਾਲਿਕਾ ਜ਼ਿੰਮੇਵਾਰ ਹੋਵੇਗਾ । ਉਨਾਂ ਨੇ ਜ਼ਿਲ੍ਹੇ ਦੇ ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਕੋਲੋਂ ਅਤੇ ਸਬੰਧਤ ਮਹਿਕਮੇ ਦੇ ਉੱਚ ਅਧਿਕਾਰੀਆਂ ਕੋਲੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਨਾਂ ਗਲੀਆਂ ਨੂੰ ਤੁਰੰਤ ਸਾਫ ਕਰਵਾਇਆ ਜਾਵੇ ਤੇ ਨਾਲੀਆਂ ਦੇ ਵਿੱਚੋਂ ਕੱਢੀ ਗਈ ਗੰਦਗੀ ਨੂੰ ਚੁਕਵਾਇਆ ਜਾਵੇ ਤਾਂ ਜੋ ਸਮਾਂ ਰਹਿੰਦਿਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ ।ਲੋਕਾਂ ਨੇ ਦੱਸਿਆ ਕਿ ਨਗਰ ਕੌਂਸਲ ਪਹਿਲਾਂ ਦੂਸਰੇ ਜਾਂ ਤੀਸਰੇ ਦਿਨ ਇਸ ਗਾਰ ਨੂੰ ਚੁੱਕ ਲੈਂਦੇ ਸਨ। ਪਰ ਹੁਣ ਤਿੰਨ ਚਾਰ ਦਿਨ ਬੀਤਣ ਦੇ ਬਾਵਜੂਦ ਇਸ ਨੂੰ ਨਹੀਂ ਚੁੱਕਿਆ ਗਿਆ ਜਿਸ ਕਾਰਨ ਰੋਜ਼ਾਨਾ ਸਕੂਲ

ਜਾਣ ਵਾਲੇ ਸਕੂਲੀ ਵਿਦਿਆਰਥੀ ਅਤੇ ਸਵੇਰ ਸਮੇਂ ਸੈਰ ਕਰਨ ਵਾਲੇ ਲੋਕ ਅਤੇ ਸਵੇਰੇ ਗੁਰਦੁਆਰਾ ਸਾਹਿਬ ਜਾਣ ਵਾਲੇ ਲੋਕਾਂ ਦੇ ਵਿੱਚ ਅਤੇ ਸੰਗਤਾਂ ਦੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ।

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਰੈਲੀ ਅੱਜ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਜਰਮਨਜੀਤ ਸਿੰਘ, ਰਣਜੀਤ ਸਿੰਘ ਰਾਣਵਾ, ਕਰਮ ਸਿੰਘ ਧਨੋਆ, ਭਜਨ ਸਿੰਘ ਗਿੱਲ, ਸਵਿੰਦਰ ਪਾਲ ਸਿੰਘ ਮੋਲੋਵਾਲੀ , ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ , ਗਗਨਦੀਪ ਸਿੰਘ ਭੁੱਲਰ, ਐਨ.ਕੇ. ਕਲਸੀ, ਸੁਖਦੇਵ ਸਿੰਘ ਸੈਣੀ, ਬਾਜ ਸਿੰਘ ਖਹਿਰਾ, ਰਾਧੇ ਸ਼ਾਮ, ਜਸਵੀਰ ਤਲਵਾੜਾ, ਸੁਖਜੀਤ ਸਿੰਘ, ਜਗਦੀਸ਼ ਸਿੰਘ ਚਾਹਲ , ਬੋਬਿੰਦਰ ਸਿੰਘ, ਦਿਗਵਿਜੇ ਪਾਲ ਸ਼ਰਮਾ ਅਤੇ ਕਰਮਜੀਤ ਸਿੰਘ ਬੀਹਲਾ ਨੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ 3 ਸਤੰਬਰ ਨੂੰ ਦਾਣਾ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਰੈਲੀ ਕਰਨ ਉਪਰੰਤ ਪੰਜਾਬ ਵਿਧਾਨ ਸਭਾ ਵੱਲ ਕੀਤੇ ਜਾਣ ਵਾਲੇ ਮਾਰਚ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਆਗੂਆਂ ਆਖਿਆ ਕਿ ਇਹ ਰੈਲੀ ਅਤੇ ਰੋਸ ਮਾਰਚ ਪੰਜਾਬ ਦੇ 7 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਅਤੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਬਾਰ ਬਾਰ ਮੀਟਿੰਗਾਂ ਮੁਲਤਵੀ ਕਰਨ ਵਿਰੁੱਧ ਕੀਤਾ ਜਾ ਰਿਹਾ ਹੈ।

ਚਮਕੌਰ ਸਿੰਘ ਜੌਹਲ ਨੂੰ ਸਦਮਾ, ਪਤਨੀ ਦਾ ਦਿਹਾਂਤ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਪਿੰਡ ਜੌਹਲ ਰਾਜੂ ਸਿੰਘ ਤੋਂ ਚਮਕੌਰ ਸਿੰਘ ਜੌਹਲ ਦੀ ਧਰਮ ਪਤਨੀ ਕੁਲਵਿੰਦਰ ਕੌਰ ਗੁਰੂ ਚਰਨਾਂ ਵਿਚ ਜਾ ਬਿਰਾਜੇ।ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਹਲਕਾ ਵਿਧਾਇਕ ਡਾ ਕਸ਼ਮੀਰ ਸਿੰਘ ਸੋਹਲ, ਡਾ. ਕੁਲਦੀਪ ਸਿੰਘ ਰੰਧਾਵਾ, ਡਾ. ਕਾਰਜ ਸਿੰਘ ਰੰਧਾਵਾ, ਸਾਬਕਾ ਸਰਪੰਚ ਹਰਪਾਲ ਸਿੰਘ ਕੋਟ , ਸੋਸ਼ਲ ਮੀਡੀਆ ਇੰਚਾਰਜ ਮਾਣਕ ਸਿੰਘ ਹੈਪੀ, ਬਾਬਾ ਕਾਲਾ ਬਾਬਾ ਲੰਗਾਹ, ਨਾਥੂ ਬਾਬਾ ਲੰਗਾਹ, ਹੈਪੀ ਉਪਲ ਨੇ ਉਨ੍ਹਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਵਾਹਿਗੁਰੂ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ 5 ਸਤੰਬਰ 2024 ਦਿਨ ਵੀਰਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਜੌਹਲ ਰਾਜੂ ਸਿੰਘ ਜ਼ਿਲਾ ਤਰਨ ਤਾਰਨ ਵਿਖੇ ਪਾਇਆ ਜਾਵੇਗਾ। ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦਵਾਰਾ ਬਾਬਾ ਦਰਵੇਸ਼ ਜੀ ਜੌਹਲ ਰਾਜੂ ਸਿੰਘ ਵਿਖੇ ਦੁਪਹਿਰ 12 ਵਜੇ ਤੋਂ 1 ਵਜੇ ਹੋਵੇਗੀ।

ਬਟਾਲਾ ਰੋਡ 'ਤੇ ਬ੍ਰਹਮ ਗਿਆਨੀ ਬਾਬਾ ਵਡਭਾਗ ਸਿੰਘ ਦਾ ਜਨਮ ਦਿਹਾੜਾ ਮਨਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਕਸਬਾ ਮਹਿਤਾ ਚੌਕ ਦੇ ਬਟਾਲਾ ਰੋਡ 'ਤੇ ਬ੍ਰਹਮ ਗਿਆਨੀ ਧੰਨ-ਧੰਨ ਬਾਬਾ ਵਡਭਾਗ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ।ਇਸ ਸਮੇਂ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਵੱਲੋਂ ਬਹੁਤ ਹੀ ਤਨਦੇਹੀ ਨਾਲ ਸੰਗਤਾਂ ਦੀ ਸੇਵਾ ਕੀਤੀ ਗਈ ਅਤੇ ਉਨ੍ਹਾਂ ਨੂੰ ਲੰਗਰ ਛਕਾਏ ਗਏ । ਇਸ ਮੌਕੇ ਕੁਲਬੀਰ ਸਿੰਘ ਚੂੰਗ, ਹਰਜਿੰਦਰ ਸਿੰਘ, ਰਣਜੀਤ ਸਿੰਘ, ਅਮਰੀਕ ਸਿੰਘ ਹਲਵਾਈ, ਸ਼ੈਟੀ, ਰਿੰਕੂ, ਅਜੇ, ਰਾਜੂ, ਰਾਜਵੰਤ ਸਿੰਘ ਰਾਜੂ, ਨਵਦੀਪ ਸਿੰਘ ਆਦਿ ਸੇਵਦਾਰ ਹਾਜ਼ਰ ਸਨ।

ਸੇਂਟ ਕਬੀਰ ਸਕੂਲ ਸੁਲਤਾਨਪੁਰ ਨੇ ਹੈਂਡਬਾਲ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਸੋਨ ਤਮਗੇ ਜਿੱਤੇ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਹੈਂਡਬਾਲ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੱਡੀਆਂ ਮੱਲਾਂ ਮਾਰ ਕੇ ਰਾਜ ਪੱਧਰੀ ਹੈਂਡਬਾਲ ਮੁਕਾਬਲੇ ਵਿੱਚ ਖਾਸ ਜਗ੍ਹਾ ਬਣਾ ਕੇ ਇਲਾਕੇ ਵਿੱਚ ਵਾਹ-ਵਾਹ ਖੱਟੀ ਹੈ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਹੈਂਡਬਾਲ ਮੁਕਾਬਲਿਆਂ ਦੌਰਾਨ ਉਨ੍ਹਾਂ ਦੇ ਸੇਂਟ ਕਬੀਰ ਸਕੂਲ ਦੀਆਂ ਤਿੰਨ ਟੀਮਾਂ ਅੰਡਰ 14, ਅੰਡਰ 17 ਤੇ ਅੰਡਰ 19 ਵਿੱਚ 41 ਵਿਦਿਆਰਥੀਆਂ (ਲੜਕੇ-ਲੜਕੀਆਂ) ਨੇ ਸੋਨ ਤਮਗੇ ਜਿੱਤ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ 17 ਤੇ 19 ਦੀਆਂ ਲੜਕੀਆਂ ਦੀਆਂ ਟੀਮਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸੋਨ ਤਮਗੇ ਅਤੇ ਅੰਡਰ 14 ਦੀਆਂ ਲੜਕੀਆਂ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕਰਕੇ ਚਾਂਦੀ ਦੇ ਤਮਗੇ ਜਿੱਤੇ ਹਨ। ਲੜਕਿਆਂ ਦੀਆਂ ਤਿੰਨਾਂ ਟੀਮਾਂ ਅੰਡਰ 14, ਅੰਡਰ 17 ਤੇ ਅੰਡਰ 19 ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਹਾਸਿਲ ਕਰਕੇ ਸੋਨ ਤਮਗੇ ਜਿੱਤ ਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ ਹੈ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਮੈਨੇਜਮੈਂਟ ਮੈਂਬਰਾਂ ਦੁਆਰਾ ਸਵਾਗਤ ਕਰਦਿਆਂ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਕਾਂ ਨੂੰ ਵੀ ਉਨ੍ਹਾਂ ਦੀ ਮਿਹਨਤ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੀ ਦੁਨੀਆ ਵਿੱਚ ਇਸੇ ਤਰ੍ਹਾਂ ਬਣੇ ਰਹਿਣ ਤੇ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਡੀ. ਪੀ. ਬੇਅੰਤ ਸਿੰਘ, ਸ਼ਮਸ਼ੇਰ ਸਿੰਘ, ਰੇਖਾ ਰਾਣੀ ਤੇ ਜਤਿੰਦਰ ਕੌਰ ਹਾਜ਼ਰ ਸਨ।

ਈਜ਼ੀ ਡਰਾਇਵ ਟਾਇਰ ਐਂਡ ਵ੍ਹੀਲ ਸ਼ੋਅਰੂਮ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ

ਝਬਾਲ (ਹਰਜਿੰਦਰ ਸਿੰਘ ਸੋਨੀ)-ਚੌਥੇ ਪਾਤਸ਼ਾਹ ਸ੍ਰੀ ਗੁਰੂ

3-SEP-PAGE-12.qxd 9/2/2024 10:16 PM Page 1

ਐੱਲ ਪੀ ਯੂ ਦੇ 93 ਫੀਸਦੀ ਸਿਖਿਆਰਥੀਆਂ ਨੇ ਰਾਸ਼ਟਰੀ ਕੇਂਦਰੀ ਅਧਿਆਪਕ ਯੋਗਤਾ ਪ੍ਰੀਖਿਆ ਕੀਤੀ ਪਾਸ

ਜਲੰਧਰ (ਸ਼ੈਲੀ ਐਲਬਰਟ) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਕੂਲ ਆਫ਼ ਐਜੂਕੇਸ਼ਨ ਦੇ 93 ਫੀਸਦੀ ਵਿਦਿਆਰਥੀਆਂ ਨੇ ਰਾਸ਼ਟਰੀ ਕੇਂਦਰੀ ਅਧਿਆਪਕ ਯੋਗਤਾ ਪ੍ਰੀਖਿਆ (ਸੀਟੀਈਟੀ) ਸਫਲਤਾਪੂਰਵਕ ਪਾਸ ਕੀਤੀ।2024 ਦੇ ਗ੍ਰੈਜੂਏਸ਼ਨ ਬੈਚ ਲਈ ਇਮਤਿਹਾਨ ਵਿੱਚ ਸ਼ਾਮਲ ਹੋਣ ਵਾਲੇ ਐਲ ਪੀ ਯੂ ਵਿਦਿਆਰਥੀਆਂ ਦੀ ਯੋਗਤਾ 56 ਵਿੱਚੋਂ 52 ਹੈ।ਜੁਲਾਈ 2024 ਲਈ ਰਾਸ਼ਟਰੀ ਯੋਗਤਾ ਪ੍ਰਤੀਸ਼ਤਤਾ 19.68% ਹੈ।ਐਲ ਪੀ ਯੂ ਦੇ ਲਗਭਗ ਸਾਰੇ ਵਿਦਿਆਰਥੀਆਂ ਨੇ ਆਪਣੀ ਪਹਿਲੀ ਕੋਸ਼ਿਸ਼ ਵਿੱਚ ਪ੍ਰੀਖਿਆ ਪਾਸ ਕੀਤੀ। ਵਿਦਿਆਰਥੀਆਂ ਨੂੰ ਯੂਨੀਵਰਸਿਟੀ ਵਿੱਚ ਸੀਟੀਈਟੀ-ਮੈਪ ਕੀਤੇ ਕੋਰਸਾਂ 'ਤੇ ਵਿਸ਼ੇਸ਼ ਧਿਆਨ ਦੇ ਕੇ ਪੂਰੀ ਤਰ੍ਹਾਂ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ।ਤਿਆਰੀ ਮੌਕ ਪ੍ਰਵੇਸ਼ ਪ੍ਰੀਖਿਆ ਦੇ ਮੁਲਾਂਕਣ ਪੈਟਰਨਾਂ ਨਾਲ ਕਰਵਾਈ ਗਈ।ਹਰੇਕ ਵਿਦਿਆਰਥੀ ਦਾ ਫਿਰ 3000+ ਮਲਟੀਪਲ ਚੁਆਇਸ ਪ੍ਰਸ਼ਨਾਂ ਦੁਆਰਾ ਮੁਲਾਂਕਣ ਕੀਤਾ ਗਿਆ।ਸੀ ਟੀ ਈ ਟੀ ਪ੍ਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਕਲਾਸਾਂ ਦਿੱਤੀਆਂ ਗਈਆਂ।ਸਫਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਨਤੀਜਿਆਂ ਲਈ ਵਧਾਈ ਦਿੰਦੇ ਹੋਏ, ਐਲਪੀਯੂ ਦੀ ਪ੍ਰੋ ਚਾਂਸਲਰ ਕਰਨਲ ਰਸ਼ਮੀ ਮਿੱਤਲ ਨੇ ਕਿਹਾ ਕਿ ਐਲਪੀਯੂ ਵਿੱਚ ਸਿੱਖਿਆ ਪ੍ਰੋਗਰਾਮ 21ਵੀਂ ਸਦੀ ਵਿੱਚ ਸਿੱਖਿਆ ਸ਼ਾਸਤਰ ਅਤੇ ਡਿਜੀਟਲ ਰਚਨਾਤਮਕਤਾ ਵਿੱਚ ਜ਼ਰੂਰੀ ਹੁਨਰ ਵਾਲੇ ਅਧਿਆਪਕਾਂ ਨੂੰ ਤਿਆਰ ਕਰਦਾ ਹੈ।ਸੀ ਟੀ ਈ ਟੀ ਸਰਟੀਫਿਕੇਟ ਪ੍ਰਾਪਤ ਕਰਨ ਤੋਂ ਬਾਅਦ, ਅੱਲਪੀਯੂ ਵਿਦਿਆਰਥੀ ਕੇਂਦਰ ਅਤੇ ਰਾਜ ਸਰਕਾਰ ਦੀਆਂ ਸਿੱਖਿਆ ਦੀਆਂ ਨੌਕਰੀਆਂ ਲਈ ਅਰਜ਼ੀ ਦੇ ਸਕਦੇ ਹਨ।ਧਿਆਨ ਦੇਣ ਯੋਗ ਹੈ ਕਿ ਉਮੀਦਵਾਰ ਟੀਈਟੀ ਸਰਟੀਫਿਕੇਟ ਤੋਂ ਬਿਨਾਂ ਪ੍ਰਾਈਵੇਟ ਸਰਕਾਰੀ ਅਧਿਆਪਨ ਦੀਆਂ ਨੌਕਰੀਆਂ ਲਈ ਅਪਲਾਈ ਨਹੀਂ ਕਰ ਸਕਦੇ ਹਨ।

ਸੀਟੀਈਟੀ ਯੋਗਤਾ ਦੇ ਨਾਲ ਆਪਣੀ ਸਫਲਤਾ ਦੇ ਆਧਾਰ 'ਤੇ ਸਾਡੇ 90% ਵਿਦਿਆਰਥੀਆਂ ਨੇ ਭਾਰਤ ਅਤੇ ਵਿਦੇਸ਼ਾਂ ਦੇ ਵੱਕਾਰੀ ਸਕੂਲਾਂ ਵਿੱਚ ਪਲੇਸਮੈਂਟ ਪ੍ਰਾਪਤ ਕੀਤੀ ਹੈ।

ਜੁਗਨੂੰ ਦੀ ਹਰਿਆਣਾ ਚੋਣਾਂ ਦੌਰਾਨ ਬੇਰੀ ਹਲਕੇ 'ਚ ਲੱਗੀ ਡਿਊਟੀ

ਕਾਲਾ ਸੰਘਿਆਂ (ਮਨਜੀਤ ਮਾਨ) ਪਿਛਲੇ ਦਿਨੀ ਆਮ ਆਦਮੀ ਪਾਰਟੀ ਦੇ ਕੌਮੀ ਸਕੱਤਰ ਜਰਨਲ ਤੇ ਮੈਂਬਰ ਰਾਜਸਭਾ ਡਾ. ਸੰਦੀਪ ਪਾਠਕ ਤੇ ਪਾਰਟੀ ਦੇ ਸੀਨੀਅਰ ਲੀਡਰ ਦਿੱਲੀ ਦੀਪਕ ਚੌਹਾਨ ਨੇ ਪੰਜਾਬ ਤੇ ਦਿੱਲੀ ਦੀਂ ਲੀਡਰਸ਼ਿਪ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ 1 ਅਕਤੂਬਰ ਨੂੰ ਹਰਿਆਣਾ ਵਿਖੇ ਹੋ ਰਹੀਆਂ ਵਿਧਾਨਸਭਾ ਚੋਣਾਂ ਵਿਚ ਹਲਕਾ ਕਪੂਰਥਲਾ ਤੋਂ ਪੁਰਾਣੇ ਤਜਰਬੇਕਾਰ ਰਾਜਨੀਤੀਕ ਆਗੂ ਆਮ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਦੀ ਹਰਿਆਣਾ ਦੇ ਝੱਜਰ ਜ਼ਿਲ੍ਹਾ ਦੇ ਵਿਧਾਨਸਭਾ ਹਲਕਾ ਬੇਰੀ ਵਿਚ ਚੋਣ ਡਿਊਟੀ ਲਗਾਈ ਹੈ ਤੇ ਉਨ੍ਹਾਂ ਨੂੰ ਹਲਕਾ ਬੇਰੀ ਦੇ ਬਲਾਕ ਨੰਬਰ ਦੋ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਜ਼ਿਕਰਯੋਗ ਹੈ ਇਸ ਬਲਾਕ ਵਿਚ ਕਈ ਪਿੰਡ ਤੇ ਕਈ ਬੂਥ ਹਨ ਜੁਗਨੂੰ ਇਸ ਹਲਕੇ ਵਿਚ ਆਪਣੀ ਟੀਮ ਨਾਲ ਮਿਹਨਤ ਕਰਕੇ ਪਾਰਟੀ ਨੂੰ ਵੱਡੇ ਪੱਧਰ 'ਤੇ ਹੋਰ ਮਜ਼ਬੂਤ ਕਰਨਗੇ।

ਨੌਜਵਾਨ ਪੀੜ੍ਹੀ ਨੂੰ ਨਸ਼ਾ ਰਹਿਤ ਕਰਕੇ ਦੇਸ਼ ਸੇਵਾ ਨਾਲ ਜੋੜਨਾ ਸ਼ਿਵ ਸੈਨਾ ਦਾ ਅਸਲ ਮਕਸਦ : ਰਾਹੁਲ ਖੰਨਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਜਿਹੀਆਂ ਮਾੜੀਆਂ ਅਲਾਮਤਾਂ ਤੋਂ ਦੂਰ ਕਰਨ ਅਤੇ ਦੇਸ਼ ਸੇਵਾ ਨਾਲ ਜੋੜਨ ਲਈ ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਪਿੰਡ ਪਿੰਡ ਵਿਖੇ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ ਅਤੇ ਇਸੇ ਕੜੀ ਤਹਿਤ ਬੁੱਢੀ ਪਿੰਡ ਵਿਖੇ ਸ਼ਿਵ ਸੈਨਾ ਹਿੰਦੁਸਤਾਨ ਯੁਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸ਼ਿਵ ਸੈਨਾ ਪੰਜਾਬ ਪ੍ਰਧਾਨ ਰਜਿੰਦਰ ਰਾਣਾ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਬਲਾਕ ਪ੍ਰਧਾਨ ਗਣੇਸ਼ ਵੈਦ, ਸਨਾਤਨ ਧਰਮ ਸਭਾ ਅਹਿਆਪੁਰ ਪ੍ਰਧਾਨ ਨਿਕਲੇਸ ਜਸਰਾ, ਸ਼ਿਵ ਸੈਨਾ ਨੇਤਾ ਰਾਜੂ ਖੋਸਲਾ, ਬਬਲੂ ਮੂਨਕ, ਅਮਨ ਮਾਲਾ, ਪੁਨੀਤ ਮਦਾਨ, ਵਿਕਾਸ ਵਰਮਾ ਅਤੇ ਸੰਨੀ ਕਲਸੀ ਹਾਜ਼ਰ ਸਨ।ਸਮਾਰੋਹ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਨੂੰ ਹੋਰ ਮਜਬੂਤ ਕਰਨ ਲਈ ਪਿੰਡ-ਪਿੰਡ 'ਚ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਨੌਜਵਾਨ ਪੀੜੀ ਨੂੰ ਨਸ਼ਿਆਂ ਜਿਹੀਆਂ ਅਲਾਮਤਾਂ ਤੋਂ ਮੁਕਤ ਹੋਣ ਦੀ ਪ੍ਰੇਰਨਾ ਦਿੱਤੀ ਜਾ ਸਕੇ ਅਤੇ ਸਮਾਜ ਭਲਾਈ ਕੰਮਾਂ ਤੋਂ ਇਲਾਵਾ ਦੇਸ਼ ਦੀ ਸੇਵਾ ਲਈ ਉਹ ਆਪਣਾ ਵਡਮੁੱਲਾ ਯੋਗਦਾਨ ਪਾ ਸਕਣ।ਸਮਾਰੋਹ ਦੌਰਾਨ ਸ਼ਿਵ ਸੈਨਾ ਹਿੰਦੁਸਤਾਨ ਦੀਆਂ ਪ੍ਰਾਪਤੀਆਂ ਅਤੇ ਕਾਰਗੁਜ਼ਾਰੀਆਂ ਨੂੰ ਵੇਖਦੇ ਹੋਏ ਬੁੱਢੀ ਪਿੰਡ ਦੇ ਉੱਗੇ ਸਮਾਜ ਸੇਵੀ ਪਰਮਜੀਤ ਸਿੰਘ ਰਾਜਾ ਆਪਣੇ ਸਾਥੀਆਂ ਸਮੇਤ ਸ਼ਿਵ ਸੈਨਾ ਹਿੰਦੁਸਤਾਨ 'ਚ ਸ਼ਾਮਲ ਹੋਏ।ਇਸ ਮੌਕੇ ਰਾਹੁਲ ਖੰਨਾ ਨੇ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ ਪਰਮਜੀਤ ਸਿੰਘ ਰਾਜਾ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ।ਇਸ ਮੌਕੇ ਅਮਨਦੀਪ ਸਿੰਘ, ਰੇਸ਼ਮ ਸਿੰਘ, ਬੂਟੀ ਰਾਮ, ਜੀਤ ਰਾਮ, ਸਾਗਰ ਸਿੰਘ, ਮਲਕੀਤ ਸਿੰਘ, ਜਸਪਾਲ ਸਿੰਘ, ਸੁਧੀਰ, ਹਨੀ, ਰਾਣੀ, ਹਰਜਿੰਦਰ ਕੌਰ, ਗਗਨਦੀਪ ਕਰਮੀ ਅਤੇ ਹੋਰ ਹਾਜ਼ਰ ਸਨ।

ਗੁਰੂ ਗੋਬਿੰਦ ਸਿੰਘ ਸਕੂਲ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ) ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਕਰਾਟੇ ਅਤੇ ਤਾਈਕਵਾਂਡੋ ਦੇ ਵਿਦਿਅਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ, ਜੋ ਕਿ ਰੂਪਨਗਰ ਦੇ ਗਾਂਧੀ ਸਕੂਲ ਵਿਖੇ ਕਰਵਾਏ ਗਏ ਸਨ, ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਦੀ ਪ੍ਰਿੰਸੀਪਲ ਸੁਖਵਿੰਦਰ ਕੌਰ ਅਤੇ ਅਧਿਆਪਕ ਵੀਰੇਂਦਰ ਸਿੰਘ ਨੇ ਦੱਸਿਆ ਕਿ ਕਰਾਟੇ ਦੇ ਮੁਕਾਬਲਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਵਿੱਚੋਂ ਅੰਡਰ-30 ਕਿੱਲੋ ਭਾਰ ਵਿਚ ਗੁਰਸਿਮਰਨ ਸਿੰਘ ਨੇ ਸੋਨੇ ਦਾ ਤਗਮਾ ਅਤੇ ਅਭਿਜੋਤ ਸਿੰਘ, ਗੁਰਵੀਰ ਸਿੰਘ, ਅਵਨੀਤ ਸਿੰਘ ਅਤੇ ਕਿਰਤਜੋਤ ਸਿੰਘ ਨੇ ਕਾਂਸੀ ਦੇ ਤਗਮੇ ਹਾਸਲ ਕੀਤੇ।ਇਸੇ ਤਰ੍ਹਾਂ ਤਾਇਕਵਾਂਡੋ ਵਿਚ ਏਕਨੂਰ, ਪਵਨਦੀਪ ਕੌਰ, ਸਿਮਰਨਜੋਤ ਕੌਰ, ਸੁਖਮਨ ਕੌਰ, ਨੂਰਦੀਪ ਕੌਰ ਅਤੇ ਹਰਜੋਤ ਕੌਰ ਨੇ ਸੋਨੇ ਦੇ ਤਗਮੇ ਤੇ ਤਜਿੰਦਰ ਕੌਰ, ਅਭੀਜੋਤ ਸਿੰਘ, ਮਨਸਾਹਿਬ ਸਿੰਘ, ਦੀਪਹਰਸ਼ ਸਿੰਘ, ਬਲਰਾਜ ਸਿੰਘ ਨੇ ਚਾਂਦੀ ਦੇ ਤਗਮੇ ਅਤੇ ਗਗਨਦੀਪ ਸਿੰਘ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ।ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਸੋਨੇ ਦੇ ਤਗਮੇ ਹਾਸਲ ਕਰਨ ਵਾਲੇ ਵਿਦਿਆਰਥੀ ਰਾਜ ਪੱਧਰੀ ਖੇਡਾਂ ਵਿਚ ਭਾਗ ਲੈਣਗੇ।ਉਕਤ ਜੇਤੂ ਵਿਦਿਆਰਥੀਆਂ ਦਾ ਸਕੂਲ ਪੁੱਜਣ 'ਤੇ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸੰਜੀਵ ਗਰਗ ਅਤੇ ਮਨਜਿੰਦਰ ਸਿੰਘ ਨੇ ਸਨਮਾਨ ਵੀ ਕੀਤਾ।ਇਸ ਮੌਕੇ ਸੁਰਿੰਦਰ ਪਾਲ ਸਿੰਘ, ਰਜਿੰਦਰ ਸਿੰਘ, ਵਰਿੰਦਰ ਸਿੰਘ, ਸਤੀਸ਼ ਕੁਮਾਰ, ਜਸਬੀਰ ਕੌਰ, ਅਮਨੀਤ ਕੌਰ, ਨਵਦੀਪ ਕੌਰ ਅਤੇ ਬਲਜੀਤ ਕੌਰ ਆਦਿ ਹਾਜ਼ਰ ਸਨ।

ਨੇਤਰਦਾਨ ਐਸੋਸੀਏਸ਼ਨ ਦੇ ਨੇਤਰਦਾਨ ਜਾਗਰੂਕਤਾ ਪੰਦਰਵਾੜੇ ਦੀ ਸ਼ੁਰੂਆਤ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ) ਕੈਬਿਨਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ 39ਵੇਂ ਰਾਸ਼ਟਰੀ ਨੇਤਰਦਾਨ ਜਾਗਰੂਕਤਾ ਪੰਦਰਵਾੜੇ ਤਹਿਤ ਨੇਤਰਦਾਨ ਐਸੋਸੀਏਸ਼ਨ ਸਿਵਲ ਹਸਪਤਾਲ ਹੁਸ਼ਿਆਰਪੁਰ ਦੇ ਨੇਤਰਦਾਨ ਜਾਗਰੂਕਤਾ ਮੁਹਿਮ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਨੇਤਰਦਾਨ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨੇਤਰਦਾਨ ਐਸੋਸੀਏਸ਼ਨ ਪਿਛਲੇ 25 ਸਾਲਾਂ ਤੋਂ ਨਿਰਸਵਾਸਥ ਸੇਵਾ ਕਰ ਰਹੀ ਹੈ। ਐਸੋਸੀਏਸ਼ਨ ਨੇ ਪੂਰੇ ਸੂਬੇ ਵਿਚ ਵੱਖ-ਵੱਖ ਸੈਮੀਨਾਰ ਅਤੇ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਨੇਤਰਦਾਨ ਦੇ ਪ੍ਰਤੀ ਜਾਗਰੂਕ ਕਰਨ ਦਾ ਮਹੱਤਵਪੂਰਨ ਕੰਮ ਕੀਤਾ ਹੈ।ਕੈਬਿਨਟ ਮੰਤਰੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਨੇਤਰਦਾਨ ਇਕ ਮਹਾਨ ਸੇਵਾ ਹੈ, ਜੋ ਕਿਸੇ ਦੀ ਦੁਨੀਆ ਨੂੰ ਰੋਸ਼ਨੀ ਨਾਲ ਭਰ ਸਕਦੀ ਹੈ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਕਾਰਨੀਅਲ ਬਲਾਇੰਡਨੈਸ ਤੋਂ ਮੁਕਤ ਕਰਨ ਲਈ ਸਾਨੂੰ ਸਾਰਿਆਂ ਨੂੰ ਨੇਤਰਦਾਨ ਪ੍ਰਤੀ ਜਾਗਰੂਕ ਹੋਣਾ ਅਤੇ ਦੂਸਰਿਆਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਛੋਟੀ ਜਿਹੀ ਪਹਿਲ ਕਿਸੇ ਦੇ ਜੀਵਨ ਵਿਚ ਵੱਡਾ ਪਰਿਵਰਤਨ ਲਿਆ ਸਕਦੀ ਹੈ।ਇਸ ਲਈ ਸਾਰੇ ਇਸ ਪੁੰਨ ਦੇ ਕੰਮ ਵਿਚ ਭਾਗੀਦਾਰ ਬਣਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਨੇਤਰਦਾਨ ਦੇ ਲਈ ਪ੍ਰੇਰਿਤ ਕਰਨ।

ਨੇਤਰਦਾਨ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋ. ਬਹਾਦਰ ਸਿੰਘ ਸੁਨੇਤ ਨੇ ਦੱਸਿਆ ਕਿ ਇਸ ਮੌਕੇ 'ਤੇ ਮੇਅਰ ਸੁਰਿੰਦਰ ਕੁਮਾਰ ਨੇ ਨੇਤਰਦਾਨ ਸੰਬੰਧੀ ਪ੍ਰਣ ਪੱਤਰ ਭਰਿਆ ਜਦਕਿ ਕੈਬਿਨਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਪਹਿਲਾਂ ਹੀ ਨੇਤਰਦਾਨ ਸੰਬੰਧੀ ਪ੍ਰਣ ਪੱਤਰ ਭਰ ਚੁੱਕੇ ਹਨ। ਪ੍ਰੋਗਰਾਮ ਵਿਚ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਪ੍ਰੋ. ਸੁਨੇਤ ਨੇ ਦੱਸਿਆ ਕਿ ਐਸੋਸੀਏਸ਼ਨ ਦਾ ਮੁੱਖ ਉਦੇਸ਼ ਦੇਸ਼ ਨੂੰ ਕਾਰਨੀਅਲ ਬਲਾਇੰਡਨੈਸ ਤੋਂ ਮੁਕਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਕਾਰਨੀਅਲ ਬਲਾਇੰਡਨੈਸ ਇਕ ਅਜਿਹੀ ਸਥਿਤੀ ਹੈ ਜਿਸ ਵਿਚ ਵਿਅਕਤੀ ਦੀ ਨਜ਼ਰ ਖਰਾਬ ਹੋ ਜਾਂਦੀ ਹੈ ਅਤੇ ਉਹ ਦੇਖਣ ਤੋਂ ਅਸਮਰੱਥ ਹੋ ਜਾਂਦਾ ਹੈ। ਇਸ ਸਥਿਤੀ ਨੂੰ ਸੁਧਾਰਨ ਲਈ ਨੇਤਰਦਾਨ ਇਕ ਮਹੱਤਵਪੂਰਨ ਯਤਨ ਹੈ।

ਪ੍ਰੋ. ਸੁਨੇਤ ਨੇ ਸਮਾਜ ਦੇ ਹਰੇਕ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਕਾਰਨੀਅਲ ਬਲਾਇੰਡਨੈਸ ਤੋਂ ਪੀੜਤ ਹੈ, ਤਾਂ ਉਹ ਨੇਤਰਦਾਨ ਐਸੋਸੀਏਸ਼ਨ ਸਰਕਾਰੀ ਹਸਪਤਾਲ ਹੁਸ਼ਿਆਰਪੁਰ ਵਿਚ ਸੰਪਰਕ ਕਰ ਸਕਦਾ ਹੈ। ਐਸੋਸੀਏਸ਼ਨ ਇਸ ਤਰ੍ਹਾਂ ਦੇ ਮਰੀਜ਼ਾਂ ਦੇ ਇਲਾਜ ਦਾ ਪੂਰਾ ਖਰਚਾ ਖੁਦ ਚੁੱਕੇਗੀ, ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਰੋਸ਼ਨੀ ਪ੍ਰਦਾਨ ਕੀਤੀ ਜਾ ਸਕੇ ਅਤੇ ਉਨ੍ਹਾਂ ਦੇ ਜੀਵਨ ਨੂੰ ਰੋਸ਼ਨੀ ਨਾਲ ਭਰਿਆ ਜਾ ਸਕੇ। ਇਸ ਮੌਕੇ ਸ਼ਹਿਰ ਦੇ ਮੇਅਰ ਸੁਰਿੰਦਰ ਕੁਮਾਰ, ਵਰਿੰਦਰ ਸ਼ਰਮਾ ਬਿੰਦੂ, ਬਲਜੀਤ ਸਿੰਘ ਪਨੇਸਰ, ਹਰਭਜਨ ਸਿੰਘ, ਸੰਤੋਸ਼ ਸੈਣੀ, ਹਰਵਿੰਦਰ ਸਿੰਘ, ਸਰਵਣ ਸਿੰਘ, ਹਰਵਿੰਦਰ ਕੌਰ ਅਤੇ ਡਾ. ਕ੍ਰਿਸ਼ਨ ਲਾਲ ਵਰਗੀਆਂ ਕਈ ਪ੍ਰਮੁੱਖ ਹਸਤੀਆਂ ਵੀ ਮੌਜੂਦ ਸਨ।

ਖੂਨਦਾਨ ਸੇਵਾ ਨੂੰ 22 ਸਾਲ ਸਮਰਪਿਤ ਰਹੀ ਸ਼ਖ਼ਸੀਅਤ ਨੂੰ ਕੀਤਾ ਸਿੱਜਦਾ

ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਬਜ਼ੁਰਗ ਸਮਾਜ ਸੇਵਿਕਾ ਸ੍ਰੀਮਤੀ ਸੁਸ਼ਮਾ ਸੈਣੀ ਨੇ ਕਰੀਬ 22 ਸਾਲ ਤੱਕ ਸਥਾਨਕ ਬੀ.ਡੀ.ਸੀ ਬਲੱਡ ਬੈਂਕ ਰਾਹੀਂ ਖੂਨਦਾਨ ਸੇਵਾਵਾਂ ਨਿਭਾਉਣ ਦਾ ਮਾਣ ਹਾਸਲ ਕੀਤਾ ਪਰ ਉਹ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ।ਉਹਨਾਂ ਦੇ ਹੋਣਹਾਰ ਸਪੁੱਤਰ ਸਚਿੱਨ ਸੈਣੀ ਆਪਣੇ ਪ੍ਰੀਵਾਰ ਸਮੇਤ ਆਸਟ੍ਰੇਲੀਆ ਤੋਂ ਉਹਨਾਂ ਦੀ ਪਹਿਲੀ ਬਰਸੀ 'ਤੇ ਉਹਨਾਂ ਨੂੰ ਸਿੱਜਦਾ ਕਰਨ ਪੁੱਜੇ।ਉਹਨਾਂ ਨੂੰ ਬੀ.ਡੀ.ਸੀ ਨਾਲ੍ਹ ਵਲੋਂ ਯਾਦਗਾਰੀ ਸਮਾਗਮ ਵਿੱਚ ਪ੍ਰੀਵਾਰ ਸਮੇਤ ਸ਼ਮੂਲੀਅਤ ਕਰਨ ਦੀ ਬੇਨਤੀ ਕੀਤੀ ਗਈ ਜੋ ਉਹਨਾਂ ਪ੍ਰਵਾਨ ਕੀਤੀ। ਇਸ ਮੌਕੇ ਮੈਡਮ ਸੁਸ਼ਮਾ ਸੈਣੀ ਦੀ ਯਾਦਗਾਰੀ ਤਸਵੀਰ ਅੱਗੇ ਫੁੱਲ ਅਰਪਣ ਕੀਤੇ ਗਏ ਉਪ੍ਰੰਤ ਤਸਵੀਰ ਨੂੰ ਨੂੰ ਭਵਨ ਦੇ ਮੁੱਖ ਹਾਲ ਵਿੱਚ ਸਥਾਪਤ ਕਰਨ ਦੀ ਰਸਮ ਅਦਾ ਕੀਤੀ ਗਈ ਤੇ ਉਹਨਾਂ ਦੁਆਰਾ ਨਿਭਾਈ ਗਈ ਸੇਵਾ ਨੂੰ ਯਾਦ ਕੀਤਾ ਗਿਆ। ਸਮਾਗਮ ਵਿੱਚ ਬੀ ਡੀ ਸੀ ਦੇ ਪ੍ਰਧਾਨ ਐਸ ਕੇ ਸਰੀਨ, ਸਕੱਤਰ ਜੇ ਐਸ ਗਿੱਦਾ, ਵਿੱਤ ਸਕੱਤਰ ਪ੍ਰਵੇਸ਼ ਕੁਮਾਰ, ਪੀ ਆਰ ਕਾਲ੍ਹੀਆ, ਨੋਬਲ ਸਰੀਨ, ਡਾ: ਅਜੇ ਬੱਗਾ, ਮਨਮੀਤ ਸਿੰਘ ਮੈਨੇਜਰ, ਰਾਜਿੰਦਰ ਠਾਕੁਰ, ਅਸ਼ੀਸ਼ ਕੁਮਾਰ, ਮਲਕੀਅਤ ਸਿੰਘ ਸੜੋਆ, ਅਨੀਤਾ ਕੁਮਾਰੀ, ਸੀਮਾ ਮਿਸ਼ਰਾ, ਮੁਕੇਸ਼ ਕਾਹਮਾ, ਪ੍ਰਿਅੰਕਾ ਕੌਸ਼ਲ, ਮੰਦਨਾ, ਸਚਿੱਨ ਸੈਣੀ, ਮੋਨੀਕਾ ਅਰੋੜਾ, ਸ਼ੁੱਭਨੀਤ ਸੈਣੀ , ਹਰੀਵੰਸ਼ ਤ